ਸ਼ਿਕਾਗੋ, ਅਮਰੀਕਾ ਤੋਂ ਪ੍ਰਕਾਸ਼ਿਤ

ਲੋਕ ਸਾਂਝ

— ਲੋਕਾਂ ਦੀ ਗੱਲ, ਲੋਕਾਂ ਦੇ ਨਾਲ —

ਸ਼ੁੱਕਰਵਾਰ, 10/30/2026	16 ਕੱਤਕ 558	ਸਾਲ 1	ਅੰਕ 38	ਰੋਜ਼ਾਨਾ ਪੰਜਾਬੀ ਅਖਬਾਰ	www.loksanjh.com

ਸੋਨਾ $3,907.80 ▼3.07% | ਚਾਂਦੀ $49.32 ▼5.84% | ਕੱਚਾ ਤੇਲ $103.95 ▲1.91% **ਨਿਰਪੱਖ ਖ਼ਬਰਾਂ • ਭਾਈਚਾਰੇ ਦੀ ਆਵਾਜ਼** Nasdaq 25,495 ▼2.63% | S&P 500 7,595 ▼1.63% | USD/INR ₹94.94 ▼0.28% | US 10Y 4.95% ▼0.88%

ਪੰਜਾਬ

ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ : ਡਾ. ਰਵਜੋਤ ਸਿੰਘ

ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਪਿੰਡ ਕੋਟਲੀ ਬਾਵਾ ਦਾਸ ਪਹੁੰਚ ਕੇ ਉੱਥੇ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਨਿਰੀਖਣ ਕਰਦਿਆਂ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਸਰਕਾਰ ਦਾ ਉਦੇਸ਼ ਪੇਂਡੂ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਦੇਣਾ ਅਤੇ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾ ਕੇ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਸੂਬੇ ਦੀ ਤਰੱਕੀ ਦਾ ਅਹਿਮ ਆਧਾਰ ਹੈ। ਇਸ ਲਈ ਪੇਂਡੂ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ, ਤਾਂ ਜੋ ਪਿੰਡਾਂ ਦੇ ਲੋਕਾਂ ਨੂੰ ਵੀ ਬਿਹਤਰ ਸਹੂਲਤਾਂ ਮਿਲ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਯੋਜਨਾਵਾਂ ਨੂੰ ਅੱਗੇ ਵਧਾ ਰਹੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਦਾ ਉਦੇਸ਼ ਉਨ੍ਹਾਂ ਦੀ ਪ੍ਰਗਤੀ 'ਤੇ ਨਜ਼ਰ ਰੱਖਣਾ ਅਤੇ ਇਹ ਯਕੀਨੀ ਬਣਾਉਣਾ ਹੈ।

ਪੰਜਾਬ

ਜਦੋਂ ਡੀ ਸੀ ਨੇ ਬੱਚਿਆਂ ਨੂੰ ਪੜ੍ਹਾਇਆ

ਮੈਂ ਆਪਣੇ ਵਿਦਿਆਰਥੀ ਜੀਵਨ ਵਿੱਚ ਸਿੱਖਿਆ ਦਾ ਸੁਨਹਿਰੀ ਯੁੱਗ ਵੇਖਿਆ ਹੈ। ਉਸ ਸਮੇਂ ਅਧਿਆਪਨ ਪੇਸ਼ਾ ਨਹੀਂ ਸਗੋਂ ਸੇਵਾ ਅਤੇ ਸਮਰਪਣ ਦੀ ਭਾਵਨਾ ਵਾਲਾ ਕਾਰਜ ਹੁੰਦਾ ਸੀ। ਆਪਣੇ ਨਾਲੋਂ ਬੱਚਿਆਂ ਦੇ ਭਵਿੱਖ ਦਾ ਜ਼ਿਆਦਾ ਫ਼ਿਕਰ ਹੁੰਦਾ ਸੀ।

ਸਾਡੇ ਸਕੂਲ ਦੇ ਮੁੱਖ ਅਧਿਆਪਕ ਸਰਦਾਰ ਗੁਰਚਰਨ ਸਿੰਘ ਵਿਰਕ ਗਿਆਨ, ਸੋਚ, ਪੜ੍ਹਾਉਣ ਦੇ ਢੰਗ, ਕਾਰਜ-ਸ਼ੈਲੀ ਤੇ ਲਿਆਕਤ ਪੱਖੋਂ ਵਿਲੱਖਣ ਸ਼ਖ਼ਸੀਅਤ ਸਨ। ਹੱਥ ਵਿੱਚ ਹਰ ਵੇਲੇ ਅਖ਼ਬਾਰ ਤੇ ਕਿਤਾਬ ਹੋਣੀ ਉਨ੍ਹਾਂ ਦੀ ਪੱਕੀ ਪਛਾਣ ਹੁੰਦੀ ਸੀ। ਜਦੋਂ ਸਰਕਾਰੀ ਸਕੂਲਾਂ ਵਿੱਚ ਲਾਇਬ੍ਰੇਰੀ ਦਾ ਰਿਵਾਜ ਨਹੀਂ ਸੀ, ਉਦੋਂ ਵਿਰਕ ਹੋਰਾਂ ਦੀ ਸਕੂਲ ਵਿੱਚ ਬਣਾਈ ਹੋਈ ਲਾਇਬ੍ਰੇਰੀ ਵੇਖਣ ਵਾਲੀ ਸੀ। ਉਨ੍ਹਾਂ ਨੂੰ ਖ਼ੁਦ ਕਿਤਾਬਾਂ ਪੜ੍ਹਨ ਦਾ ਕਾਫ਼ੀ ਸ਼ੌਕ ਹੁੰਦਾ ਸੀ ਅਤੇ ਉਹ ਆਪ ਸਕੂਲ ਲਾਇਬ੍ਰੇਰੀ ਲਈ ਕਿਤਾਬਾਂ ਖ਼ਰੀਦ ਕੇ ਲਿਆਉਂਦੇ ਸਨ। ਉਹ ਆਪਣੇ ਆਪ ਵਿੱਚ ਇੱਕ ਸੰਸਥਾ ਸਨ। ਉਨ੍ਹਾਂ ਦੇ ਕਾਰਜਕਾਲ ਵਿੱਚ ਸਾਡੇ ਸਕੂਲ ਦੀਆਂ ਕਬੱਡੀ ਤੇ ਵਾਲੀਬਾਲ ਟੀਮਾਂ ਕੌਮੀ ਪੱਧਰ ਤੱਕ ਖੇਡ ਕੇ ਆਈਆਂ ਸਨ। ਉਹ ਸਾਨੂੰ ਸੱਤਵੀਂ ਜਮਾਤ ਵਿੱਚ ਅੰਗਰੇਜ਼ੀ ਪੜ੍ਹਾਉਂਦੇ ਸਨ। ਉਨ੍ਹਾਂ ਨੇ ਸਕੂਲ ਦੀ ਸਮਾਂ-ਸਾਰਣੀ ਵਿੱਚ ਲਾਇਬ੍ਰੇਰੀ ਦਾ ਪੀਰੀਅਡ ਵੀ ਰਖਵਾਇਆ ਹੋਇਆ ਸੀ। ਉਹ ਲਾਇਬ੍ਰੇਰੀ ਵਿੱਚ ਜਾ ਕੇ ਬੱਚਿਆਂ ਨੂੰ ਪੁਸਤਕਾਂ ਵਿੱਚੋਂ ਪ੍ਰਸ਼ਨ ਵੀ ਪੁੱਛ ਲੈਂਦੇ ਸਨ ਤਾਂ ਜੋ ਪਤਾ ਲੱਗ ਸਕੇ ਕਿ ਬੱਚੇ ਪੁਸਤਕਾਂ ਪੜ੍ਹਦੇ ਵੀ ਹਨ ਜਾਂ ਨਹੀਂ। ਉਹ ਐੱਸ ਡੀ ਐੱਮ, ਡਿਪਟੀ ਕਮਿਸ਼ਨਰ, ਪੁਲੀਸ, ਫ਼ੌਜੀ ਅਫ਼ਸਰਾਂ ਅਤੇ ਹੋਰ ਉੱਚ ਅਧਿਕਾਰੀਆਂ ਨੂੰ ਸਕੂਲ ਵਿੱਚ ਬੁਲਾ ਕੇ ਉਨ੍ਹਾਂ ਨੂੰ ਬੱਚਿਆਂ ਨਾਲ ਮਿਲਵਾਉਂਦੇ ਰਹਿੰਦੇ ਸਨ। ਉਨ੍ਹਾਂ ਦਾ ਕਹਿਣਾ ਸੀ ਕਿ ਇਨ੍ਹਾਂ ਅਫ਼ਸਰਾਂ ਨੂੰ ਮਿਲ ਕੇ ਬੱਚਿਆਂ ਦੇ ਮਨਾਂ ਵਿੱਚ ਵੱਡੇ ਅਫ਼ਸਰ ਬਣਨ ਦੀ ਭਾਵਨਾ ਪੈਦਾ ਹੋ ਸਕਦੀ ਹੈ। ਇੱਕ ਵਾਰ ਸਾਡੇ ਸਕੂਲ ਦੀ ਜਾਂਚ (ਇੰਸਪੈਕਸ਼ਨ) ਲਈ ਵਿਭਾਗ ਦੇ ਡਾਇਰੈਕਟਰ ਆ ਗਏ। ਉਹ ਸਕੂਲ ਦੀ ਲਾਇਬ੍ਰੇਰੀ, ਅਧਿਆਪਕਾਂ ਦੀ ਮਿਹਨਤ, ਸਕੂਲ ਦੀਆਂ ਪ੍ਰਾਪਤੀਆਂ ਅਤੇ ਬੱਚਿਆਂ ਦਾ ਗਿਆਨ ਵੇਖ ਕੇ ਬਹੁਤ ਪ੍ਰਭਾਵਿਤ ਹੋਏ। ਉਨ੍ਹਾਂ ਨੇ ਵਿਰਕ ਸਾਹਿਬ ਨੂੰ ਕਿਹਾ, ਤੁਸੀਂ ਇਹ ਦੱਸੋ ਕਿ ਮੈਂ ਤੁਹਾਡੇ ਸਕੂਲ ਲਈ ਕੀ ਕਰ ਸਕਦਾ ਹਾਂ?" ਵਿਰਕ ਸਾਹਿਬ ਨੇ ਅੱਗੋਂ ਕਿਹਾ, ਜੇਕਰ ਹੋ ਸਕੇ ਤਾਂ ਸਕੂਲ ਲਈ ਕਮਰੇ ਤੇ ਲਾਇਬ੍ਰੇਰੀਅਨ ਦੀ ਆਸਾਮੀ ਦੇ ਦਿਓ।" ਡਾਇਰੈਕਟਰ ਨੇ ਸਕੂਲ ਨੂੰ ਕਮਰੇ ਅਤੇ ਲਾਇਬ੍ਰੇਰੀਅਨ ਦੀ ਆਸਾਮੀ ਦੋਵੇਂ ਦੇ ਦਿੱਤੇ।

ਸ੍ਰੀ ਵਿਰਕ ਸਾਡੀ ਦਸਵੀਂ ਦੀ ਜਮਾਤ ਨੂੰ ਅੰਗਰੇਜ਼ੀ ਦਾ ਵਿਸ਼ਾ ਪੜ੍ਹਾਉਂਦੇ ਸਨ। ਘੰਟੀ ਵੱਜਣ ਤੋਂ ਬਾਅਦ ਉਨ੍ਹਾਂ ਦੇ ਜਮਾਤ ਵਿੱਚ ਆਉਣ ਤੋਂ ਪਹਿਲਾਂ ਸਕੂਲ ਦਾ ਚਪੜਾਸੀ ਉਨ੍ਹਾਂ ਦਾ ਚਾਕ ਦਾ ਡੱਬਾ, ਕਿਤਾਬ ਅਤੇ ਐਨਕ ਸਾਡੀ ਜਮਾਤ ਵਿੱਚ ਰੱਖ ਕੇ ਜਾਂਦਾ ਸੀ।

ਜਦੋਂ ਡੀ ਸੀ ਨੇ ਬੱਚਿਆਂ ਨੂੰ ਪੜ੍ਹਾਇਆ (ਜਾਰੀ)

ਘੰਟੀ ਖ਼ਤਮ ਹੋਣ ਮਗਰੋਂ ਚਪੜਾਸੀ ਉਨ੍ਹਾਂ ਦੇ ਹੱਥ ਧੁਆਉਂਦਾ ਤੇ ਉਨ੍ਹਾਂ ਦਾ ਸਾਮਾਨ ਚੁੱਕ ਕੇ ਦਫ਼ਤਰ ਵਿੱਚ ਲੈ ਕੇ ਜਾਂਦਾ ਸੀ। ਸਕੂਲ ਵਿੱਚ ਕੋਈ ਵੀ ਆ ਜਾਵੇ, ਉਹ ਕਲਾਸ ਛੱਡ ਕੇ ਨਹੀਂ ਜਾਂਦੇ ਸਨ। ਚਪੜਾਸੀ ਨੂੰ ਇਹ ਆਦੇਸ਼ ਸੀ ਕਿ ਘੰਟੀ ਖ਼ਤਮ ਹੋਣ ਤੱਕ ਉਨ੍ਹਾਂ ਨੂੰ ਕੋਈ ਬੁਲਾਉਣ ਲਈ ਨਹੀਂ ਆਵੇਗਾ। ਜਦੋਂ ਵੀ ਕੋਈ ਵਿਅਕਤੀ ਉਨ੍ਹਾਂ ਨੂੰ ਮਿਲਣ ਆਉਂਦਾ ਤਾਂ ਚਪੜਾਸੀ ਉਸ ਨੂੰ ਉਡੀਕ ਕਰਨ ਲਈ ਕਹਿੰਦਾ ਸੀ। ਪੰਜਾਬ ਦੇ ਮੁੱਖ ਸਕੱਤਰ ਦੇ ਅਹੁਦੇ ਤੋਂ ਸੇਵਾਮੁਕਤ ਹੋਏ ਸ੍ਰੀ ਰਾਜਨ ਕਸ਼ਯਪ ਸਾਡੇ ਜ਼ਿਲ੍ਹੇ ਰੂਪਨਗਰ ਦੇ ਡਿਪਟੀ ਕਮਿਸ਼ਨਰ ਰਹੇ ਸਨ। ਉਹ ਜਲੰਧਰ ਦੇ ਰਹਿਣ ਵਾਲੇ ਸਨ। ਇੱਕ ਦਿਨ ਉਹ ਰੂਪਨਗਰ ਤੋਂ ਜਲੰਧਰ ਸਾਡੇ ਪਿੰਡ ਵਾਲੇ ਰਸਤੇ ਤੋਂ ਜਾ ਰਹੇ ਸਨ। ਪਤਾ ਨਹੀਂ ਡਿਪਟੀ ਕਮਿਸ਼ਨਰ ਦੇ ਮਨ ਵਿੱਚ ਕੀ ਆਇਆ, ਉਹ ਜਲੰਧਰ ਜਾਂਦੇ-ਜਾਂਦੇ ਸਾਡੇ ਸਕੂਲ ਵਿੱਚ ਆ ਵੜੇ। ਉਨ੍ਹਾਂ ਨੇ ਚਪੜਾਸੀ ਨੂੰ ਪੁੱਛਿਆ, "ਹੈੱਡਮਾਸਟਰ ਸਾਹਿਬ ਕਿੱਥੇ ਹਨ?" ਚਪੜਾਸੀ ਨੇ ਕਿਹਾ, ਉਹ ਦਸਵੀਂ ਜਮਾਤ ਵਿੱਚ ਪੜ੍ਹਾ ਰਹੇ ਹਨ, ਪੀਰੀਅਡ ਖ਼ਤਮ ਹੋਣ 'ਤੇ ਹੀ ਆਉਣਗੇ।" ਡਿਪਟੀ ਕਮਿਸ਼ਨਰ ਦੇ ਪੀ ਏ ਨੇ ਕਿਹਾ, "ਸਾਹਿਬ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹਨ, ਹੈੱਡਮਾਸਟਰ ਸਾਹਿਬ ਨੂੰ ਹੁਣੇ ਦਫ਼ਤਰ ਵਿੱਚ ਬੁਲਾ ਕੇ ਲਿਆਓ।" ਚਪੜਾਸੀ ਅੱਗੋਂ ਬੋਲਿਆ, "ਸਾਨੂੰ ਸਾਹਿਬ ਦੇ ਸਖ਼ਤ ਹੁਕਮ ਹਨ ਕਿ ਜਮਾਤ ਪੜ੍ਹਾਉਂਦੇ ਹੋਏ ਉਨ੍ਹਾਂ ਨੂੰ ਨਹੀਂ ਬੁਲਾਉਣਾ। ਮਾਫ਼ ਕਰਨਾ, ਮੈਂ ਉਨ੍ਹਾਂ ਨੂੰ ਜਮਾਤ ਵਿੱਚੋਂ ਨਹੀਂ ਬੁਲਾ ਸਕਦਾ।"

ਡਿਪਟੀ ਕਮਿਸ਼ਨਰ ਦਾ ਪੀ ਏ ਕੁਝ ਬੋਲਣ ਹੀ ਲੱਗਿਆ ਸੀ ਕਿ ਡਿਪਟੀ ਕਮਿਸ਼ਨਰ ਨੇ ਉਸ ਨੂੰ ਰੋਕਦਿਆਂ ਕਿਹਾ, ਘੰਟੀ ਖ਼ਤਮ ਹੋ ਲੈਣ ਦਿਓ।" ਏਨੇ ਨੂੰ ਸਕੂਲ ਦੇ ਇੱਕ ਸੀਨੀਅਰ ਅਧਿਆਪਕ ਅਤੇ ਕਲਰਕ ਨੇ ਡਿਪਟੀ ਕਮਿਸ਼ਨਰ ਨੂੰ ਬੇਨਤੀ ਕਰਦੇ ਹੋਏ ਕਿਹਾ, ਸਰ ਹੁਣੇ ਹੀ ਆ ਜਾਂਦੇ ਹਨ।" ਡਿਪਟੀ ਕਮਿਸ਼ਨਰ ਹੋਰਾਂ ਨੇ ਅੱਗੋਂ ਕਿਹਾ, "ਮੈਂ ਹੈੱਡਮਾਸਟਰ ਸਾਹਿਬ ਨਾਲ ਹੀ ਚਾਹ ਦਾ ਕੱਪ ਪੀਵਾਂਗਾ, ਉਨ੍ਹਾਂ ਨੂੰ ਆ ਲੈਣ ਦਿਓ।" ਇੰਨੀ ਗੱਲ ਕਹਿ ਕੇ ਡਿਪਟੀ ਕਮਿਸ਼ਨਰ ਹੋਰੀਂ ਦਸਵੀਂ ਜਮਾਤ ਦੇ ਦੂਜੇ ਸੈਕਸ਼ਨ ਵਿੱਚ ਚਲੇ ਗਏ।

ਉਸ ਜਮਾਤ ਦੀ ਸਾਇੰਸ ਵਿਸ਼ੇ ਦਾ ਪੀਰੀਅਡ ਸੀ। ਡਿਪਟੀ ਕਮਿਸ਼ਨਰ ਨੇ ਜਮਾਤ ਵਿੱਚ ਪੜ੍ਹਾ ਰਹੇ ਅਧਿਆਪਕ ਤੋਂ ਕੁਝ ਪੁੱਛਣ ਮਗਰੋਂ ਉਸ ਨੂੰ ਕਿਹਾ, "ਤੁਸੀਂ ਬੈਠੋ, ਮੈਂ ਬੱਚਿਆਂ ਨੂੰ ਪੜ੍ਹਾਉਂਦਾ ਹਾਂ।" ਡਿਪਟੀ ਕਮਿਸ਼ਨਰ ਤੋਂ ਪੜ੍ਹ ਕੇ ਬੱਚੇ ਬਹੁਤ ਖ਼ੁਸ਼ ਹੋਏ। ਪੀਰੀਅਡ ਖ਼ਤਮ ਹੋਣ 'ਤੇ ਵਿਰਕ ਹੋਰੀਂ ਵੀ ਆਪਣੇ ਦਫ਼ਤਰ ਵਿੱਚ ਆ ਗਏ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਨੂੰ ਕਿਹਾ, "ਸਰ, ਮੈਂ ਮਾਫ਼ੀ ਚਾਹਾਂਗਾ, ਮੈਂ ਆਪਣਾ ਪੀਰੀਅਡ ਛੱਡ ਕੇ ਨਹੀਂ ਆਉਂਦਾ।" ਡਿਪਟੀ ਕਮਿਸ਼ਨਰ ਨੇ ਅੱਗੋਂ ਕਿਹਾ, "ਹੈੱਡਮਾਸਟਰ ਸਾਹਿਬ, ਕਿੰਨਾ ਚੰਗਾ ਹੁੰਦਾ ਜੇਕਰ ਮੈਂ ਤੁਹਾਡੇ ਜਿਹੇ ਸਮਰਪਿਤ ਅਧਿਆਪਕ ਪਾਸ ਪੜ੍ਹਿਆ ਹੁੰਦਾ! ਅੱਜ ਮੈਨੂੰ ਆਪਣਾ ਵਿਦਿਆਰਥੀ ਜੀਵਨ ਯਾਦ ਆ ਗਿਆ।" ਵਿਰਕ ਹੋਰਾਂ ਨੇ ਅੱਗੋਂ ਕਿਹਾ, ਸਾਡੇ ਸਕੂਲ ਦੀ ਇਮਾਰਤ ਬਣ ਰਹੀ ਹੈ, ਸਾਨੂੰ ਸੀਮਿੰਟ ਦੇ ਪਰਮਿਟ ਦੀ ਸਮੱਸਿਆ ਹੈ, ਕਿਰਪਾ ਕਰਕੇ ਇਹ ਹੱਲ ਕਰ ਦਿਓ।" ਪੀ ਏ ਨੇ ਵਿਰਕ ਹੋਰਾਂ ਨੂੰ ਇੱਕ ਚਿੱਠੀ ਦਿੰਦੇ ਹੋਏ ਕਿਹਾ, "ਤੁਸੀਂ ਇਹ ਚਿੱਠੀ ਵਿਖਾ ਕੇ ਸੀਮਿੰਟ ਲੈ ਸਕਦੇ ਹੋ।" ਉਸ ਦਿਨ ਤੋਂ ਬਾਅਦ ਡਿਪਟੀ ਕਮਿਸ਼ਨਰ ਸਾਡੇ ਸਕੂਲ ਵਿੱਚ ਕਈ ਵਾਰ ਆਏ।

ਖੇਡਾਂ

ਹਾਰੇ ਹੋਏ ਮੈਚ 'ਚ ਅਰਸ਼ਦੀਪ ਸਿੰਘ ਨੇ ਤੋੜਿਆ ਆਇਰਿਸ਼ ਗੇਂਦਬਾਜ਼ ਜੋਸ਼ੂਆ ਲਿਟਲ ਦਾ ਰਿਕਾਰਡ

ਕੀਵੀ ਕਪਤਾਨ ਨੂੰ ਆਊਟ ਕਰਨ ਦੇ ਨਾਲ ਹੀ, ਅਰਸ਼ਦੀਪ 2026 ਵਿੱਚ 40 ਵਿਕਟਾਂ ਦੇ ਅੰਕੜੇ ਤੱਕ ਪਹੁੰਚ ਗਿਆ ਹੈ। ਇਸ ਤੋਂ ਪਹਿਲਾਂ, ਇਹ ਵਿਸ਼ਵ ਰਿਕਾਰਡ ਆਇਰਿਸ਼ ਤੇਜ਼ ਗੇਂਦਬਾਜ਼ ਜੋਸ਼ੂਆ ਲਿਟਲ ਦੇ ਨਾਂ ਸੀ, ਜਿਸ ਨੇ 2022 ਵਿੱਚ 39 ਵਿਕਟਾਂ ਲਈਆਂ ਸਨ। ਅਰਸ਼ਦੀਪ ਨੇ ਹੁਣ 2026 ਵਿੱਚ ਹੁਣ ਤੱਕ 40 ਵਿਕਟਾਂ ਲੈ ਕੇ ਉਸ ਰਿਕਾਰਡ ਨੂੰ ਤੋੜ ਦਿੱਤਾ ਹੈ। ਇਸ ਲੜੀ ਵਿੱਚ ਖੇਡੇ ਗਏ 4 ਮੈਚਾਂ ਦੌਰਾਨ, ਅਰਸ਼ਦੀਪ ਸਿੰਘ ਨੇ 5 ਵਿਕਟਾਂ ਲਈਆਂ ਹਨ—ਜੋ ਕਿ ਕਿਸੇ ਵੀ ਭਾਰਤੀ ਖਿਡਾਰੀ ਦੁਆਰਾ ਲਈਆਂ ਗਈਆਂ ਸਭ ਤੋਂ ਵੱਧ ਵਿਕਟਾਂ ਹਨ—ਅਤੇ ਇਸ ਦੌਰਾਨ ਉਸਦੀ ਇਕਾਨਮੀ ਰੇਟ 9.30 ਰਹੀ ਹੈ।

ਹਾਰੇ ਹੋਏ ਮੈਚ 'ਚ ਅਰਸ਼ਦੀਪ ਸਿੰਘ ਨੇ ਤੋੜਿਆ ਆਇਰਿਸ਼ ਗੇਂਦਬਾਜ਼ ਜੋਸ਼ੂਆ ਲਿਟਲ ਦਾ ਰਿਕਾਰਡ (ਜਾਰੀ)

ਦੌੜਾਂ ਦੇ ਇੱਕ 'ਤੂਫ਼ਾਨ' ਨੇ ਭਾਰਤ ਦੇ ਹਰ ਗੇਂਦਬਾਜ਼ ਨੂੰ ਰੋੜ੍ਹ ਦਿੱਤਾ; ਭਾਰਤ ਦੇ ਸਟਾਰ ਤੇਜ਼ ਗੇਂਦਬਾਜ਼ ਅਰਸ਼ਦੀਪ ਸਿੰਘ ਨੇ ਨਾ ਸਿਰਫ਼ ਬਹੁਤ ਵਧੀਆ ਨਿਯੰਤਰਣ ਨਾਲ ਗੇਂਦਬਾਜ਼ੀ ਕੀਤੀ, ਸਗੋਂ ਦੋ ਵਿਕਟਾਂ ਵੀ ਹਾਸਲ ਕੀਤੀਆਂ ਅਤੇ ਇੱਕ ਨਵਾਂ ਇਤਿਹਾਸ ਰਚ ਦਿੱਤਾ। ਖੱਬੇ ਹੱਥ ਦੇ ਇਸ ਤੇਜ਼ ਗੇਂਦਬਾਜ਼ ਨੇ ਚੌਥੇ ਟੀ-20 ਅੰਤਰਰਾਸ਼ਟਰੀ ਮੈਚ ਵਿੱਚ ਦੋ ਅਹਿਮ ਮੁਕਾਮ ਹਾਸਲ ਕੀਤੇ ਅਤੇ ਇਸ ਦੇ ਨਾਲ ਹੀ ਇੱਕ ਵਿਸ਼ਵ ਰਿਕਾਰਡ ਵੀ ਕਾਇਮ ਕੀਤਾ। ਅਰਸ਼ਦੀਪ ਸਿੰਘ ਹੁਣ ਟੈਸਟ ਖੇਡਣ ਵਾਲੇ ਦੇਸ਼ਾਂ ਵਿੱਚ ਇੱਕ ਕੈਲੰਡਰ ਸਾਲ ਦੌਰਾਨ ਸਭ ਤੋਂ ਵੱਧ ਟੀ-20 ਅੰਤਰਰਾਸ਼ਟਰੀ ਵਿਕਟਾਂ ਲੈਣ ਵਾਲੇ ਗੇਂਦਬਾਜ਼ ਬਣ ਗਏ ਹਨ।

ਕੀਵੀ ਕਪਤਾਨ ਨੂੰ ਆਊਟ ਕਰਕੇ, ਅਰਸ਼ਦੀਪ ਨੇ ਸਾਲ 2026 ਵਿੱਚ ਆਪਣੀਆਂ ਵਿਕਟਾਂ ਦੀ ਗਿਣਤੀ 40 ਤੱਕ ਪਹੁੰਚਾ ਦਿੱਤੀ। ਇਸ ਤੋਂ ਪਹਿਲਾਂ, ਇਹ ਵਿਸ਼ਵ ਰਿਕਾਰਡ ਆਇਰਲੈਂਡ ਦੇ ਤੇਜ਼ ਗੇਂਦਬਾਜ਼ ਜੋਸ਼ੂਆ ਲਿਟਲ ਦੇ ਨਾਂ ਸੀ, ਜਿਨ੍ਹਾਂ ਨੇ 2022 ਵਿੱਚ 39 ਵਿਕਟਾਂ ਲਈਆਂ ਸਨ। ਅਰਸ਼ਦੀਪ ਨੇ ਹੁਣ 2026 ਵਿੱਚ 40 ਵਿਕਟਾਂ ਲੈ ਕੇ ਉਸ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ ਹੈ। ਇਸ ਲੜੀ ਵਿੱਚ ਹੁਣ ਤੱਕ ਖੇਡੇ ਗਏ ਚਾਰ ਮੈਚਾਂ ਵਿੱਚ, ਅਰਸ਼ਦੀਪ ਸਿੰਘ ਭਾਰਤ ਲਈ ਸਭ ਤੋਂ ਵੱਧ ਵਿਕਟਾਂ ਲੈਣ ਵਾਲੇ ਗੇਂਦਬਾਜ਼ ਰਹੇ ਹਨ; ਉਨ੍ਹਾਂ ਨੇ 9.30 ਦੀ ਇਕਾਨਮੀ ਰੇਟ ਨਾਲ 5 ਵਿਕਟਾਂ ਹਾਸਲ ਕੀਤੀਆਂ ਹਨ।

ਆਕਲੈਂਡ ਦੇ ਮੈਦਾਨ 'ਤੇ, ਸਿਰਫ਼ ਅਰਸ਼ਦੀਪ ਕੋਲ ਹੀ 150 ਵਿਕਟਾਂ ਦੇ ਅੰਕੜੇ ਤੱਕ ਪਹੁੰਚਣ ਦਾ ਸੁਨਹਿਰੀ ਮੌਕਾ ਨਹੀਂ ਹੋਵੇਗਾ; ਨਿਊਜ਼ੀਲੈਂਡ ਦੇ ਕਪਤਾਨ ਅਤੇ ਸਟਾਰ ਸਪਿਨਰ ਮਿਸ਼ੇਲ ਸੈਂਟਨਰ ਕੋਲ ਵੀ ਇਹ ਮੌਕਾ ਹੋਵੇਗਾ। ਹੁਣ ਤੱਕ ਖੇਡੇ ਗਏ 141 ਟੀ-20 ਮੈਚਾਂ ਵਿੱਚ, ਸੈਂਟਨਰ ਨੇ 149 ਵਿਕਟਾਂ ਲਈਆਂ ਹਨ—ਜੋ ਕਿ ਅਰਸ਼ਦੀਪ ਦੀਆਂ ਵਿਕਟਾਂ ਦੀ ਗਿਣਤੀ ਦੇ ਬਿਲਕੁਲ ਬਰਾਬਰ ਹੈ।

ਅਰਸ਼ਦੀਪ ਸਿੰਘ ਕ੍ਰਿਕਟ ਵਿੱਚ ਭਾਰਤ ਦਾ ਸਭ ਤੋਂ ਭਰੋਸੇਮੰਦ ਨਾਮ ਬਣ ਗਿਆ ਹੈ। ਇੱਕ ਸਾਲ ਵਿੱਚ 40 ਵਿਕਟਾਂ ਲੈਣਾ ਇਹ ਦਰਸਾਉਂਦਾ ਹੈ ਕਿ ਕਿਸੇ ਵੀ ਬੱਲੇਬਾਜ਼ ਲਈ ਉਸ ਦੇ ਖਿਲਾਫ ਦੌੜਾਂ ਬਣਾਉਣਾ ਆਸਾਨ ਕੰਮ ਨਹੀਂ ਰਿਹਾ। ਨਵੀਂ ਗੇਂਦ ਨੂੰ ਸਵਿੰਗ ਕਰਨ ਅਤੇ ਪੁਰਾਣੀ ਗੇਂਦ ਨਾਲ ਆਪਣੀਆਂ ਵੱਖ-ਵੱਖ ਤਰ੍ਹਾਂ ਦੀਆਂ ਗੇਂਦਾਂ ਰਾਹੀਂ ਬੱਲੇਬਾਜ਼ਾਂ ਨੂੰ ਮੁਸ਼ਕਲ ਵਿੱਚ ਪਾਉਣ ਦੇ ਸਮਰੱਥ, ਅਰਸ਼ਦੀਪ ਨੂੰ ਦੁਨੀਆ ਦੇ ਸਭ ਤੋਂ ਵਧੀਆ ਗੇਂਦਬਾਜ਼ਾਂ ਵਿੱਚ ਗਿਣਿਆ ਜਾਂਦਾ ਹੈ। ਦੂਜੇ ਸਥਾਨ 'ਤੇ ਆਇਰਲੈਂਡ ਦੇ ਜੋਸ਼ ਲਿਟਲ ਹਨ, ਜਿਨ੍ਹਾਂ ਨੇ 2022 ਵਿੱਚ 39 ਵਿਕਟਾਂ ਲਈਆਂ ਸਨ। ਤੀਜੇ ਸਥਾਨ 'ਤੇ ਸ਼੍ਰੀਲੰਕਾ ਦੇ ਲੈੱਗ-ਸਪਿਨਰ ਵਨਿੰਦੂ ਹਸਰੰਗਾ ਹਨ, ਜਿਨ੍ਹਾਂ ਨੇ 2024 ਵਿੱਚ 38 ਵਿਕਟਾਂ ਹਾਸਲ ਕੀਤੀਆਂ। ਭੁਵਨੇਸ਼ਵਰ ਕੁਮਾਰ ਨੇ 2022 ਵਿੱਚ 37 ਵਿਕਟਾਂ ਲਈਆਂ ਸਨ।

ਇਸ ਸਫਲਤਾ ਦੇ ਨਾਲ, ਭਾਰਤੀ ਤੇਜ਼ ਗੇਂਦਬਾਜ਼ ਨੇ ਆਇਰਲੈਂਡ ਦੇ ਸਟਾਰ ਤੇਜ਼ ਗੇਂਦਬਾਜ਼ ਜੋਸ਼ ਲਿਟਲ ਦੁਆਰਾ 2022 ਵਿੱਚ ਬਣਾਏ ਗਏ ਇੱਕ ਵੱਡੇ ਰਿਕਾਰਡ ਦੀ ਬਰਾਬਰੀ ਕਰ ਲਈ ਹੈ। ਜੋਸ਼ ਲਿਟਲ ਨੇ ਉਸ ਸਾਲ 26 ਮੈਚਾਂ ਵਿੱਚ ਕੁੱਲ 39 ਵਿਕਟਾਂ ਲਈਆਂ ਸਨ; ਹੁਣ, ਅਰਸ਼ਦੀਪ ਸਿੰਘ ਨੇ ਵੀ 'ਫ਼ੁੱਲ ਮੈਂਬਰ' (ਪੂਰਨ ਮੈਂਬਰ) ਦੇਸ਼ਾਂ ਦੀ ਸੂਚੀ ਵਿੱਚ, 2026 ਦੇ ਆਪਣੇ 30ਵੇਂ ਮੈਚ ਦੌਰਾਨ ਇਸ ਸ਼ਾਨਦਾਰ ਮੁਕਾਮ ਨੂੰ ਹਾਸਲ ਕਰ ਲਿਆ ਹੈ।

ਭਾਵੇਂ ਨਿਊਜ਼ੀਲੈਂਡ ਦੌਰੇ ਦੌਰਾਨ ਗੇਂਦਬਾਜ਼ਾਂ ਦੀ ਕਾਫ਼ੀ ਖ਼ਰਾਬ ਹਾਲਤ ਹੋ ਰਹੀ ਹੈ, ਪਰ ਅਰਸ਼ਦੀਪ ਸਿੰਘ ਲਗਾਤਾਰ ਰਿਕਾਰਡ ਬਣਾ ਰਹੇ ਹਨ। ਇਸ ਖੱਬੇ ਹੱਥ ਦੇ ਤੇਜ਼ ਗੇਂਦਬਾਜ਼ ਨੇ ਟੀ-20 ਅੰਤਰਰਾਸ਼ਟਰੀ ਕ੍ਰਿਕਟ ਵਿੱਚ 150 ਵਿਕਟਾਂ ਲੈਣ ਦਾ ਮੁਕਾਮ ਹਾਸਲ ਕਰ ਲਿਆ ਹੈ—ਅਤੇ ਉਹ ਅਜਿਹਾ ਕਰਨ ਵਾਲੇ ਪਹਿਲੇ ਭਾਰਤੀ ਗੇਂਦਬਾਜ਼ ਬਣ ਗਏ ਹਨ। ਅਰਸ਼ਦੀਪ ਦੁਨੀਆ ਦੇ ਅੱਠਵੇਂ ਅਜਿਹੇ ਗੇਂਦਬਾਜ਼ ਵੀ ਬਣ ਗਏ ਹਨ ਜਿਨ੍ਹਾਂ ਨੇ ਟੀ-20 ਅੰਤਰਰਾਸ਼ਟਰੀ ਮੈਚਾਂ ਵਿੱਚ 150 ਵਿਕਟਾਂ ਲਈਆਂ ਹਨ। ਇਸ ਤੋਂ ਇਲਾਵਾ, ਉਹ ਇਸ ਫਾਰਮੈਟ ਵਿੱਚ 150 ਵਿਕਟਾਂ ਤੱਕ ਪਹੁੰਚਣ ਵਾਲੇ ਤੀਜੇ ਸਭ ਤੋਂ ਤੇਜ਼ ਗੇਂਦਬਾਜ਼ (ਸੁੱਟੀਆਂ ਗਈਆਂ ਗੇਂਦਾਂ ਦੇ ਲਿਹਾਜ਼ ਨਾਲ) ਬਣ ਗਏ ਹਨ।

ਪੰਜਾਬ

ਪੰਜ ਨਵੰਬਰ ਨੂੰ ਸੰਗਰੂਰ 'ਚ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ

ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ,

ਅੱਜ ਦਾ ਹੁਕਮਨਾਮਾ

ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ • ਧਨਾਸਰੀ ਮਹਲਾ ੪ ॥ • ਅੰਗ 670

ਮੇਰੇ ਸਾਹਾ ਮੈ ਹਰਿ ਦਰਸਨ ਸੁਖੁ ਹੋਇ ॥ ਹਮਰੀ ਬੇਦਨਿ ਤੂ ਜਾਨਤਾ ਸਾਹਾ ਅਵਰੁ ਕਿਆ ਜਾਨੈ ਕੋਇ ॥ ਰਹਾਉ ॥ ਸਾਚਾ ਸਾਹਿਬੁ ਸਚੁ ਤੂ ਮੇਰੇ ਸਾਹਾ ਤੇਰਾ ਕੀਆ ਸਚੁ ਸਭੁ ਹੋਇ ॥ ਝੂਠਾ ਕਿਸ ਕਉ ਆਖੀਐ ਸਾਹਾ ਦੂਜਾ ਨਾਹੀ ਕੋਇ ॥੧॥ ਸਭਨਾ ਵਿਚਿ ਤੂ ਵਰਤਦਾ ਸਾਹਾ ਸਭਿ ਤੁਝਹਿ ਧਿਆਵਹਿ ਦਿਨੁ ਰਾਤਿ ॥ ਸਭਿ ਤੁਝ ਹੀ ਥਾਵਹੁ ਮੰਗਦੇ ਮੇਰੇ ਸਾਹਾ ਤੂ ਸਭਨਾ ਕਰਹਿ ਇਕ ਦਾਤਿ ॥੨॥ ਸਭੁ ਕੋ ਤੁਝ ਹੀ ਵਿਚਿ ਹੈ ਮੇਰੇ ਸਾਹਾ ਤੁਝ ਤੇ ਬਾਹਰਿ ਕੋਈ ਨਾਹਿ ॥ ਸਭਿ ਜੀਅ ਤੇਰੇ ਤੂ ਸਭਸ ਦਾ ਮੇਰੇ ਸਾਹਾ ਸਭਿ ਤੁਝ ਹੀ ਮਾਹਿ ਸਮਾਹਿ ॥੩॥ ਸਭਨਾ ਕੀ ਤੂ ਆਸ ਹੈ ਮੇਰੇ ਪਿਆਰੇ ਸਭਿ ਤੁਝਹਿ ਧਿਆਵਹਿ ਮੇਰੇ ਸਾਹ ॥ ਜਿਉ ਭਾਵੈ ਤਿਉ ਰਖੁ ਤੂ ਮੇਰੇ ਪਿਆਰੇ ਸਚੁ ਨਾਨਕ ਕੇ ਪਾਤਿਸਾਹ ॥੪॥੭॥੧੩॥

ਪੰਜ ਨਵੰਬਰ ਨੂੰ ਸੰਗਰੂਰ 'ਚ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ (ਜਾਰੀ)

ਨਸ਼ਿਆਂ ਦੇ ਵਧ ਰਹੇ ਰੁਝਾਨ ਨੂੰ ਠੱਲ੍ਹ ਪਾਉਣ, ਕਥਿਤ ਸਰਕਾਰੀ ਜ਼ਬਰ ਦੇ ਵਿਰੋਧ, ਗ੍ਰਿਫ਼ਤਾਰ ਆਗੂਆਂ ਦੀ ਰਿਹਾਈ ਅਤੇ ਮੋਰਚੇ ਦੀਆਂ ਸਾਰੀਆਂ ਮੰਗਾਂ ਦੀ ਪੂਰਤੀ ਲਈ ਪੰਜ ਨਵੰਬਰ ਨੂੰ ਸੰਗਰੂਰ ਵਿੱਚ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ ਕੀਤਾ ਗਿਆ ਹੈ। ਇਹ ਫ਼ੈਸਲਾ ਅੱਜ ਇੱਥੇ ਐਕਸ਼ਨ ਕਮੇਟੀ ਵੱਲੋਂ ਸੱਦੀ ਮੀਟਿੰਗ ਵਿੱਚ ਲਿਆ ਗਿਆ। ਚਾਰ ਘੰਟੇ ਚੱਲੀ ਮੀਟਿੰਗ ਵਿੱਚ ਸੌ ਤੋਂ ਵੱਧ ਕਿਸਾਨ, ਮਜ਼ਦੂਰ, ਵਿਦਿਆਰਥੀ ਅਤੇ ਹੋਰ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਏ।

ਮੀਟਿੰਗ ਦੌਰਾਨ ਆਗੂਆਂ ਨੇ ਪੰਜਾਬ ਵਿੱਚ ਨਸ਼ਿਆਂ ਦੀ ਵਧ ਰਹੀ ਮਾਰ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਏ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਿਆਂ ਕਾਰਨ ਘਰ ਉੱਜੜ ਰਹੇ ਹਨ, ਪਰ ਸਰਕਾਰ ਇਨਸਾਫ਼ ਮੰਗਦੇ ਲੋਕਾਂ ਦੀ ਗੱਲ ਸੁਣਨ ਦੀ ਥਾਂ ਉਨ੍ਹਾਂ ਖ਼ਿਲਾਫ਼ ਕਾਰਵਾਈਆਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੇ ਨਾਲ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਾਂਝੇ ਸੰਘਰਸ਼ ਦੀ ਲੋੜ ਹੈ।

ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਕਥਿਤ ਪੁਲੀਸ ਤਸ਼ੱਦਦ ਅਤੇ ਆਗੂਆਂ ਦੀਆਂ ਗ੍ਰਿਫ਼ਤਾਰੀਆਂ ਦੀ ਸਖ਼ਤ ਨਿਖੇਧੀ ਕਰਦਿਆਂ ਗ੍ਰਿਫ਼ਤਾਰ ਆਗੂਆਂ ਨੂੰ ਰਿਹਾਅ ਕਰਨ ਅਤੇ ਮੋਰਚੇ ਦੀਆਂ ਸਾਰੀਆਂ ਮੰਗਾਂ ਮੰਨਣ ਦੀ ਮੰਗ ਕੀਤੀ। ਮੀਟਿੰਗ ਵਿੱਚ ਪੰਜ ਨਵੰਬਰ ਨੂੰ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦੀਆਂ ਤਿਆਰੀਆਂ ਬਾਰੇ ਵਿਚਾਰ-ਚਰਚਾ ਕੀਤੀ ਗਈ ਅਤੇ ਇਸ ਵਿੱਚ ਵੱਖ-ਵੱਖ ਵਰਗਾਂ ਦੀ ਵਿਆਪਕ ਸ਼ਮੂਲੀਅਤ ਲਈ ਪੰਜਾਬ ਭਰ ਵਿੱਚ ਲਾਮਬੰਦੀ ਕਰਨ ਦਾ ਸੱਦਾ ਦਿੱਤਾ ਗਿਆ।

ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਬੋਘ ਸਿੰਘ ਮਾਨਸਾ, ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਕਾਕਾ ਸਿੰਘ ਕੋਟੜਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਦਰਸ਼ਨ ਪਾਲ, ਆਲ ਇੰਡੀਆ ਕਿਸਾਨ ਮਹਾਂ ਸਭਾ ਦੇ ਗੁਰਜੰਟ ਸਿੰਘ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਨਿਰਮਲ ਸਿੰਘ ਝੰਡੂਕੇ, ਕਿਰਤੀ ਕਿਸਾਨ ਯੂਨੀਅਨ ਦੇ ਨਿਰਭੈ ਸਿੰਘ ਢੁੱਡੀਕੇ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਧਨੇਰ) ਦੇ ਕੁਲਵੰਤ ਸਿੰਘ ਕਿਸ਼ਨਗੜ੍ਹ, ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸਿਕੰਦਰ ਸਿੰਘ ਘਰਾਗਣਾਂ, ਭਾਰਤੀ ਕਿਸਾਨ ਯੂਨੀਅਨ ਆਜ਼ਾਦ ਦੇ ਅਮਰਜੀਤ ਰੜਾ, ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਅਮਰਿੰਦਰ ਸਿੰਘ, ਨੌਜਵਾਨ ਭਾਰਤ ਸਭਾ ਦੇ ਕਰਮਜੀਤ ਮਾਣੂੰਕੇ, ਆਲ ਇੰਡੀਆ ਯੂਥ ਫੈਡਰੇਸ਼ਨ ਦੇ ਚਰਨਜੀਤ ਸਿੰਘ, ਵਪਾਰ ਮੰਡਲ ਮਾਨਸਾ ਦੇ ਮੁਨੀਸ਼ ਕੁਮਾਰ ਬੱਬੀ, ਸੀਟੂ ਦੇ ਤਰਸੇਮ ਸਿੰਘ ਜੋਧਾਂ ਤੇ ਕੁਲਵਿੰਦਰ ਸਿੰਘ ਉੱਡਤ, ਕਿਸਾਨ ਮਜ਼ਦੂਰ ਹਿੱਤਕਾਰੀ ਸਭਾ ਪੰਜਾਬ ਦੀ ਜਸਵੀਰ ਕੌਰ, ਸੀ ਪੀ ਆਈ ਦੇ ਕ੍ਰਿਸ਼ਨ ਚੌਹਾਨ, ਮੈਡੀਕਲ ਪ੍ਰੈਕਟੀਸ਼ਨਰਜ਼ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਵਾਰਿਸ ਪੰਜਾਬ ਦੇ ਪ੍ਰਗਟ ਸਿੰਘ ਵਿਰਕ, ਸਾਬਕਾ ਵਿਧਾਇਕ ਸੁਖਵਿੰਦਰ ਸਿੰਘ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਬੂਟਾ ਸਿੰਘ ਬੁਰਜ ਗਿੱਲ) ਦੇ ਮਹਿੰਦਰ ਸਿੰਘ ਭੈਣੀ, ਰਾਜਵਿੰਦਰ ਸਿੰਘ ਰਾਣਾ ਅਤੇ ਅਮਨ ਪਟਵਾਰੀ ਨੇ ਸੰਬੋਧਨ ਕੀਤਾ।

ਸਰੀ 'ਚ ਦੇਰ ਰਾਤ ਕਾਰ ਨੂੰ ਅੱਗ, ਬੱਸ 'ਤੇ ਵੀ ਸਪਰੇਅ ਪੇਂਟ—ਨਿੱਝਰ ਦੇ ਸਹਿਯੋਗੀ ਦੇ ਘਰ

ਵਿਸ਼ਵ

ਸਰੀ 'ਚ ਦੇਰ ਰਾਤ ਕਾਰ ਨੂੰ ਅੱਗ, ਬੱਸ 'ਤੇ ਵੀ ਸਪਰੇਅ ਪੇਂਟ—ਨਿੱਝਰ ਦੇ ਸਹਿਯੋਗੀ ਦੇ ਘਰ ਬਾਹਰ ਕੀ ਵਾਪਰਿਆ?

ਸਰੀ 'ਚ ਦੇਰ ਰਾਤ ਕਾਰ ਨੂੰ ਅੱਗ, ਬੱਸ 'ਤੇ ਵੀ ਸਪਰੇਅ ਪੇਂਟ—ਨਿੱਝਰ ਦੇ ਸਹਿਯੋਗੀ ਦੇ ਘਰ ਬਾਹਰ ਕੀ ਵਾਪਰਿਆ?

ਸਰੀ ਪੁਲਿਸ ਵੱਲੋਂ ਸਰੀ ਸੈਂਟਰਲ ਇਲਾਕੇ ਵਿੱਚ ਇੱਕ ਰਿਹਾਇਸ਼ ਦੇ ਬਾਹਰ ਖੜ੍ਹੀਆਂ ਗੱਡੀਆਂ ਨੂੰ ਨੁਕਸਾਨ ਪਹੁੰਚਾਉਣ ਅਤੇ ਇੱਕ ਗੱਡੀ ਨੂੰ ਅੱਗ ਲਗਾਉਣ ਦੀ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

ਇਹ ਗੱਡੀਆਂ 'ਸਿੱਖਸ ਫਾਰ ਜਸਟਿਸ' ਦੇ ਸਰਗਰਮ ਕਾਰਕੁਨ ਸ. ਨਰਿੰਦਰ ਸਿੰਘ ਦੀਆਂ ਸਨ, ਜੋ ਉਨ੍ਹਾਂ ਦੇ ਘਰ ਅੱਗੇ ਖੜ੍ਹੀਆਂ ਸਨ।

ਪੁਲਿਸ ਅਨੁਸਾਰ, 28 ਅਕਤੂਬਰ 2026 ਨੂੰ ਰਾਤ ਲਗਭਗ 11:45 ਵਜੇ, 91 ਐਵੇਨਿਊ ਅਤੇ145 ਸਟਰੀਟ ਲਾਗੇ ਇੱਕ ਰਿਹਾਇਸ਼ ਦੇ ਬਾਹਰ ਗੱਡੀ ਨੂੰ ਅੱਗ ਲੱਗਣ ਦੀ ਸੂਚਨਾ ਮਿਲੀ।

ਇਸੇ ਜਾਇਦਾਦ ਨਾਲ ਸਬੰਧਤ ਇੱਕ ਬੱਸ 'ਤੇ ਵੀ ਸਪਰੇਅ ਪੇਂਟ ਮਾਰਕੇ ਉਸ ਨੂੰ ਨੁਕਸਾਨ ਪਹੁੰਚਾਇਆ ਗਿਆ ਸੀ। ਪੁਲਿਸ ਦਾ ਮੰਨਣਾ ਹੈ ਕਿ ਬੱਸ ਦੀ ਭੰਨਤੋੜ ਕਰਨ ਅਤੇ ਗੱਡੀ ਨੂੰ ਅੱਗ ਲਾਉਣ ਤੋਂ ਬਾਅਦ ਸ਼ੱਕੀ ਵਿਅਕਤੀ ਪੈਦਲ ਹੀ ਮੌਕੇ ਤੋਂ ਫ਼ਰਾਰ ਹੋ ਗਿਆ।

ਜਾਂਚ ਅਜੇ ਮੁੱਢਲੇ ਪੜਾਅ 'ਤੇ ਹੈ। ਸਰੀ ਪੁਲਿਸ ਨੇ ਇਲਾਕੇ ਵਿੱਚ ਮੌਜੂਦ ਲੋਕਾਂ ਨੂੰ ਘਟਨਾ ਦੇ ਸਮੇਂ ਦੀ ਕੋਈ ਵੀ ਸੀਸੀਟੀਵੀ ਫੁਟੇਜ ਜਾਂ ਡੈਸ਼ਕੈਮ ਵੀਡੀਓ ਸਾਂਝੀ ਕਰਨ ਦੀ ਬੇਨਤੀ ਕੀਤੀ ਹੈ।

ਕੈਨੇਡਾ ਦੇ ਸੂਬੇ ਦੇ ਸਰੀ ਸ਼ਹਿਰ ਵਿੱਚ ਖ਼ਾਲਿਸਤਾਨ ਰੈਫਰੈਂਡਮ ਨਾਲ ਜੁੜੇ ਕਾਰਕੁਨ ਨਰਿੰਦਰ ਸਿੰਘ ਰੰਧਾਵਾ ਦੇ ਘਰ ਬਾਹਰ ਖੜ੍ਹੀ ਕਾਰ ਨੂੰ ਅੱਗ ਲਾਉਣ ਦੀ ਘਟਨਾ ਸਾਹਮਣੇ ਆਈ ਹੈ। ਉਸੇ ਥਾਂ ਖੜ੍ਹੀ ਬੱਸ ਉੱਤੇ ਵੀ ਕੀਤਾ ਗਿਆ। ਮੀਡੀਆ ਰਿਪੋਰਟਾਂ ਮੁਤਾਬਕ ਰੰਧਾਵਾ, ਹਰਦੀਪ ਸਿੰਘ ਨਿੱਝਰ ਦੇ ਸਹਿਯੋਗੀ ਰਹੇ ਹਨ ਅਤੇ ਬੱਸ "ਟੀਮ ਸ਼ਹੀਦ ਨਿੱਝਰ" ਨਾਲ ਜੁੜੀ ਦੱਸੀ ਗਈ ਹੈ।

ਘਟਨਾ ਬੁੱਧਵਾਰ, 28 ਅਕਤੂਬਰ 2026 ਦੀ ਦੇਰ ਰਾਤ ਵਾਪਰੀ।

ਮੌਕੇ 'ਤੇ ਪਹੁੰਚੇ ਅਧਿਕਾਰੀਆਂ ਨੇ ਕਾਰ ਨੂੰ ਅੱਗ ਦੀਆਂ ਲਪਟਾਂ ਵਿੱਚ ਘਿਰਿਆ ਦੇਖਿਆ। ਪੁਲਿਸ ਅਨੁਸਾਰ ਉੱਥੇ ਮੌਜੂਦ ਬੱਸ ਨੂੰ ਵੀ ਸਪਰੇਅ ਪੇਂਟ ਨਾਲ ਖ਼ਰਾਬ ਕੀਤਾ ਗਿਆ ਸੀ।

ਉਨ੍ਹਾਂ ਦੀ ਪਤਨੀ ਨੇ ਉੱਚੀ ਆਵਾਜ਼ ਸੁਣੀ ਅਤੇ ਬਾਹਰ ਦੇਖਣ 'ਤੇ ਕਾਰ ਨੂੰ ਅੱਗ ਲੱਗੀ ਹੋਈ ਮਿਲੀ। ਇਸ ਤੋਂ ਬਾਅਦ ਪੁਲਿਸ ਨੂੰ ਸੂਚਿਤ ਕੀਤਾ ਗਿਆ।

ਰੰਧਾਵਾ ਨੇ ਇਹ ਵੀ ਦਾਅਵਾ ਕੀਤਾ ਕਿ ਘਰ ਦੀ ਸੀਸੀਟੀਵੀ ਵਿੱਚ ਇੱਕ ਸ਼ੱਕੀ ਵਿਅਕਤੀ ਨਜ਼ਰ ਆਇਆ। ਉਨ੍ਹਾਂ ਮੁਤਾਬਕ ਉਸ ਨੇ ਕਾਰ ਨੂੰ ਅੱਗ ਲਾਉਣ ਤੋਂ ਪਹਿਲਾਂ ਉਸ ਦੀ ਖਿੜਕੀ ਤੋੜਨ ਦੀ ਕੋਸ਼ਿਸ਼ ਕੀਤੀ। ਇਹ ਵੇਰਵੇ ਰੰਧਾਵਾ ਦੇ ਬਿਆਨ 'ਤੇ ਆਧਾਰਿਤ ਹਨ।

ਜਾਂਚਕਰਤਾਵਾਂ ਨੂੰ ਸ਼ੱਕ ਹੈ ਕਿ ਬੱਸ ਨੂੰ ਨੁਕਸਾਨ ਪਹੁੰਚਾਉਣ ਅਤੇ ਕਾਰ ਨੂੰ ਅੱਗ ਲਾਉਣ ਤੋਂ ਬਾਅਦ ਇੱਕ ਸ਼ੱਕੀ ਵਿਅਕਤੀ ਪੈਦਲ ਭੱਜ ਗਿਆ।

ਪੁਲਿਸ ਨੇ 28 ਅਕਤੂਬਰ ਨੂੰ ਰਾਤ 11 ਵਜੇ ਤੋਂ ਅੱਧੀ ਰਾਤ ਵਿਚਕਾਰ 145 ਅਤੇ 91 ਨੇੜੇ ਮੌਜੂਦ ਲੋਕਾਂ ਤੋਂ ਜਾਣਕਾਰੀ ਮੰਗੀ ਹੈ। ਇਲਾਕੇ ਦੀ ਸੀਸੀਟੀਵੀ ਜਾਂ ਜਾਂਚ ਵਿੱਚ ਮਦਦ ਕਰ ਸਕਦੀ ਹੈ।

ਜਾਣਕਾਰੀ ਰੱਖਣ ਵਾਲੇ ਲੋਕ ਨਾਲ 604-599-0502 'ਤੇ ਸੰਪਰਕ ਕਰਕੇ ਫਾਈਲ ਨੰਬਰ 26-116977 ਦੱਸ ਸਕਦੇ ਹਨ।

ਮੁਤਾਬਕ ਨੇ ਕਿਹਾ ਹੈ ਕਿ ਰੰਧਾਵਾ ਨੂੰ ਅਪ੍ਰੈਲ ਵਿੱਚ ਪੁਲਿਸ ਵੱਲੋਂ " " ਨੋਟਿਸ ਮਿਲਿਆ ਸੀ। ਅਜਿਹਾ ਨੋਟਿਸ ਕਿਸੇ ਵਿਅਕਤੀ ਦੀ ਜਾਨ ਨੂੰ ਖ਼ਤਰੇ ਬਾਰੇ ਚਿਤਾਵਨੀ ਦੇਣ ਲਈ ਜਾਰੀ ਕੀਤਾ ਜਾਂਦਾ ਹੈ।

ਰਿਪੋਰਟਾਂ ਅਨੁਸਾਰ ਘਟਨਾ ਤੋਂ ਪਹਿਲਾਂ ਉਸੇ ਦਿਨ ਵੈਨਕੂਵਰ ਵਿੱਚ ਖ਼ਾਲਿਸਤਾਨ ਸਮਰਥਕ ਪ੍ਰਦਰਸ਼ਨ ਹੋਇਆ ਸੀ। ਹਾਲਾਂਕਿ ਪੁਲਿਸ ਨੇ ਇਸ ਪ੍ਰਦਰਸ਼ਨ ਅਤੇ ਅੱਗਜ਼ਨੀ ਵਿਚਕਾਰ ਕਿਸੇ ਸਬੰਧ ਦੀ ਪੁਸ਼ਟੀ ਨਹੀਂ ਕੀਤੀ।

ਇਹ ਸੰਗਠਨ ਦੀ ਮੰਗ ਹੈ; ਪੁਲਿਸ ਦੇ ਜਾਰੀ ਬਿਆਨ ਵਿੱਚ ਘਟਨਾ ਨੂੰ ਅਜਿਹੀ ਸ਼੍ਰੇਣੀ ਵਿੱਚ ਨਹੀਂ ਰੱਖਿਆ ਗਿਆ।

ਕਾਰ ਨੂੰ ਅੱਗ ਕਿਉਂ ਲਾਈ ਗਈ, ਸ਼ੱਕੀ ਕੌਣ ਸੀ ਅਤੇ ਕੀ ਇਸ ਦਾ ਰੰਧਾਵਾ ਦੀਆਂ ਸਰਗਰਮੀਆਂ ਨਾਲ ਕੋਈ ਸਬੰਧ ਸੀ—ਇਹ ਸਵਾਲ ਅਜੇ ਜਾਂਚ ਹੇਠ ਹਨ। ਉਪਲਬਧ ਪੁਲਿਸ ਬਿਆਨ ਵਿੱਚ ਕਿਸੇ ਵਿਅਕਤੀ, ਸੰਗਠਨ ਜਾਂ ਦੇਸ਼ ਨੂੰ ਜ਼ਿੰਮੇਵਾਰ ਨਹੀਂ ਠਹਿਰਾਇਆ ਗਿਆ।

ਨਿੱਝਰ ਦੇ ਸਹਿਯੋਗੀ ਦੀ ਕਾਰ ਨੂੰ ਅੱਗ—ਸਰੀ ਪੁਲਿਸ ਨੇ ਸੀਸੀਟੀਵੀ ਬਾਰੇ ਕੀ ਮੰਗਿਆ?

ਪੰਜਾਬ

ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਅਹੁਦੇਦਾਰਾਂ ਦੀ ਚੋਣ ਲਈ ਜਨਰਲ ਇਜਲਾਸ 20 ਨਵੰਬਰ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਸਾਲਾਨਾ ਚੋਣ ਵਾਸਤੇ ਸ਼੍ਰੋਮਣੀ ਕਮੇਟੀ ਦਾ ਜਨਰਲ ਇਜਲਾਸ 20 ਨਵੰਬਰ ਨੂੰ ਸੱਦਿਆ ਹੈ। ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਹੋਈ ਅੰਤਰਿੰਗ ਕਮੇਟੀ ਦੀ ਮੀਟਿੰਗ ਵਿਚ ਇਹ ਫੈਸਲਾ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦਾ ਇਹ ਜਨਰਲ ਇਜਲਾਸ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਸਥਿਤ ਸ. ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਦੁਪਹਿਰ 12:00 ਵਜੇ ਹੋਵੇਗਾ, ਜਿਸ ਵਿਚ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ, ਜਨਰਲ ਸਕੱਤਰ ਤੇ ਅੰਤ੍ਰਿੰਗ ਕਮੇਟੀ ਮੈਂਬਰਾਂ ਦੀ ਚੋਣ ਕੀਤੀ ਜਾਵੇਗੀ।

ਇਸ ਦੇ ਨਾਲ ਹੀ ਅੰਤਰਿੰਗ ਕਮੇਟੀ ਵੱਲੋਂ ਕਈ ਹੋਰ ਅਹਿਮ ਫੈਸਲੇ ਵੀ ਕੀਤੇ ਗਏ। ਜਿਸ ਤਹਿਤ ਪਾਸ ਕੀਤੇ ਗਏ ਇੱਕ ਮਤੇ ਰਾਹੀਂ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਪਰਵਿੰਦਰ ਸਿੰਘ ਦੇ ਕਤਲ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਪੰਜਾਬ ਵਿੱਚ ਵੱਧ ਰਿਹਾ ਨਸ਼ਿਆਂ ਦਾ ਵਰਤਾਰਾ ਵੱਡੀ ਚਿੰਤਾ ਵਾਲਾ ਹੈ, ਪਰ ਸਰਕਾਰ ਨਸ਼ਿਆਂ ਖ਼ਿਲਾਫ਼ ਕਾਰਵਾਈ ਦੀ ਥਾਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਖ਼ਿਲਾਫ਼ ਹੀ ਭੁਗਤ ਰਹੀ ਹੈ।

ਉਸ ਵੱਲੋਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਕੀਤੇ ਸੰਘਰਸ਼ ਅਤੇ ਇਸ ਮਕਸਦ ਲਈ ਦਿੱਤੀ ਸ਼ਹਾਦਤ ਨੂੰ ਸਦੀਵੀ ਯਾਦ ਰੱਖਣ ਦੇ ਉਦੇਸ਼ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੀ ਤਸਵੀਰ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸਥਾਪਤ ਕਰਨ ਨੂੰ ਅੰਤਰਿੰਗ ਕਮੇਟੀ ਨੇ ਪ੍ਰਵਾਨਗੀ ਦਿੱਤੀ।

ਅੰਤਰਿੰਗ ਕਮੇਟੀ ਨੇ ਬੀਤੇ ਦਿਨੀਂ ਮਾਨਸਾ ਵਿਖੇ ਨਸ਼ਿਆਂ ਵਿਰੁੱਧ ਚੱਲ ਰਹੇ ਸੰਘਰਸ਼ ਦੌਰਾਨ ਧਰਨੇ ਵਿਚ ਸ਼ਾਮਲ ਹੋਏ ਕਰੀਬ 40 ਨੌਜਵਾਨਾਂ ਵਿਰੁੱਧ ਪੁਲੀਸ ਵੱਲੋਂ ਐਫ.ਆਈ.ਆਰ. ਦਰਜ ਕਰਨ, ਕੁਝ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰਨ ਅਤੇ ਇਸ ਦੌਰਾਨ ਸਿੱਖਾਂ ਦੀਆਂ ਦਸਤਾਰਾਂ ਉਤਾਰਨ ਅਤੇ ਬੀਬੀਆਂ ਨਾਲ ਵਧੀਕੀ ਕੀਤੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।

ਇਸ ਸਬੰਧੀ ਮਤੇ ਵਿਚ ਅੰਤਰਿੰਗ ਕਮੇਟੀ ਵੱਲੋਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਗਈ ਕਿ ਨੌਜਵਾਨਾਂ ਵਿਰੁੱਧ ਦਰਜ ਕੀਤੀ ਗਈ ਐਫ.ਆਈ.ਆਰ. ਤੁਰੰਤ ਰੱਦ ਕੀਤੀ ਜਾਵੇ, ਗ੍ਰਿਫ਼ਤਾਰ ਕੀਤੇ ਨੌਜਵਾਨਾਂ ਨੂੰ ਬਿਨਾਂ ਦੇਰੀ ਰਿਹਾਅ ਕੀਤਾ ਜਾਵੇ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ ਨਸ਼ਿਆਂ ਦੇ ਕਾਰੋਬਾਰ ਵਿਚ ਸ਼ਾਮਲ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

ਇਸੇ ਤਰ੍ਹਾਂ ਰੋਸ ਵਜੋਂ ਲੱਗੇ ਧਰਨੇ ਵਿਚ ਸ਼ਾਮਲ ਹੋਣ ਗਏ ਨੌਜੁਆਨ ਮਨਪ੍ਰੀਤ ਸਿੰਘ ਦੀ ਪੋਸਟਰ ਉਤਾਰਦੇ ਸਮੇਂ ਕਰੰਟ ਲੱਗਣ ਨਾਲ ਹੋਈ ਮੌਤ 'ਤੇ ਦੁੱਖ ਜ਼ਾਹਿਰ ਕਰਦਿਆਂ ਉਸ ਦੇ ਪਰਿਵਾਰ ਨੂੰ ਢਾਈ ਲੱਖ ਰੁਪਏ ਦੀ ਵਿੱਤੀ ਸਹਾਇਤਾ ਦੇਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕੱਤਰਤਾ 'ਚ ਜੂਨ 1984 ਵਿਚ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਹਮਲੇ ਦੇ ਰੋਸ ਵਜੋਂ ਬਗ਼ਾਵਤ ਕਰਨ ਵਾਲੇ 479 ਸਿੱਖ ਧਰਮੀ ਫ਼ੌਜੀਆਂ ਨੂੰ 50-50 ਹਜ਼ਾਰ ਰੁਪਏ ਦੀ ਸਹਾਇਤਾ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ 3% ਮਹਿੰਗਾਈ ਭੱਤਾ ਦੇਣ ਦਾ ਵੀ ਫੈਸਲਾ ਕੀਤਾ ਗਿਆ।

ਵਿਸ਼ਵ

20 ਮਹੀਨਿਆਂ ਦੀ ਕਾਨੂੰਨੀ ਲੜਾਈ ਤੋਂ ਬਾਅਦ ਅਮਰੀਕਾ 'ਚ ਵਾਪਸ ਮਿਲੀ ਮਹਾਤਮਾ ਗਾਂਧੀ ਦੇ ਪੋਤੇ ਦੀ 30 ਏਕੜ ਜ਼ਮੀਨ; ਅਦਾਲਤ ਨੇ ਸੁਣਾਇਆ ਅਹਿਮ ਫੈਸਲਾ

ਦੱਖਣੀ ਗੁਜਰਾਤ ਵਿੱਚ ਆਪਣੀ ਜ਼ਿੰਦਗੀ ਦੇ ਆਖਰੀ ਸਾਲਾਂ ਦੌਰਾਨ ਉਨ੍ਹਾਂ ਨੇ ਇੱਕ ਚੈਰੀਟੇਬਲ ਟਰੱਸਟ ਬਣਾਇਆ ਅਤੇ ਆਪਣੀ ਜਾਇਦਾਦ ਉਸ ਦੇ ਹਵਾਲੇ ਕਰ ਦਿੱਤੀ। ਹੁਣ ਪਰਿਮਲ ਦੇਸਾਈ ਇਸ ਟਰੱਸਟ ਦੇ ਮੈਨੇਜਿੰਗ ਟਰੱਸਟੀ ਹਨ।

ਅਮਰੀਕਾ ਦੀ ਇੱਕ ਅਦਾਲਤ ਵਿੱਚ ਰਾਸ਼ਟਰਪਿਤਾ ਮਹਾਤਮਾ ਗਾਂਧੀ ਦੇ ਪੋਤੇ ਮਰਹੂਮ ਕਾਨੂ ਗਾਂਧੀ ਅਤੇ ਉਨ੍ਹਾਂ ਦੀ ਪਤਨੀ ਸ਼ਿਵਾ ਗਾਂਧੀ ਦੀ ਜ਼ਮੀਨ ਨੂੰ ਲੈ ਕੇ ਚੱਲ ਰਿਹਾ ਵਿਵਾਦ 20 ਮਹੀਨਿਆਂ ਦੀ ਕਾਨੂੰਨੀ ਲੜਾਈ ਤੋਂ ਬਾਅਦ ਸੁਲਝ ਗਿਆ ਹੈ।

ਕਾਨੂ ਗਾਂਧੀ ਪਰਿਵਾਰ ਦੀ ਇਸ ਜ਼ਮੀਨ 'ਤੇ ਵਰਜੀਨੀਆ ਦੇ ਇੱਕ ਵਿਅਕਤੀ ਦਾ ਕਥਿਤ ਤੌਰ 'ਤੇ ਨਾਜਾਇਜ਼ ਕਬਜ਼ਾ ਸੀ। ਹੁਣ ਅਮਰੀਕਾ ਦੀ ਇੱਕ ਅਦਾਲਤ ਨੇ ਕਾਨੂ ਗਾਂਧੀ ਪਰਿਵਾਰ ਦੇ ਹੱਕ ਵਿੱਚ ਫੈਸਲਾ ਸੁਣਾਉਂਦਿਆਂ ਵਰਜੀਨੀਆ ਦੇ ਇਸ ਵਿਅਕਤੀ ਨੂੰ ਕਬਜ਼ਾ ਹਟਾਉਣ ਦਾ ਹੁਕਮ ਦਿੱਤਾ ਹੈ।

ਵਾਪਸ ਮਿਲੀ 30 ਏਕੜ ਜ਼ਮੀਨ ਮਹਾਤਮਾ ਗਾਂਧੀ ਦੇ ਪੋਤੇ ਕੋਲ ਵਰਜੀਨੀਆ ਦੀ ਵਾਰਨ ਕਾਊਂਟੀ ਵਿੱਚ ਸ਼ੇਨੈਂਡੋਆ ਨੈਸ਼ਨਲ ਪਾਰਕ ਦੇ ਨਾਲ ਲੱਗਦੀ 30 ਏਕੜ ਜ਼ਮੀਨ ਸੀ। ਇਸੇ ਜ਼ਮੀਨ ਨੂੰ ਲੈ ਕੇ ਵਿਵਾਦ ਚੱਲ ਰਿਹਾ ਸੀ। ਗਾਂਧੀ ਜੋੜੇ ਨੇ ਇਹ ਜ਼ਮੀਨ 1987 ਵਿੱਚ ਖਰੀਦੀ ਸੀ।

ਪਰਿਮਲ ਦੇਸਾਈ ਸੰਭਾਲ ਰਹੇ ਹਨ ਕੰਮਕਾਜ ਕਾਨੂ ਗਾਂਧੀ ਅਤੇ ਸ਼ਿਵਾ ਗਾਂਧੀ 2013 ਵਿੱਚ ਭਾਰਤ ਪਰਤ ਆਏ ਸਨ ਅਤੇ ਉਨ੍ਹਾਂ ਨੇ ਆਪਣੀ ਜ਼ਿੰਦਗੀ ਦੇ ਆਖਰੀ ਸਾਲ ਦੱਖਣੀ ਗੁਜਰਾਤ ਵਿੱਚ ਬਿਤਾਏ। ਨਵੰਬਰ 2016 ਵਿੱਚ ਸੂਰਤ ਵਿਖੇ ਕਾਨੂ ਗਾਂਧੀ ਦਾ ਦੇਹਾਂਤ ਹੋ ਗਿਆ। ਉਨ੍ਹਾਂ ਦੀ ਵਸੀਅਤ ਮੁਤਾਬਕ, ਉਨ੍ਹਾਂ ਦੀ ਜਾਇਦਾਦ ਪਤਨੀ ਸ਼ਿਵਾ ਗਾਂਧੀ ਨੂੰ ਮਿਲ ਗਈ।

20 ਮਹੀਨਿਆਂ ਦੀ ਕਾਨੂੰਨੀ ਲੜਾਈ ਤੋਂ ਬਾਅਦ ਅਮਰੀਕਾ 'ਚ ਵਾਪਸ ਮਿਲੀ ਮਹਾਤਮਾ ਗਾਂਧੀ ਦੇ ਪੋਤੇ ਦੀ 30 ਏਕੜ ਜ਼ਮੀਨ; ਅਦਾਲਤ ਨੇ ਸੁਣਾਇਆ ਅਹਿਮ ਫੈਸਲਾ (ਜਾਰੀ)

2018 ਵਿੱਚ ਸ਼ਿਵਾ ਗਾਂਧੀ ਨੇ 'ਦ ਡਾ. ਸ਼ਿਵਾ ਐਂਡ ਕਾਨੂ ਰਾਮਦਾਸ ਮੋਹਨਦਾਸ ਗਾਂਧੀ ਚੈਰੀਟੇਬਲ ਟਰੱਸਟ' ਦੀ ਸਥਾਪਨਾ ਕੀਤੀ ਅਤੇ ਆਪਣੀ ਵਸੀਅਤ ਵੀ ਰਜਿਸਟਰ ਕਰਵਾਈ। 2020 ਵਿੱਚ ਉਨ੍ਹਾਂ ਦੇ ਦੇਹਾਂਤ ਤੋਂ ਬਾਅਦ ਵਸੀਅਤ ਲਾਗੂ ਕੀਤੀ ਗਈ ਅਤੇ ਦੇਸਾਈ ਨੇ ਮੈਨੇਜਿੰਗ ਟਰੱਸਟੀ ਵਜੋਂ ਜ਼ਿੰਮੇਵਾਰੀ ਸੰਭਾਲ ਲਈ। ਟਰੱਸਟ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਅਤੇ ਵਿੱਤੀ ਸੰਪਤੀਆਂ ਮਿਲੀਆਂ, ਜਿਨ੍ਹਾਂ ਦੀ ਵਰਤੋਂ ਚੈਰੀਟੇਬਲ ਕੰਮਾਂ ਲਈ ਕੀਤੀ ਜਾਣੀ ਸੀ। ਟਾਈਮਜ਼ ਆਫ਼ ਇੰਡੀਆ ਦੀ ਰਿਪੋਰਟ ਮੁਤਾਬਕ, "ਇਸ ਮਾਮਲੇ ਦੀ ਸ਼ੁਰੂਆਤ ਉਦੋਂ ਹੋਈ, ਜਦੋਂ ਅਮਰੀਕੀ ਨਾਗਰਿਕ ਗ੍ਰੇਗਰੀ ਬਲੈਕ ਨੇ 10 ਜਨਵਰੀ 2025 ਨੂੰ ਮੇਰੇ ਘਰ ਕਾਨੂੰਨੀ ਨੋਟਿਸ ਭੇਜਿਆ।" ਪਰਿਮਲ ਦੇਸਾਈ ਨੇ ਅੱਗੇ ਕਿਹਾ, "ਬਲੈਕ ਨੇ ਵਰਜੀਨੀਆ ਦੇ 'ਐਡਵਰਸ ਪਜ਼ੈਸ਼ਨ' (ਪ੍ਰਤੀਕੂਲ ਕਬਜ਼ੇ) ਕਾਨੂੰਨ ਤਹਿਤ ਜ਼ਮੀਨ 'ਤੇ ਆਪਣਾ ਦਾਅਵਾ ਜਤਾਇਆ। ਇਸ ਨਿਯਮ ਮੁਤਾਬਕ, ਜੇ ਪੰਜ ਸ਼ਰਤਾਂ ਪੂਰੀਆਂ ਹੁੰਦੀਆਂ ਹਨ ਤਾਂ ਕੋਈ ਵਿਅਕਤੀ 15 ਸਾਲ ਤੱਕ ਜ਼ਮੀਨ 'ਤੇ ਕਬਜ਼ਾ ਰੱਖਣ ਤੋਂ ਬਾਅਦ ਉਸ ਦਾ ਮਾਲਕ ਬਣ ਸਕਦਾ ਹੈ। ਹਾਲਾਂਕਿ, ਉਹ ਜ਼ਮੀਨ 'ਤੇ ਆਪਣਾ 'ਨਿਵੇਕਲਾ ਅਤੇ ਅਸਲ ਕਬਜ਼ਾ' ਅਤੇ 'ਪ੍ਰਤੀਕੂਲ ਦਾਅਵਾ' (ਹੋਸਟਾਈਲ ਕਲੇਮ) ਸਾਬਤ ਕਰਨ ਵਿੱਚ ਨਾਕਾਮ ਰਿਹਾ।" ਦੇਸਾਈ ਨੇ ਦੱਸਿਆ, "ਜਦੋਂ ਮੈਨੂੰ ਵਰਜੀਨੀਆ ਦੀ ਇਸ ਜ਼ਮੀਨ ਬਾਰੇ ਪਤਾ ਲੱਗਾ ਤਾਂ ਮੈਂ 2024 ਵਿੱਚ ਉੱਥੇ ਗਿਆ ਅਤੇ ਜ਼ਮੀਨ ਦਾ ਸਰਵੇ ਕਰਵਾਇਆ। ਜੇ ਟਰੱਸਟ ਨੇ ਇਸ ਜ਼ਮੀਨ ਸਬੰਧੀ ਕੋਈ ਵੀ ਕੰਮ ਕਰਨਾ ਸੀ ਤਾਂ ਇਸ ਦਾ ਟਰੱਸਟ ਦੇ ਕਬਜ਼ੇ ਵਿੱਚ ਹੋਣਾ ਜ਼ਰੂਰੀ ਸੀ। ਮੈਂ 2025 ਵਿੱਚ ਅਮਰੀਕੀ ਅਦਾਲਤ ਤੋਂ ਵਸੀਅਤ ਦੀ ਪ੍ਰੋਬੇਟ ਪ੍ਰਕਿਰਿਆ ਪੂਰੀ ਕਰਵਾਈ ਅਤੇ ਜ਼ਮੀਨ ਦੀ ਮਾਲਕੀ ਟਰੱਸਟ ਦੇ ਨਾਂ ਕਰਵਾ ਲਈ।" ਦੇਸਾਈ ਨੇ ਕਿਹਾ, "ਇਹ ਮਾਮਲਾ ਜਿੱਤਣ ਲਈ ਮੈਂ ਅਮਰੀਕਾ ਵਿੱਚ ਵਕੀਲ ਨਿਯੁਕਤ ਕੀਤੇ ਅਤੇ ਭਾਰਤ ਤੋਂ ਵੀ ਕੰਮ ਕੀਤਾ। ਇਸ ਦਾਅਵੇ ਦਾ ਮੁਕਾਬਲਾ ਕਰਨ ਦੇ ਤਰੀਕੇ ਲੱਭਣ ਲਈ ਮੈਂ ਆਰਟੀਫਿਸ਼ਲ ਇੰਟੈਲੀਜੈਂਸ ਦੀ ਵਰਤੋਂ ਵੀ ਕੀਤੀ। 8 ਤੋਂ 11 ਸਤੰਬਰ ਤੱਕ ਚੱਲੀ ਆਖਰੀ ਸੁਣਵਾਈ ਦੌਰਾਨ ਮੈਂ ਅਦਾਲਤ ਨੂੰ ਦੱਸਿਆ ਕਿ ਕਾਨੂ ਗਾਂਧੀ, ਮਹਾਤਮਾ ਗਾਂਧੀ ਦੇ ਪੋਤੇ ਸਨ। ਉਨ੍ਹਾਂ ਅਤੇ ਉਨ੍ਹਾਂ ਦੀ ਪਤਨੀ ਨੇ ਇਹ ਜਾਇਦਾਦ ਟਰੱਸਟ ਨੂੰ ਦਾਨ ਕਰ ਦਿੱਤੀ ਸੀ, ਜਿਸ ਦਾ ਉਦੇਸ਼ ਗਾਂਧੀਵਾਦੀ ਵਿਚਾਰਾਂ ਦਾ ਪ੍ਰਚਾਰ ਅਤੇ ਪ੍ਰਸਾਰ ਕਰਨਾ ਹੈ।" ਦੇਸਾਈ ਨੇ ਅੱਗੇ ਦੱਸਿਆ, "ਅਸੀਂ ਨਕਸ਼ਿਆਂ ਰਾਹੀਂ ਇਹ ਸਾਬਤ ਕਰ ਸਕੇ ਕਿ ਉਹ ਕੈਬਿਨ ਉੱਥੇ ਪਿਛਲੇ 15 ਸਾਲਾਂ ਤੋਂ ਮੌਜੂਦ ਨਹੀਂ ਸੀ। 2020 ਤੋਂ ਬਾਅਦ ਮੈਂ ਖ਼ੁਦ ਵੀ ਕਈ ਵਾਰ ਉੱਥੇ ਗਿਆ, ਜਿਸ ਨਾਲ ਬਲੈਕ ਦਾ ਇਹ ਦਾਅਵਾ ਗਲਤ ਸਾਬਤ ਹੋਇਆ ਕਿ ਉਹ ਅਸਲ ਵਿੱਚ ਉਸ ਜ਼ਮੀਨ 'ਤੇ ਕਾਬਜ਼ ਸੀ। ਸਾਨੂੰ ਉੱਥੇ ਇੱਕ ਹੋਰ ਔਰਤ ਵੀ ਮਿਲੀ, ਜੋ ਉਸ ਜ਼ਮੀਨ 'ਤੇ ਰਹਿ ਰਹੀ ਸੀ। ਇਸ ਨਾਲ ਬਲੈਕ ਦਾ ਇਹ ਦਾਅਵਾ ਵੀ ਗਲਤ ਸਾਬਤ ਹੋਇਆ ਕਿ ਜ਼ਮੀਨ 'ਤੇ ਸਿਰਫ਼ ਉਸ ਦਾ ਹੀ ਕਬਜ਼ਾ ਸੀ।"

ਪੰਜਾਬ

ਮੁਲਾਜ਼ਮ ਤੇ ਪੈਨਸ਼ਨਰ ਸਰਕਾਰ ਨੂੰ ਘੇਰਨ ਲਈ ਪੱਬਾ ਭਾਰ

ਮੁਲਾਜ਼ਮ ਤੇ ਪੈਨਸ਼ਨਰਾਂ ਦੀ ਮੀਟਿੰਗ ਦਰਸ਼ਨ ਸਿੰਘ ਬੇਲੂਮਾਜਰਾ ਦੀ ਪ੍ਰਧਾਨਗੀ ਹੇਠ ਪੰਜਾਬ ਸਟੇਟ ਕਰਮਚਾਰੀ ਦਲ ਦੇ ਸਥਾਨਕ ਦਫ਼ਤਰ ਵਿਖੇ ਹੋਈ, ਜਿਸ ਵਿਚ ਸੂਬਾ ਕਮੇਟੀ ਵਲੋਂ ਉਲੀਕੇ ਪ੍ਰੋਗਰਾਮਾਂ ਨੂੰ ਅਮਲੀ ਜਾਮਾ ਪਹਿਨਾਉਣ ਲਈ ਫੈਸਲਾ ਕੀਤਾ ਗਿਆ। ਮੀਟਿੰਗ ਵਿਚ ਪਹੁੰਚੇ ਆਗੂਆਂ ਚ ਧਨਵੰਤ ਸਿੰਘ ਭੱਠਲ, ਬਚਿੱਤਰ ਸਿੰਘ, ਹਰੀ ਸਿੰਘ ਟੌਹੜਾ, ਗੁਰਦੀਪ ਸਿੰਘ ਵਾਲੀਆ, ਖੁਸ਼ਵਿੰਦਰ ਕਪਿਲਾ, ਸੁਖਵਿੰਦਰ ਸਿੰਘ ਸੈਣੀ, ਸੰਤ ਰਾਮ ਚੀਮਾ, ਜਸਵੀਰ ਖੋਖਰ ਅਤੇ ਜਗਜੀਤ ਸਿੰਘ ਨੇ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸੰਘਰਸ਼ ਸਰਕਾਰ ਦੀਆਂ ਚੂਲਾਂ ਹਿਲਾ ਦੇਣਗੇ। ਉਨ੍ਹਾਂ ਮੀਟਿੰਗ ਚ ਫੈਸਲਾ ਕੀਤਾ ਕਿ ਚੰਡੀਗੜ੍ਹ ਵਿਖੇ 13 ਨਵੰਬਰ ਤੋਂ ਸਰਕਾਰ ਖ਼ਿਲਾਫ਼ ਲਗਾਏ ਜਾ ਰਹੇ ਪੱਕੇ ਮੋਰਚੇ ਚ ਜ਼ਿਲ੍ਹਾ ਪਟਿਆਲਾ ਨਾਲ ਸਬੰਧਤ ਹਜ਼ਾਰਾਂ ਮੁਲਾਜ਼ਮ ਤੇ ਪੈਨਸ਼ਨਰ ਵਹੀਰਾਂ ਘੱਤ ਕੇ ਮੋਰਚੇ ਚ ਪਹੁੰਚਣਗੇ ਅਤੇ ਸਰਕਾਰ ਨੂੰ ਘੇਰਨ ਦੀ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਇਕੱਤਰਤਾ ਚ ਪਹੁੰਚੇ ਆਗੂਆਂ ਲਖਵਿੰਦਰ ਖਾਨਪੁਰ, ਰਵਿੰਦਰ ਕੰਬੋਜ ਤੇ ਗੁਰਮੀਤ ਸਿੰਘ ਟਿਵਾਣਾ ਨੇ ਕਿਹਾ ਕਿ ਜਿੱਥੇ ਉਹ 1 ਤੋਂ 5 ਦਸੰਬਰ ਤੱਕ ਐਮਐਲਏ ਤੇ ਮੰਤਰੀਆਂ ਦੀਆਂ ਅਰਥੀਆਂ ਫੂਕਣਗੇ ਅਤੇ 6 ਤਰੀਕ ਨੂੰ ਬੁੱਢੇ ਨਾਲੇ ਵਿੱਚ ਪੰਜਾਬ ਦੇ ਵਿਧਾਇਕਾਂ ਅਤੇ ਮੰਤਰੀਆਂ ਦੇ ਫੁੱਲ ਜਲ ਪ੍ਰਵਾਹ ਕੀਤੇ ਜਾਣਗੇ।

ਦੇਸ਼

ਬਦਰੀਨਾਥ ਧਾਮ ਤੋਂ ਵਾਪਸ ਆ ਰਿਹਾ ਹੈਲੀਕਾਪਟਰ ਕਰੈਸ਼; 6 ਲੋਕਾਂ ਦੀ ਮੌਤ

ਹੈਲੀਕਾਪਟਰ ਦੇ ਲਾਪਤਾ ਹੋਣ ਕਾਰਨ ਪੁਲਿਸ ਅਤੇ ਸਥਾਨਕ ਪ੍ਰਸ਼ਾਸਨ ਵਿੱਚ ਹੜਕੰਪ ਮੱਚ ਗਿਆ। ਰਿਪੋਰਟਾਂ ਅਨੁਸਾਰ, ਇਹ ਘਟਨਾ ਖਰਾਬ ਮੌਸਮ ਕਾਰਨ ਚੈਨ ਅਤੇ ਥਯਾਂਗ ਪਿੰਡਾਂ ਦੇ ਉੱਪਰ ਵਾਪਰੀ। ਤਾਜ਼ਾ ਜਾਣਕਾਰੀ ਮੁਤਾਬਕ ਹੈਲੀਕਾਪਟਰ 'ਤੇ ਸਵਾਰ ਸਾਰੇ ਛੇ ਲੋਕਾਂ ਦੀ ਹਾਦਸੇ ਵਿੱਚ ਮੌਤ ਹੋ ਗਈ ਹੈ। ਫੌਜ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ 'ਤੇ, ਪ੍ਰਸ਼ਾਸਨ ਨੇ ਜਗ੍ਹਾ ਦਾ ਪਤਾ ਲਗਾਇਆ ਅਤੇ ਹਾਦਸੇ ਦੀ ਪੁਸ਼ਟੀ ਕੀਤੀ।

ਉਤਰਾਖੰਡ ਦੇ ਚਮੋਲੀ ਜ਼ਿਲ੍ਹੇ ਤੋਂ ਵੱਡੀ ਖ਼ਬਰ ਆ ਰਹੀ ਹੈ। ਬਦਰੀਨਾਥ ਧਾਮ ਤੋਂ ਵਾਪਸ ਆ ਰਿਹਾ ਇੱਕ ਹੈਲੀਕਾਪਟਰ ਰਾਡਾਰ ਤੋਂ ਗਾਇਬ ਹੋ ਗਿਆ। ਪ੍ਰਸ਼ਾਸਨ ਨੂੰ ਸੂਚਨਾ ਮਿਲੀ ਹੈ ਕਿ ਇਹ ਹੈਲੀਕਾਪਟਰ ਬਦਰੀਨਾਥ ਧਾਮ ਅਤੇ ਜੋਸ਼ੀਮਠ ਦੇ ਵਿਚਕਾਰ ਕਿਤੇ ਲਾਪਤਾ ਹੋਇਆ। ਚਮੋਲੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਗੌਰਵ ਕੁਮਾਰ ਨੇ ਦੱਸਿਆ ਕਿ ਜਿਵੇਂ ਹੀ ਇਹ ਪਤਾ ਲੱਗਾ ਕਿ ਹੈਲੀਕਾਪਟਰ ਦਾ ਪਤਾ ਨਹੀਂ ਲੱਗ ਰਿਹਾ ਹੈ, ਪ੍ਰਸ਼ਾਸਨ ਨੇ ਤੁਰੰਤ ਬਚਾਅ ਕਾਰਜ ਸ਼ੁਰੂ ਕਰ ਦਿੱਤਾ।

ਬਦਰੀਨਾਥ ਧਾਮ ਤੋਂ ਵਾਪਸ ਆ ਰਿਹਾ ਹੈਲੀਕਾਪਟਰ ਕਰੈਸ਼; 6 ਲੋਕਾਂ ਦੀ ਮੌਤ (ਜਾਰੀ)

30 ਅਕਤੂਬਰ ਨੂੰ ਇੱਕ ਨਿੱਜੀ ਕੰਪਨੀ ਦਾ ਹੈਲੀਕਾਪਟਰ ਛੇ ਯਾਤਰੀਆਂ ਨੂੰ ਲੈ ਕੇ ਬਦਰੀਨਾਥ ਧਾਮ ਤੋਂ ਰਿਸ਼ੀਕੇਸ਼ ਲਈ ਰਵਾਨਾ ਹੋਇਆ ਸੀ। ਖਰਾਬ ਮੌਸਮ ਕਾਰਨ ਇਹ ਹੈਲੀਕਾਪਟਰ ਚੈਨ ਅਤੇ ਥਯਾਂਗ ਪਿੰਡਾਂ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ। ਰਿਪੋਰਟਾਂ ਮੁਤਾਬਕ ਇਸ ਵਿੱਚ ਸਵਾਰ ਸਾਰੇ ਛੇ ਲੋਕਾਂ ਦੀ ਮੌਤ ਹੋ ਚੁੱਕੀ ਹੈ। ਚਮੋਲੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਗੌਰਵ ਕੁਮਾਰ ਨੇ ਦੱਸਿਆ ਕਿ ਫੌਜ ਨੇ ਪ੍ਰਸ਼ਾਸਨ ਨੂੰ ਇਸ ਘਟਨਾ ਬਾਰੇ ਸੂਚਿਤ ਕੀਤਾ, ਜਿਸ ਤੋਂ ਬਾਅਦ ਅਧਿਕਾਰੀਆਂ ਨੇ ਜਗ੍ਹਾ ਦਾ ਪਤਾ ਲਗਾਇਆ ਅਤੇ ਹੈਲੀਕਾਪਟਰ ਹਾਦਸੇ ਦੀ ਪੁਸ਼ਟੀ ਕੀਤੀ।

ਹਾਦਸੇ ਵਿਚ ਜਾਨ ਗੁਆਉਣ ਵਾਲਿਆਂ ਵਿੱਚ ਯਾਤਰੀ ਅਰੁਣ ਸਾਲੁੰਕੇ, ਐਚ. ਐਸ. ਨਾਗਰਾਜਾ, ਪ੍ਰਤਾਪ ਬਚਿਹੱਲੀ ਨਿੰਗਰਾਜਨ, ਸ਼ੰਕਰਗੌਡਾ ਵੀ. ਬੀ. ਅਤੇ ਸੁਧੀਰ ਕੇ. ਸ਼ਾਮਲ ਹਨ, ਜਦਕਿ ਪਾਇਲਟ ਕੈਪਟਨ ਹਿਮਾਂਸ਼ੂ ਸਭਰਵਾਲ ਦੀ ਵੀ ਮੌਤ ਹੋ ਗਈ ਹੈ। ਮੁੱਢਲੀ ਜਾਣਕਾਰੀ ਅਨੁਸਾਰ 'ਟ੍ਰਾਂਸ ਭਾਰਤ ਏਵੀਏਸ਼ਨ' ਦਾ ਇੱਕ ਏਅਰਬੱਸ ਹੈਲੀਕਾਪਟਰ ਅੱਜ ਦੁਪਹਿਰ 1:14 ਵਜੇ ਬਦਰੀਨਾਥ ਤੋਂ ਦੇਹਰਾਦੂਨ ਲਈ ਰਵਾਨਾ ਹੋਇਆ ਸੀ। ਉਡਾਣ ਭਰਨ ਦੇ ਲਗਭਗ 7-8 ਮਿੰਟ ਬਾਅਦ, ਇਹ ਹੈਲੀਕਾਪਟਰ ਬਦਰੀ ਘਾਟੀ ਵਿੱਚ ਹਾਦਸਾਗ੍ਰਸਤ ਹੋ ਗਿਆ।

ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਇਸ ਦੁਖਦਾਈ ਹਾਦਸੇ ਉਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ। ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਉਤੇ ਇੱਕ ਪੋਸਟ ਵਿਚ ਮੁੱਖ ਮੰਤਰੀ ਨੇ ਲਿਖਿਆ, "ਮੈਨੂੰ ਜੋਸ਼ੀਮਠ ਦੇ ਨੇੜੇ 'ਚਾਈ' ਪਿੰਡ ਕੋਲ ਇੱਕ ਹੈਲੀਕਾਪਟਰ ਹਾਦਸਾਗ੍ਰਸਤ ਹੋਣ ਦੀ ਦੁਖਦਾਈ ਖ਼ਬਰ ਮਿਲੀ ਹੈ। ਜ਼ਿਲ੍ਹਾ ਪ੍ਰਸ਼ਾਸਨ, ਆਫ਼ਤ ਪ੍ਰਬੰਧਨ ਵਿਭਾਗ ਅਤੇ ਐਸ.ਡੀ.ਆਰ.ਐਫ. ਵੱਲੋਂ ਸਾਂਝੇ ਤੌਰ 'ਤੇ ਬਚਾਅ ਕਾਰਜ ਚਲਾਏ ਜਾ ਰਹੇ ਹਨ। ਮੈਂ ਖੁਦ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹਾਂ। ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਲੋਕਾਂ ਨੂੰ ਬਿਹਤਰ ਇਲਾਜ ਲਈ ਤੁਰੰਤ ਹਵਾਈ ਮਾਰਗ ਰਾਹੀਂ ਵੱਡੇ ਮੈਡੀਕਲ ਕੇਂਦਰਾਂ ਵਿੱਚ ਪਹੁੰਚਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਵਿਸ਼ਵ

ਕੈਨੇਡਾ ਸਰਕਾਰ ਦਾ ਵੱਡਾ ਐਕਸ਼ਨ: ਨਕਲੀ ਇਮੀਗ੍ਰੇਸ਼ਨ ਸਲਾਹਕਾਰਾਂ 'ਤੇ ਕੱਸਿਆ ਸ਼ਿਕੰਜਾ, $1.5 ਮਿਲੀਅਨ ਤੱਕ ਦੇ ਭਾਰੀ ਜੁਰਮਾਨੇ ਲਾਗੂ

ਇਹ ਨਿਯਮ ਲਾਇਸੰਸਸ਼ੁਦਾ ਇਮੀਗ੍ਰੇਸ਼ਨ ਕੰਸਲਟੈਂਟਸ, ਵਕੀਲਾਂ ਅਤੇ ਹੋਰ ਅਧਿਕਾਰਤ ਨੁਮਾਇੰਦਿਆਂ 'ਤੇ ਵੀ ਲਾਗੂ ਹੁੰਦੇ ਹਨ, ਨਾਲ ਹੀ ਉਨ੍ਹਾਂ 'ਤੇ ਵੀ ਜੋ ਬਿਨਾਂ ਮਾਨਤਾ ਪ੍ਰਾਪਤ ਇਮੀਗ੍ਰੇਸ਼ਨ ਜਾਂ ਨਾਗਰਿਕਤਾ ਸੇਵਾਵਾਂ ਦੇ ਰਹੇ ਹਨ ਮਤਲਬ ਝੋਲਾਛਾਪ ਫਰਜ਼ੀ ਇਮੀਗ੍ਰੇਸ਼ਨ ਏਜੰਟ ਹਨ।

ਫੈਡਰਲ ਲਿਬਰਲ ਸਰਕਾਰ ਨੇ ਉਨ੍ਹਾਂ ਲੋਕਾਂ ਵਿਰੁੱਧ ਨਵੇਂ ਮਾਲੀਆ ਜੁਰਮਾਨੇ ਲਾਗੂ ਕਰ ਦਿੱਤੇ ਹਨ ਜੋ ਬਿਨਾਂ ਮਾਨਤਾ ਪ੍ਰਾਪਤ ਹੋਣ ਦੇ ਬਾਵਜੂਦ ਇਮੀਗ੍ਰੇਸ਼ਨ ਜਾਂ ਨਾਗਰਿਕਤਾ ਲੈਣ ਸਬੰਧੀ ਸਲਾਹਕਾਰ ਬਣੇ ਹੋਏ ਹਨ ਜਾਂ ਅਰਜ਼ੀਕਰਤਾਵਾਂ ਨੂੰ ਜਾਣਬੁੱਝ ਕੇ ਗਲਤ ਜਾਂ ਗੁੰਮਰਾਹਕੁਨ ਜਾਣਕਾਰੀ ਦਿੰਦੇ ਹਨ।

ਰੈਫਿਊਜੀਜ਼ ਐਂਡ ਸਿਟੀਜ਼ਨਸ਼ਿਪ ਕੈਨੇਡਾ ਵੱਲੋਂ ਗੈਰ-ਅਧਿਕਾਰਤ ਸਲਾਹਕਾਰਾਂ ਜਾਂ ਨੁਮਾਇੰਦਗੀ ਕਰਨ ਵਾਲੇ ਫਰਜ਼ੀ ਏਜੰਟਾਂ ਲਈ $5,000 ਤੋਂ ਸ਼ੁਰੂ ਹੋਕੇ $1.5 ਮਿਲੀਅਨ ਅਤੇ ਜਾਣਬੁੱਝ ਕੇ ਗਲਤ ਜਾਂ ਗੁੰਮਰਾਹਕੁਨ ਜਾਣਕਾਰੀ ਦੇਣ ਜਾਂ ਦੇਣ ਵਿੱਚ ਮਦਦ ਕਰਨ ਲਈ $15,000 ਤੱਕ ਦੇ ਜੁਰਮਾਨੇ ਲਾਗੂ ਕੀਤੇ ਹਨ। ਜੇ ਉਸ ਗਲਤ ਜਾਣਕਾਰੀ ਦੇ ਆਧਾਰ 'ਤੇ ਅਰਜ਼ੀ ਮਨਜ਼ੂਰ ਹੋ ਜਾਂਦੀ ਹੈ ਤਾਂ ਵਾਧੂ ਜੁਰਮਾਨੇ ਲੱਗ ਸਕਦੇ ਹਨ ਅਤੇ ਵਾਰ-ਵਾਰ ਉਲੰਘਣਾ ਕਰਨ ਵਾਲਿਆਂ ਲਈ ਰਕਮ ਵਧਦੀ ਜਾਵੇਗੀ, ਜਿਸਦੀ ਕੁੱਲ ਵੱਧ ਤੋਂ ਵੱਧ ਹੱਦ $1.5 ਮਿਲੀਅਨ ਹੈ।

ਪੰਜਾਬ

ਆਪ ਉਮੀਦਵਾਰਾਂ ਦੀ ਪਹਿਲੀ ਸੂਚੀ ਭਲਕੇ ਹੋਵੇਗੀ ਜਾਰੀ, ਸੀਐਮ ਮਾਨ ਨੇ ਕੀਤਾ ਐਲਾਨ

ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਸਾਂਝੀ ਕਰਦਿਆਂ ਵੱਡਾ ਐਲਾਨ ਕੀਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ 2027 ਚੋਣਾਂ ਦੇ ਲਈ ਭਲਕੇ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਜਾਵੇਗੀ। ਮਿਲੀ ਜਾਣਕਾਰੀ ਮੁਤਾਬਕ ਇਸ ਸੂਚੀ ਵਿੱਚ 15 ਤੋਂ 20 ਨਾਮ ਹੋ ਸਕਦੇ ਹਨ।

ਪੰਜਾਬ 2027 ਚੋਣਾਂ ਦੇ ਲਈ ਆਮ ਆਦਮੀ ਪਾਰਟੀ ਭਲਕੇ ਦੁਪਹਿਰ 12 ਵਜੇ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰੇਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਲੀ ਵਿੱਚ ਪੱਤਰਕਾਰਾਂ ਨੂੰ ਇਸ ਬਾਰੇ ਦੱਸਿਆ।

ਆਪ ਉਮੀਦਵਾਰਾਂ ਦੀ ਪਹਿਲੀ ਸੂਚੀ ਭਲਕੇ ਹੋਵੇਗੀ ਜਾਰੀ, ਸੀਐਮ ਮਾਨ ਨੇ ਕੀਤਾ ਐਲਾਨ

ਆਪ ਉਮੀਦਵਾਰਾਂ ਦੀ ਪਹਿਲੀ ਸੂਚੀ ਭਲਕੇ ਹੋਵੇਗੀ ਜਾਰੀ, ਸੀਐਮ ਮਾਨ ਨੇ ਕੀਤਾ ਐਲਾਨ (ਜਾਰੀ)

ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਨਾਵਾਂ 'ਤੇ ਚਰਚਾ ਕਰਨ ਲਈ ਦਿੱਲੀ ਵਿੱਚ ਇੱਕ ਮੀਟਿੰਗ ਰੱਖੀ ਗਈ ਸੀ। ਜਿਸ ਵਿੱਚ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਮਾਨ ਸ਼ਾਮਲ ਹੋਏ। ਕੱਲ੍ਹ ਦਿੱਲੀ ਵਿੱਚ ਇੱਕ ਹੋਰ ਮੀਟਿੰਗ ਹੋਵੇਗੀ। ਜਿਸ ਤੋਂ ਬਾਅਦ ਸੂਚੀ ਜਨਤਕ ਕੀਤੀ ਜਾਵੇਗੀ।

ਮੰਨਿਆ ਜਾ ਰਿਹਾ ਹੈ ਕਿ ਆਮ ਆਦਮੀ ਪਾਰਟੀ ਪੰਜਾਬ ਵਿੱਚ ਚੋਣ ਜ਼ਾਬਤਾ ਲਾਗੂ ਹੋਣ ਤੋਂ ਪਹਿਲਾਂ, ਭਾਵ ਸੱਤਾ ਵਿੱਚ ਰਹਿੰਦੇ ਹੋਏ, ਆਪਣੇ ਉਮੀਦਵਾਰਾਂ ਦਾ ਐਲਾਨ ਕਰਨਾ ਚਾਹੁੰਦੀ ਹੈ ਤਾਂ ਜੋ ਚੋਣਾਂ ਦਾ ਐਲਾਨ ਹੋਣ ਤੱਕ ਉਹ ਆਪਣੇ ਹਲਕਿਆਂ ਵਿੱਚ ਕੰਮ ਕਰ ਸਕਣ। ਇਸ ਤੋਂ ਇਲਾਵਾ ਆਮ ਆਦਮੀ ਪਾਰਟੀ ਆਪਣੇ ਉਮੀਦਵਾਰਾਂ ਨੂੰ ਜ਼ਮੀਨੀ ਪੱਧਰ 'ਤੇ ਕੰਮ ਕਰਨ ਲਈ ਕਾਫ਼ੀ ਸਮਾਂ ਦੇਣਾ ਚਾਹੁੰਦੀ ਹੈ। ਆਮ ਆਦਮੀ ਪਾਰਟੀ ਦੇ 2 ਵਾਰ ਦੇ ਵਿਧਾਇਕ ਤਲਵੰਡੀ ਸਾਬੋ ਤੋਂ ਵਿਧਾਇਕ ਬਲਜਿੰਦਰ ਕੌਰ, ਜਗਰਾਓਂ ਤੋਂ ਵਿਧਾਇਕ ਸਰਬਜੀਤ ਕੌਰ ਮਾਣੂੰਕੇ, ਗੜ੍ਹਸ਼ੰਕਰ ਤੋਂ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੋੜੀ, ਬੁਢਲਾਡਾ ਤੋਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ, ਨਿਹਾਲ ਸਿੰਘ ਵਾਲਾ ਤੋਂ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਮਹਿਲ ਕਲਾਂ ਤੋਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਟਿਕਟ ਮਿਲ ਸਕਦੀ ਹੈ।

ਆਮ ਆਦਮੀ ਪਾਰਟੀ ਵੱਲੋਂ ਕਿੰਨੇ ਉਮੀਦਵਾਰਾਂ ਦਾ ਐਲਾਨ ਕੀਤਾ ਜਾਵੇਗਾ। ਇਸ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਹੈ। ਹਾਲਾਂਕਿ, ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਮੌਜੂਦਾ ਵਿਧਾਇਕਾਂ ਜਾਂ ਹਲਕਾ ਇੰਚਾਰਜਾਂ ਦੇ ਨਾਮ ਪਹਿਲੀ ਸੂਚੀ ਵਿੱਚ ਆ ਸਕਦੇ ਹਨ ਜਿਨ੍ਹਾਂ ਨੂੰ ਕੋਈ ਵਿਰੋਧ ਨਹੀਂ ਹੈ।

ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ, ਪਹਿਲੀ ਸੂਚੀ ਵਿੱਚ ਲਗਭਗ 20 ਨਾਮ ਹੋ ਸਕਦੇ ਹਨ। ਇਹ ਵੀ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ 30 ਤੋਂ 40 ਵਿਧਾਇਕਾਂ ਦੀਆਂ ਟਿਕਟਾਂ ਰੱਦ ਹੋ ਸਕਦੀਆਂ ਹਨ। ਅੰਤਿਮ ਫੈਸਲਾ ਕੱਲ੍ਹ ਰਾਜਨੀਤਿਕ ਮਾਮਲਿਆਂ ਦੀ ਕਮੇਟੀ ਦੀ ਮੀਟਿੰਗ ਵਿੱਚ ਲਿਆ ਜਾਵੇਗਾ।

ਵਿਸ਼ਵ

ਅਮਰੀਕਾ ਵਿੱਚ ਇਮੀਗ੍ਰੇਸ਼ਨ ਵੀਜ਼ਾ ਲੈਣ ਲਈ ਸੈਂਕੜੇ ਨਕਲੀ ਲੁੱਟਾਂ ਦਾ ਦਾਅਵਾ

ਵਾਸ਼ਿੰਗਟਨ, 30 ਅਕਤੂਬਰ (ਪੰਜਾਬ ਮੇਲ)- ਅਮਰੀਕੀ ਨਿਆਂ ਵਿਭਾਗ ਮੁਤਾਬਕ, ਇਲੀਨੋਇਸ ਦੇ ਇੱਕ ਵਿਅਕਤੀ ਨੇ ਕਥਿਤ ਤੌਰ 'ਤੇ ਸੈਂਕੜੇ ਹਥਿਆਰਬੰਦ ਲੁੱਟਾਂ ਦਾ ਨਾਟਕ ਰਚਿਆ, ਤਾਂ ਜੋ ਲੋਕ ਆਪਣੇ ਆਪ ਨੂੰ ਅਪਰਾਧ ਦਾ ਸ਼ਿਕਾਰ ਦੱਸ ਕੇ ਯੂ-ਵੀਜ਼ਾ ਲਈ ਅਰਜ਼ੀ ਦੇ ਸਕਣ। ਇਸ ਮਾਮਲੇ ਵਿੱਚ 29 ਸਾਲਾ ਪਾਰਥ ਨਈ ਨੂੰ ਦੋ ਸਾਲ ਕੈਦ ਦੀ ਸਜ਼ਾ ਸੁਣਾਈ ਗਈ ਹੈ। ਅਦਾਲਤ ਨੇ ਉਸ 'ਤੇ 50 ਹਜ਼ਾਰ ਡਾਲਰ ਜੁਰਮਾਨਾ ਵੀ ਲਾਇਆ। ਨਈ ਨੇ ਵੀਜ਼ਾ ਧੋਖਾਧੜੀ ਦੀ ਸਾਜ਼ਿਸ਼ ਵਾਲਾ ਦੋਸ਼ ਕਬੂਲ ਕੀਤਾ ਸੀ।

ਸਰਕਾਰੀ ਵਕੀਲਾਂ ਅਨੁਸਾਰ, ਇਹ ਗਤੀਵਿਧੀਆਂ 2022 ਤੋਂ 2024 ਵਿਚਕਾਰ ਹੋਈਆਂ। ਕਥਿਤ ਨਕਲੀ ਲੁੱਟਾਂ ਕੌਫੀ ਦੀਆਂ ਦੁਕਾਨਾਂ, ਰੈਸਟੋਰੈਂਟਾਂ, ਸ਼ਰਾਬ ਦੀਆਂ ਦੁਕਾਨਾਂ ਅਤੇ ਗੈਸ ਸਟੇਸ਼ਨਾਂ 'ਤੇ ਕਰਵਾਈਆਂ ਗਈਆਂ। ਇਨ੍ਹਾਂ ਵਿੱਚ ਸ਼ਿਕਾਗੋ ਅਤੇ ਨੇੜਲੇ ਇਲਾਕੇ ਵੀ ਸ਼ਾਮਲ ਸਨ। ਦਾਅਵੇ ਮੁਤਾਬਕ, ਨਈ ਅਤੇ ਉਸ ਦੇ ਸਾਥੀਆਂ ਨੇ ਨਕਲੀ ਪੀੜਤ ਲੱਭੇ, ਕਾਰੋਬਾਰੀਆਂ ਨੂੰ ਥਾਂ ਦੇਣ ਲਈ ਪੈਸੇ ਦਿੱਤੇ ਅਤੇ ਲੁਟੇਰਿਆਂ ਦਾ ਕਿਰਦਾਰ ਨਿਭਾਉਣ ਵਾਲਿਆਂ ਨੂੰ ਤਿਆਰ ਕੀਤਾ।

ਯੂ-ਵੀਜ਼ਾ ਕੁਝ ਖਾਸ ਅਪਰਾਧਾਂ ਦੇ ਪੀੜਤਾਂ ਲਈ ਹੁੰਦਾ ਹੈ, ਜਿਹੜੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੀ ਜਾਂਚ ਵਿੱਚ ਮਦਦ ਕਰਦੇ ਹਨ। ਸਰਕਾਰੀ ਵਕੀਲਾਂ ਦਾ ਕਹਿਣਾ ਹੈ ਕਿ ਇਸ ਯੋਜਨਾ ਵਿੱਚ ਸ਼ਾਮਲ ਹੋਣ ਵਾਲੇ ਹਜ਼ਾਰਾਂ ਲੋਕਾਂ ਨੇ ਕਥਿਤ ਤੌਰ 'ਤੇ ਪ੍ਰਤੀ ਵਿਅਕਤੀ 5,000 ਤੋਂ 30,000 ਡਾਲਰ ਤੱਕ ਦਿੱਤੇ। ਨਕਲੀ ਲੁੱਟ ਤੋਂ ਬਾਅਦ, ਉਹ ਪੁਲਿਸ ਕੋਲ ਅਪਰਾਧ-ਪੀੜਤ ਹੋਣ ਦਾ ਸਰਟੀਫਿਕੇਟ ਲੈਣ ਜਾਂਦੇ ਅਤੇ ਫਿਰ ਉਸ ਆਧਾਰ 'ਤੇ ਯੂ-ਵੀਜ਼ਾ ਲਈ ਅਰਜ਼ੀ ਦਿੰਦੇ ਸਨ।

ਅਧਿਕਾਰੀਆਂ ਅਨੁਸਾਰ, ਨਈ ਨੇ ਸਾਥੀਆਂ ਨਾਲ ਮਿਲ ਕੇ ਇਹ ਕਾਰਵਾਈਆਂ ਚਲਾਈਆਂ। ਇਸ ਸੰਘੀ ਜਾਂਚ ਵਿੱਚ ਪੰਜ ਹੋਰ ਵਿਅਕਤੀ ਵੀ ਦੋਸ਼ੀ ਕਰਾਰ ਦਿੱਤੇ ਗਏ ਹਨ। ਸਰਕਾਰ ਦਾ ਕਹਿਣਾ ਹੈ ਕਿ ਇਸ ਧੋਖਾਧੜੀ ਨੇ ਅਸਲ ਅਪਰਾਧ-ਪੀੜਤਾਂ ਲਈ ਬਣੇ ਵੀਜ਼ਾ ਪ੍ਰੋਗਰਾਮ ਦੀ ਦੁਰਵਰਤੋਂ ਕੀਤੀ।

ਪੰਜਾਬ

ਲੁਧਿਆਣਾ 'ਚ ਮਹਿਲਾ ਨੇ ਡਾ ਅੰਬੇਡਕਰ ਦੇ ਬੁੱਤ ਦਾ ਸ਼ੀਸ਼ਾ ਤੋੜਿਆ, ਪੁਲਿਸ ਨੇ ਹਿਰਾਸਤ 'ਚ ਲਿਆ; 4 ਮਹੀਨੇ ਪਹਿਲਾਂ ਵੀ ਹੋਈ ਸੀ ਤੋੜ-ਭੰਨ

ਲੁਧਿਆਣਾ ਦੇ ਸਲੇਮ ਟਾਬਰੀ ਅਧੀਨ ਪੈਂਦੇ ਜਲੰਧਰ ਬਾਈਪਾਸ ਮੁੱਖ ਚੌਂਕ ਵਿਖੇ ਸਥਾਪਿਤ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੇ ਆਲੇ-ਦੁਆਲੇ ਲੱਗਿਆ ਸੁਰੱਖਿਆ ਸ਼ੀਸ਼ਾ ਇੱਕ ਵਾਰ ਫਿਰ ਭੰਨ-ਤੋੜ ਦਾ ਸ਼ਿਕਾਰ ਹੋ ਗਿਆ ਹੈ।

ਲੁਧਿਆਣਾ 'ਚ ਮਹਿਲਾ ਨੇ ਡਾ ਅੰਬੇਡਕਰ ਦੇ ਬੁੱਤ ਦਾ ਸ਼ੀਸ਼ਾ ਤੋੜਿਆ, ਪੁਲਿਸ ਨੇ ਹਿਰਾਸਤ 'ਚ ਲਿਆ; 4 ਮਹੀਨੇ ਪਹਿਲਾਂ ਵੀ ਹੋਈ ਸੀ ਤੋੜ-ਭੰਨ (ਜਾਰੀ)

ਖ਼ਦਸ਼ਾ ਜਤਾਇਆ ਜਾ ਰਿਹਾ ਹੈ ਕਿ ਕਿਸੇ ਅਣਪਛਾਤੇ ਸ਼ਰਾਰਤੀ ਅਨਸਰ ਵੱਲੋਂ ਪੱਥਰ ਮਾਰ ਕੇ ਇਹ ਸ਼ੀਸ਼ਾ ਤੋੜਿਆ ਗਿਆ ਹੈ।

ਲਗਾਤਾਰ ਤੀਜੀ ਵਾਰ ਵਾਪਰੀ ਇਸ ਮੰਦਭਾਗੀ ਘਟਨਾ ਕਾਰਨ ਸਮੁੱਚੇ ਇਲਾਕੇ ਵਿੱਚ ਤਣਾਅਪੂਰਨ ਮਾਹੌਲ ਬਣ ਗਿਆ ਹੈ। ਸਥਿਤੀ ਦੀ ਗੰਭੀਰਤਾ ਨੂੰ ਭਾਂਪਦਿਆਂ ਪ੍ਰਸ਼ਾਸਨ ਨੇ ਜਲੰਧਰ ਬਾਈਪਾਸ ਚੌਂਕ ਅਤੇ ਆਸ-ਪਾਸ ਦੇ ਖੇਤਰ ਨੂੰ ਭਾਰੀ ਪੁਲਿਸ ਫੋਰਸ ਤਾਇਨਾਤ ਕਰਕੇ ਪੁਲਿਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਹੈ। ਇਸੇ ਦੌਰਾਨ ਪੁਲਿਸ ਨੇ ਕਾਰਵਾਈ ਕਰਦਿਆਂ ਮਾਮਲੇ ਨਾਲ ਜੁੜੀ ਇੱਕ ਸ਼ੱਕੀ ਔਰਤ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਇਸ ਘਟਨਾ ਦੀ ਖ਼ਬਰ ਜੰਗਲ ਦੀ ਅੱਗ ਵਾਂਗ ਫੈਲਦਿਆਂ ਹੀ ਬਹੁਜਨ ਸਮਾਜ ਪਾਰਟੀ (ਬਸਪਾ) ਦੇ ਆਗੂ, ਵਰਕਰ ਅਤੇ ਵਾਲਮੀਕਿ ਭਾਈਚਾਰੇ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਮੌਕੇ 'ਤੇ ਇਕੱਠੇ ਹੋਣੇ ਸ਼ੁਰੂ ਹੋ ਗਏ। ਇਸ ਘਟਨਾ ਬਾਰੇ ਐਡਵੋਕੇਟ ਨਰਿੰਦਰ ਆਦਿਆ ਨੇ ਆਪਣੇ ਫੇਸਬੁੱਕ ਪੇਜ 'ਤੇ ਲਾਈਵ ਹੋ ਕੇ ਸਮਾਜ ਦੇ ਲੋਕਾਂ ਨੂੰ ਜਾਣਕਾਰੀ ਦਿੱਤੀ, ਜਿਸ ਤੋਂ ਬਾਅਦ ਲੋਕਾਂ ਵਿੱਚ ਭਾਰੀ ਰੋਸ ਅਤੇ ਗੁੱਸੇ ਦੀ ਲਹਿਰ ਦੌੜ ਗਈ।

ਘਟਨਾ ਦੀ ਇਤਲਾਹ ਮਿਲਣ ਸਾਰ ਹੀ ਥਾਣਾ ਸਲੇਮ ਟਾਬਰੀ ਦੀ ਪੁਲਿਸ ਟੀਮ ਮੌਕੇ 'ਤੇ ਪੁੱਜੀ ਅਤੇ ਘਟਨਾ ਸਥਾਨ ਦਾ ਜਾਇਜ਼ਾ ਲੈਂਦਿਆਂ ਜਾਂਚ ਆਰੰਭ ਦਿੱਤੀ। ਜ਼ਿਕਰਯੋਗ ਹੈ ਕਿ ਇਸ ਚੌਂਕ 'ਤੇ ਪਹਿਲਾਂ ਵੀ ਵਿਵਾਦਿਤ ਘਟਨਾਵਾਂ ਵਾਪਰ ਚੁੱਕੀਆਂ ਹਨ। ਬੀਤੇ ਦਿਨੀਂ ਬੁੱਤ 'ਤੇ ਹਾਰ ਪਾਉਣ ਦੀ ਗੱਲ ਨੂੰ ਲੈ ਕੇ ਕਾਫ਼ੀ ਹੰਗਾਮਾ ਅਤੇ ਵਿਵਾਦ ਹੋਇਆ ਸੀ, ਜਿਸ ਤੋਂ ਬਾਅਦ ਪ੍ਰਸ਼ਾਸਨ ਨੇ ਇਹਤਿਆਤ ਵਜੋਂ ਚੌਂਕ ਵਿੱਚ ਨਿਗਰਾਨੀ ਲਈ ਸੀ.ਸੀ.ਟੀ.ਵੀ. ਕੈਮਰੇ ਲਗਾਏ ਸਨ। ਹਾਲਾਂਕਿ, ਤੀਜੀ ਵਾਰ ਵਾਪਰੀ ਇਸ ਘਟਨਾ ਨੇ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਕੀਤੇ ਗਏ ਸੁਰੱਖਿਆ ਪ੍ਰਬੰਧਾਂ 'ਤੇ ਗੰਭੀਰ ਸਵਾਲੀਆ ਨਿਸ਼ਾਨ ਖੜ੍ਹੇ ਕਰ ਦਿੱਤੇ ਹਨ ਕਿ ਕੈਮਰਿਆਂ ਦੀ ਮੌਜੂਦਗੀ ਦੇ ਬਾਵਜੂਦ ਅਜਿਹੀਆਂ ਹਰਕਤਾਂ ਕਿਵੇਂ ਹੋ ਰਹੀਆਂ ਹਨ।

ਮੌਕੇ 'ਤੇ ਪਹੁੰਚੇ ਆਗੂ ਚੌਧਰੀ ਯਸ਼ਪਾਲ ਨੇ ਘਟਨਾ ਦਾ ਸਖ਼ਤ ਵਿਰੋਧ ਕਰਦਿਆਂ ਰੋਸ ਪ੍ਰਗਟਾਇਆ। ਉਨ੍ਹਾਂ ਆਖਿਆ ਕਿ ਇਹ ਸ਼ਹਿਰ ਦਾ ਆਪਸੀ ਭਾਈਚਾਰਾ ਅਤੇ ਸ਼ਾਂਤਮਈ ਮਾਹੌਲ ਖ਼ਰਾਬ ਕਰਨ ਦੀ ਇੱਕ ਸੋਚੀ-ਸਮਝੀ ਸਾਜ਼ਿਸ਼ ਜਾਪਦੀ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬਿਨਾਂ ਕਿਸੇ ਪੱਖਪਾਤ ਦੇ ਤੁਰੰਤ ਨਿਰਪੱਖ ਜਾਂਚ ਕਰਵਾਈ ਜਾਵੇ ਤਾਂ ਜੋ ਸਾਫ਼ ਹੋ ਸਕੇ ਕਿ ਇਹ ਸ਼ੀਸ਼ਾ ਕਿਵੇਂ ਟੁੱਟਿਆ। ਉਨ੍ਹਾਂ ਸਪੱਸ਼ਟ ਕਿਹਾ ਕਿ ਜੇਕਰ ਕਿਸੇ ਸ਼ਰਾਰਤੀ ਅਨਸਰ ਨੇ ਜਾਣਬੁੱਝ ਕੇ ਇਹ ਕਾਰਾ ਕੀਤਾ ਹੈ ਤਾਂ ਉਸ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਦਮ ਚੁੱਕੇ ਜਾਣੇ ਚਾਹੀਦੇ ਹਨ ਤਾਂ ਜੋ ਭਵਿੱਖ ਵਿੱਚ ਅਜਿਹੀ ਹਰਕਤ ਦੁਹਰਾਈ ਨਾ ਜਾ ਸਕੇ।

ਫ਼ਿਲਹਾਲ ਸਲੇਮ ਟਾਬਰੀ ਥਾਣੇ ਦੀ ਪੁਲਿਸ ਘਟਨਾ ਸਥਾਨ ਦੇ ਆਲੇ-ਦੁਆਲੇ ਅਤੇ ਚੌਂਕ ਵਿੱਚ ਲੱਗੇ ਸਮੂਹ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਨੂੰ ਬਾਰੀਕੀ ਨਾਲ ਖੰਗਾਲ ਰਹੀ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਫੁਟੇਜ ਰਾਹੀਂ ਇਸ ਗੱਲ ਦੀ ਪੁਖ਼ਤਾ ਪੜਤਾਲ ਕੀਤੀ ਜਾ ਰਹੀ ਹੈ ਕਿ ਸ਼ੀਸ਼ਾ ਕਿਸੇ ਸ਼ਰਾਰਤ ਕਾਰਨ ਟੁੱਟਿਆ ਹੈ ਜਾਂ ਫਿਰ ਇਹ ਕੋਈ ਹਾਦਸਾ ਸੀ। ਜਾਂਚ ਮੁਕੰਮਲ ਹੋਣ ਮਗਰੋਂ ਹੀ ਅਸਲ ਤੱਥ ਸਾਹਮਣੇ ਆਉਣਗੇ। ਅਣਸੁਖਾਵੀਂ ਸਥਿਤੀ ਤੋਂ ਬਚਣ ਲਈ ਇਲਾਕੇ ਵਿੱਚ ਵਾਧੂ ਪੁਲਿਸ ਤਾਇਨਾਤ ਕਰਕੇ ਲਗਾਤਾਰ ਚੌਕਸੀ ਵਰਤੀ ਜਾ ਰਹੀ ਹੈ।

ਵਿਸ਼ਵ

ਸੁਪਰੀਮ ਕੋਰਟ ਦੇ ਫ਼ੈਸਲੇ ਨਾਲ ਕਈ ਡਿਪੋਰਟੇਸ਼ਨ ਕੇਸ ਮੁੜ ਸੁਣਵਾਈ ਲਈ ਆ ਸਕਦੇ ਹਨ

ਵਾਸ਼ਿੰਗਟਨ, 30 ਅਕਤੂਬਰ (ਪੰਜਾਬ ਮੇਲ)- ਅਮਰੀਕਾ ਦੀ ਸੁਪਰੀਮ ਕੋਰਟ ਨੇ ਇਮੀਗ੍ਰੇਸ਼ਨ ਜੱਜਾਂ ਨੂੰ ਕੁਝ ਡਿਪੋਰਟੇਸ਼ਨ ਕੇਸ ਅਸਥਾਈ ਤੌਰ 'ਤੇ ਰੋਕਣ ਦਾ ਅਧਿਕਾਰ ਮੁੜ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਇਹ ਫ਼ੈਸਲਾ 27 ਅਕਤੂਬਰ ਨੂੰ ਆਇਆ। ਅਦਾਲਤ ਨੇ ਆਪਣੇ ਛੋਟੇ ਜਿਹੇ ਹੁਕਮ ਵਿੱਚ ਇਹ ਨਹੀਂ ਦੱਸਿਆ ਕਿ ਉਸ ਨੇ ਅਪੀਲ ਕਿਉਂ ਰੱਦ ਕੀਤੀ। ਕਿਸੇ ਜੱਜ ਨੇ ਵੀ ਜਨਤਕ ਤੌਰ 'ਤੇ ਅਸਹਿਮਤੀ ਨਹੀਂ ਜਤਾਈ।

ਇਹ ਨਿਯਮ "ਐਡਮਿਨਿਸਟ੍ਰੇਟਿਵ ਕਲੋਜ਼ਰ" ਕਹਾਉਂਦਾ ਸੀ। ਸੌਖੇ ਸ਼ਬਦਾਂ ਵਿੱਚ, ਇਸ ਦਾ ਮਤਲਬ ਸੀ ਕਿ ਜੱਜ ਕਿਸੇ ਕੇਸ ਨੂੰ ਕੁਝ ਸਮੇਂ ਲਈ ਰੋਕ ਸਕਦਾ ਸੀ। ਮਿਸਾਲ ਵਜੋਂ, ਜੇ ਕੋਈ ਵਿਅਕਤੀ ਪਰਿਵਾਰਕ ਪਟੀਸ਼ਨ, ਵੀਜ਼ਾ ਜਾਂ ਕਿਸੇ ਹੋਰ ਕਾਨੂੰਨੀ ਇਜਾਜ਼ਤ ਦੇ ਫ਼ੈਸਲੇ ਦੀ ਉਡੀਕ ਕਰ ਰਿਹਾ ਹੋਵੇ, ਤਾਂ ਜੱਜ ਉਸ ਦਾ ਡਿਪੋਰਟੇਸ਼ਨ ਕੇਸ ਅਸਥਾਈ ਤੌਰ 'ਤੇ ਰੋਕ ਸਕਦਾ ਸੀ। ਇਸ ਨਾਲ ਕੇਸ ਪੂਰੀ ਤਰ੍ਹਾਂ ਖ਼ਤਮ ਨਹੀਂ ਹੁੰਦਾ ਸੀ; ਬਾਅਦ ਵਿੱਚ ਉਸ 'ਤੇ ਮੁੜ ਕਾਰਵਾਈ ਹੋ ਸਕਦੀ ਸੀ।

ਬਾਈਡਨ ਸਰਕਾਰ ਨੇ 2024 ਵਿੱਚ ਇਹ ਨਿਯਮ ਮੁੜ ਲਾਗੂ ਕੀਤਾ ਸੀ। ਪਰ ਟਰੰਪ ਪ੍ਰਸ਼ਾਸਨ ਨੇ ਇਸ ਦਾ ਬਚਾਅ ਕਰਨਾ ਬੰਦ ਕਰ ਦਿੱਤਾ। ਟੈਕਸਸ ਨੇ ਵੀ ਨਿਯਮ ਨੂੰ ਅਦਾਲਤ ਵਿੱਚ ਚੁਣੌਤੀ ਦਿੱਤੀ। ਟੈਕਸਸ ਦਾ ਕਹਿਣਾ ਸੀ ਕਿ ਇਸ ਕਾਰਨ ਕੇਸ ਬਹੁਤ ਲੰਮੇ ਸਮੇਂ ਤੱਕ ਰੁਕੇ ਰਹਿ ਸਕਦੇ ਹਨ। ਸਰਕਾਰ ਅਤੇ ਟੈਕਸਸ ਦੇ ਸਮਝੌਤੇ ਤੋਂ ਬਾਅਦ ਹੇਠਲੀ ਅਦਾਲਤ ਨੇ ਨਿਯਮ ਨੂੰ ਦੇਸ਼ ਭਰ ਵਿੱਚ ਰੋਕ ਦਿੱਤਾ।

ਬਾਲਟੀਮੋਰ, ਨਿਊ ਹੈਵਨ ਅਤੇ ਕੋਲੰਬਸ ਸ਼ਹਿਰਾਂ ਅਤੇ ਇੱਕ ਕਾਨੂੰਨੀ ਸਹਾਇਤਾ ਸੰਸਥਾ ਨੇ ਸੁਪਰੀਮ ਕੋਰਟ ਨੂੰ ਇਹ ਰੋਕ ਅਸਥਾਈ ਤੌਰ 'ਤੇ ਹਟਾਉਣ ਦੀ ਬੇਨਤੀ ਕੀਤੀ ਸੀ। ਉਨ੍ਹਾਂ ਦਾ ਕਹਿਣਾ ਸੀ ਕਿ ਨਿਯਮ ਨਾਲ ਜੱਜ ਕੇਸਾਂ ਨੂੰ ਠੀਕ ਢੰਗ ਨਾਲ ਸੰਭਾਲ ਸਕਦੇ ਸਨ ਅਤੇ ਕੁਝ ਲੋਕਾਂ ਨੂੰ ਆਪਣੇ ਕਾਨੂੰਨੀ ਮਾਮਲੇ ਪੂਰੇ ਕਰਨ ਲਈ ਸਮਾਂ ਮਿਲਦਾ ਸੀ।

ਸੁਪਰੀਮ ਕੋਰਟ ਨੇ ਉਨ੍ਹਾਂ ਦੀ ਬੇਨਤੀ ਰੱਦ ਕਰ ਦਿੱਤੀ। ਇਸ ਨਾਲ ਪਹਿਲਾਂ ਰੋਕੇ ਗਏ ਕੁਝ ਕੇਸ ਮੁੜ ਸੁਣਵਾਈ ਲਈ ਆ ਸਕਦੇ ਹਨ।

ਸੁਪਰੀਮ ਕੋਰਟ ਦੇ ਫ਼ੈਸਲੇ ਨਾਲ ਕਈ ਡਿਪੋਰਟੇਸ਼ਨ ਕੇਸ ਮੁੜ ਸੁਣਵਾਈ ਲਈ ਆ ਸਕਦੇ ਹਨ (ਜਾਰੀ)

ਪਰ ਇਸ ਦਾ ਮਤਲਬ ਇਹ ਨਹੀਂ ਕਿ ਹਰ ਕੇਸ ਤੁਰੰਤ ਖੁੱਲ੍ਹੇਗਾ ਜਾਂ ਹਰ ਵਿਅਕਤੀ ਨੂੰ ਡਿਪੋਰਟ ਕੀਤਾ ਜਾਵੇਗਾ। ਮਾਮਲੇ ਦੀ ਕਾਨੂੰਨੀ ਲੜਾਈ ਹੇਠਲੀ ਅਦਾਲਤ ਵਿੱਚ ਜਾਰੀ ਹੈ, ਅਤੇ ਹਰੇਕ ਕੇਸ ਦਾ ਨਤੀਜਾ ਉਸ ਦੇ ਆਪਣੇ ਹਾਲਾਤਾਂ 'ਤੇ ਨਿਰਭਰ ਕਰੇਗਾ।

ਪੰਜਾਬ

ਪਰਵਿੰਦਰ ਝੋਟਾ ਦੇ ਪਰਿਵਾਰ ਨੂੰ ਮਿਲੀ ਸੀਆਰਪੀਐਫ ਸੁਰੱਖਿਆ, ਮਾਨਸਾ ਦੇ ਤਿੰਨੋਂ ਸਬ-ਡਵੀਜ਼ਨਾਂ ਦੇ ਡੀਐਸਪੀ ਬਦਲੇ

ਪਰਵਿੰਦਰ ਸਿੰਘ ਝੋਟਾ ਕਤਲ ਕੇਸ ਨੂੰ ਲੈ ਕੇ ਚੱਲ ਰਹੇ ਟਕਰਾਅ ਦੇ ਵਿਚਕਾਰ ਪੰਜਾਬ ਸਰਕਾਰ ਨੇ ਮਾਨਸਾ ਜ਼ਿਲ੍ਹੇ ਦੇ ਤਿੰਨੋਂ ਸਬ-ਡਵੀਜ਼ਨਾਂ ਦੇ ਡੀਐਸਪੀ ਬਦਲ ਦਿੱਤੇ ਹਨ। ਮਾਨਸਾ ਦੇ ਡੀਐਸਪੀ ਹਰਜਿੰਦਰ ਸਿੰਘ ਗਿੱਲ ਨੂੰ ਪਹਿਲਾਂ ਹੀ ਮੁਅੱਤਲ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੀ ਥਾਂ ਡੀਐਸਪੀ (ਡੀ) ਪੁਸ਼ਪਿੰਦਰ ਸਿੰਘ ਗਿੱਲ ਨੂੰ ਵਾਧੂ ਚਾਰਜ ਦਿੱਤਾ ਗਿਆ ਹੈ। ਹੁਣ ਮਾਨਸਾ ਵਿੱਚ ਐਸਪੀ ਪੱਧਰ ਦੇ ਤਿੰਨ ਅਧਿਕਾਰੀਆਂ ਨੂੰ ਵੀ ਅਸਥਾਈ ਤੌਰ 'ਤੇ ਤਾਇਨਾਤ ਕੀਤਾ ਗਿਆ ਹੈ।

ਮਾਨਸਾ ਦੇ ਨਸ਼ਾ ਵਿਰੋਧੀ ਐਕਟੀਵਿਸਟ ਪਰਵਿੰਦਰ ਝੋਟਾ ਦੇ ਪਰਿਵਾਰ ਨੂੰ ਸਰਕਾਰ ਨੇ ਸੀਆਰਪੀਐਫ ਸਿਕਓਰਿਟੀ ਦੇ ਦਿੱਤੀ ਹੈ। ਪਰਿਵਾਰ ਕਈ ਦਿਨਾਂ ਤੋਂ ਧਰਨੇ 'ਤੇ ਬੈਠਾ ਹੈ, ਅਤੇ ਕੇਂਦਰ ਸਰਕਾਰ ਨੇ ਸੁਰੱਖਿਆ ਨੂੰ ਖਤਰਾ ਤੋਂ ਡਰਦੇ ਹੋਏ ਇਹ ਸੁਰੱਖਿਆ ਪ੍ਰਦਾਨ ਕੀਤੀ ਹੈ। ਦੂਜੇ ਪਾਸੇ, ਅੱਜ (30 ਅਕਤੂਬਰ) ਨੂੰ ਝੋਟਾ ਦੇ ਕਤਲ ਨੂੰ 18 ਦਿਨ ਹੋ ਗਏ ਹਨ। ਝੋਟਾ ਦੀ ਲਾਸ਼ ਮਾਨਸਾ ਦੇ ਸਿਵਲ ਹਸਪਤਾਲ ਵਿੱਚ ਰੱਖੀ ਗਈ ਹੈ। ਪਰ ਅਜੇ ਤੱਕ ਉਸਦਾ ਪੋਸਟਮਾਰਟਮ ਨਹੀਂ ਹੋਇਆ ਹੈ।

ਸੀਬੀਆਈ ਪਰਿਵਾਰ ਨੂੰ ਪੀਜੀਆਈ ਚੰਡੀਗੜ੍ਹ ਵਿਖੇ ਪੋਸਟਮਾਰਟਮ ਲਈ ਕਹਿ ਚੁੱਕੀ ਹੈ, ਪਰ ਪਰਿਵਾਰ ਅਤੇ ਝੋਟਾ ਲਈ ਇਨਸਾਫ਼ ਮੰਗਣ ਲਈ ਬਣਾਈ ਗਈ ਐਕਸ਼ਨ ਕਮੇਟੀ ਅਜੇ ਵੀ ਇਸ ਲਈ ਤਿਆਰ ਨਹੀਂ ਹੈ। ਉਹ ਸੀਐਮ ਭਗਵੰਤ ਮਾਨ ਅਤੇ ਡੀਜੀਪੀ ਗੌਰਵ ਯਾਦਵ ਦੇ ਅਸਤੀਫ਼ੇ ਦੀ ਮੰਗ ਕਰ ਰਹੇ ਹਨ।

ਪਰਵਿੰਦਰ ਸਿੰਘ ਝੋਟਾ ਦਾ 13 ਅਕਤੂਬਰ 2026 ਨੂੰ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। 42 ਸਾਲਾ ਪਰਵਿੰਦਰ ਝੋਟਾ ਨਸ਼ਾ ਤਸਕਰੀ ਅਤੇ ਪਾਬੰਦੀਸ਼ੁਦਾ ਦਵਾਈਆਂ ਦੀ ਵਿਕਰੀ ਖ਼ਿਲਾਫ਼ ਮੁਹਿੰਮ ਸ਼ੁਰੂ ਕੀਤੀ। ਮੁੱਢਲੀ ਜਾਣਕਾਰੀ ਮੁਤਾਬਕ, ਮਾਨਸਾ ਦੇ ਇੱਕ ਮੈਡੀਕਲ ਸਟੋਰ ਵਿੱਚ ਦੁਕਾਨ ਮਾਲਕ ਅਸ਼ਵਨੀ ਕੁਮਾਰ ਨਾਲ ਹੋਈ ਤਕਰਾਰ ਦੌਰਾਨ ਪਰਵਿੰਦਰ ਸਿੰਘ ਝੋਟਾ ਨੂੰ ਗੋਲੀਆਂ ਮਾਰੀਆਂ ਗਈਆਂ। ਇਸ ਘਟਨਾ ਸਮੇਂ ਝੋਟਾ ਸੋਸ਼ਲ ਮੀਡੀਆ 'ਤੇ ਲਾਈਵ ਵੀ ਸਨ। ਪੁਲਿਸ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪਰਿਵਾਰ ਦੀ ਮੰਗ 'ਤੇ ਪੰਜਾਬ ਸਰਕਾਰ ਨੇ ਜਾਂਚ ਸੀਬੀਆਈ ਨੂੰ ਸੌਂਪ ਦਿੱਤੀ ਹੈ।

ਹਲਾਂਕਿ, ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਬਾਅਦ ਪੰਜਾਬ ਪੁਲਿਸ ਵੱਲੋਂ ਕਈ ਥਾਵਾਂ 'ਤੇ ਕਾਰਵਾਈ ਲਗਾਤਾਰ ਜਾਰੀ ਹੈ। ਇਥੋਂ ਤੱਕ ਕੀ ਸੀਬੀਆਈ ਦੀ ਟੀਮ ਵੱਲੋਂ ਲਗਾਤਾਰ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ।

ਪਰਵਿੰਦਰ ਸਿੰਘ ਝੋਟਾ ਦੇ ਕਤਲ ਨੂੰ ਅੱਜ 18 ਦਿਨ ਪੂਰੇ ਹੋ ਚੁੱਕੇ ਹਨ, ਪਰ ਹਾਲੇ ਤੱਕ ਨਾ ਤਾਂ ਉਨ੍ਹਾਂ ਦੀ ਦੇਹ ਦਾ ਪੋਸਟਮਾਰਟਮ ਹੋ ਸਕਿਆ ਹੈ ਅਤੇ ਨਾ ਹੀ ਅੰਤਿਮ ਸਸਕਾਰ ਕੀਤਾ ਗਿਆ ਹੈ। ਮ੍ਰਿਤਕ ਦੇਹ ਮਾਨਸਾ ਦੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਰੱਖੀ ਹੋਈ ਹੈ। ਪੀੜਤ ਪਰਿਵਾਰ ਅਤੇ ਸੰਘਰਸ਼ ਕਮੇਟੀ ਆਪਣੀਆਂ ਪ੍ਰਮੁੱਖ ਮੰਗਾਂ 'ਤੇ ਡਟੇ ਹੋਏ ਹਨ। ਜਦੋਂਕਿ ਸਰਕਾਰ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਕਮੇਟੀ ਦੀਆਂ ਸਾਰੀਆਂ ਮੰਗਾਂ ਮੰਨ ਲਈਆਂ ਗਈਆਂ ਹਨ। ਹੁਣ ਅੰਤਿਮ ਫੈਸਲਾ ਕਮੇਟੀ ਨੇ ਲੈਣਾ ਹੈ।

ਖੇਡਾਂ

ਕਰਾਚੀ ਪੋਰਟ 'ਤੇ 7 ਮਹੀਨਿਆਂ ਤੋਂ ਫਸੇ 6 ਭਾਰਤੀ ਜਹਾਜ਼ਕਰਮੀਆਂ ਦੀ ਬਿਜਲੀ ਬੰਦ, ਪਾਸਪੋਰਟ ਵੀ ਜ਼ਬਤ

ਪਾਕਿਸਤਾਨ ਦੇ ਕਰਾਚੀ ਪੋਰਟ 'ਤੇ 6 ਭਾਰਤੀ ਜਹਾਜ਼ਕਰਮੀ ਪਿਛਲੇ 7 ਮਹੀਨਿਆਂ ਤੋਂ ਫਸੇ ਹੋਏ ਹਨ। ਇਨ੍ਹਾਂ ਵਿੱਚ ਪ੍ਰਯਾਗਰਾਜ ਦੇ ਵਿਨੀਤ ਮਿਸ਼ਰਾ ਵੀ ਸ਼ਾਮਲ ਹਨ। ਪਰਿਵਾਰ ਨੇ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰਾਲੇ ਨੂੰ ਅਪੀਲ ਕਰਦਿਆਂ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਦੀ ਮੰਗ ਕੀਤੀ ਹੈ।

ਪਾਕਿਸਤਾਨ ਦੇ ਕਰਾਚੀ ਪੋਰਟ 'ਤੇ ਛੇ ਭਾਰਤੀ ਜਹਾਜ਼ ਕਰਮੀ ਕਰੀਬ ਸੱਤ ਮਹੀਨਿਆਂ ਤੋਂ ਫਸੇ ਹੋਏ ਹਨ। ਦੱਸਿਆ ਜਾ ਰਿਹਾ ਹੈ ਕਿ ਈਰਾਨ ਦੀ ਇੱਕ ਸ਼ਿਪਿੰਗ ਕੰਪਨੀ ਅਤੇ ਕਰਾਚੀ ਪੋਰਟ ਦੇ ਅਧਿਕਾਰੀਆਂ ਵਿਚਾਲੇ ਵਿਵਾਦ ਕਾਰਨ ਜਹਾਜ਼ ਨੂੰ ਰੋਕ ਦਿੱਤਾ ਗਿਆ ਹੈ। ਇਨ੍ਹਾਂ ਵਿੱਚ ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਦੇ ਰਹਿਣ ਵਾਲੇ ਵਿਨੀਤ ਕਿਸ਼ੋਰ ਮਿਸ਼ਰਾ ਵੀ ਸ਼ਾਮਲ ਹਨ। ਉਹ ਜਹਾਜ਼ 'ਤੇ ਚੀਫ਼ ਅਫ਼ਸਰ ਦੇ ਅਹੁਦੇ 'ਤੇ ਕੰਮ ਕਰਦੇ ਹਨ। ਉਨ੍ਹਾਂ ਦੇ ਪਰਿਵਾਰ ਦਾ ਕਹਿਣਾ ਹੈ ਕਿ 17 ਅਪ੍ਰੈਲ 2026 ਤੋਂ ਜਹਾਜ਼ ਨੂੰ ਕਰਾਚੀ ਪੋਰਟ 'ਤੇ ਰੋਕਿਆ ਹੋਇਆ ਹੈ। ਉਦੋਂ ਤੋਂ ਹੀ ਸਾਰੇ ਛੇ ਭਾਰਤੀ ਉੱਥੇ ਫਸੇ ਹੋਏ ਹਨ।

ਪਰਿਵਾਰ ਮੁਤਾਬਕ, ਜਹਾਜ਼ 'ਤੇ ਬਿਜਲੀ ਨਹੀਂ ਹੈ ਅਤੇ ਮੋਬਾਈਲ ਨੈੱਟਵਰਕ ਵੀ ਕੰਮ ਨਹੀਂ ਕਰਦਾ। ਇਸ ਕਾਰਨ ਜਹਾਜ਼ 'ਤੇ ਮੌਜੂਦ ਲੋਕਾਂ ਨਾਲ ਸੰਪਰਕ ਕਰਨਾ ਬਹੁਤ ਮੁਸ਼ਕਲ ਹੋ ਗਿਆ ਹੈ। ਪਰਿਵਾਰ ਨੇ ਇਹ ਵੀ ਆਰੋਪ ਲਾਇਆ ਹੈ ਕਿ ਛੇ ਭਾਰਤੀਆਂ ਦੇ ਪਾਸਪੋਰਟ ਅਤੇ ਸੀ-ਬੁੱਕ ਯਾਨੀ ਸਮੁੰਦਰੀ ਜਹਾਜ਼ 'ਤੇ ਕੰਮ ਕਰਨ ਨਾਲ ਜੁੜੇ ਦਸਤਾਵੇਜ਼ ਲੈ ਲਏ ਗਏ ਹਨ। ਵਿਨੀਤ ਦੀ ਨੌਕਰੀ ਦਾ ਤੈਅ ਸਮਾਂ ਵੀ ਪੂਰਾ ਹੋ ਚੁੱਕਾ ਹੈ, ਪਰ ਉਨ੍ਹਾਂ ਨੂੰ ਜਹਾਜ਼ ਤੋਂ ਉਤਰ ਕੇ ਭਾਰਤ ਆਉਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ।

ਕਰਾਚੀ ਪੋਰਟ 'ਤੇ 7 ਮਹੀਨਿਆਂ ਤੋਂ ਫਸੇ 6 ਭਾਰਤੀ ਜਹਾਜ਼ਕਰਮੀਆਂ ਦੀ ਬਿਜਲੀ ਬੰਦ, ਪਾਸਪੋਰਟ ਵੀ ਜ਼ਬਤ (ਜਾਰੀ)

ਵਿਨੀਤ ਕਰੀਬ 10 ਸਾਲਾਂ ਤੋਂ ਮਰਚੈਂਟ ਨੇਵੀ ਵਿੱਚ ਕੰਮ ਕਰ ਰਹੇ ਹਨ। ਪਰਿਵਾਰ ਮੁਤਾਬਕ, ਉਨ੍ਹਾਂ ਨੇ 25 ਫਰਵਰੀ 2026 ਨੂੰ ਇੱਕ ਈਰਾਨੀ ਕੰਪਨੀ ਵਿੱਚ ਨੌਕਰੀ ਸ਼ੁਰੂ ਕੀਤੀ ਸੀ। ਇਸ ਤੋਂ ਬਾਅਦ ਉਹ ਕੰਪਨੀ ਦੇ ਜਹਾਜ਼ ਰਾਹੀਂ ਓਮਾਨ ਤੋਂ ਰਵਾਨਾ ਹੋਏ। 17 ਅਪ੍ਰੈਲ ਨੂੰ ਜਹਾਜ਼ ਕਰਾਚੀ ਪੋਰਟ ਪਹੁੰਚਿਆ। ਇੱਥੇ ਕੰਪਨੀ ਅਤੇ ਪੋਰਟ ਅਧਿਕਾਰੀਆਂ ਵਿਚਾਲੇ ਵਿਵਾਦ ਹੋ ਗਿਆ, ਜਿਸ ਤੋਂ ਬਾਅਦ ਜਹਾਜ਼ ਨੂੰ ਰੋਕ ਦਿੱਤਾ ਗਿਆ। ਪਰਿਵਾਰ ਦਾ ਆਰੋਪ ਹੈ ਕਿ ਇਸ ਤੋਂ ਬਾਅਦ ਜਹਾਜ਼ ਦੀ ਬਿਜਲੀ ਕੱਟ ਦਿੱਤੀ ਗਈ ਅਤੇ ਭਾਰਤੀ ਕਰਮਚਾਰੀਆਂ ਦੇ ਪਾਸਪੋਰਟ ਵੀ ਲੈ ਲਏ ਗਏ।

ਵਿਨੀਤ ਦੀ ਪਤਨੀ ਨੇਹਾ ਮਿਸ਼ਰਾ ਅਤੇ ਪਿਤਾ ਲਲਿਤ ਕਿਸ਼ੋਰ ਮਿਸ਼ਰਾ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੇ ਹਨ। ਉਨ੍ਹਾਂ ਦੇ ਪਿਤਾ ਫ਼ੌਜ ਵਿੱਚੋਂ ਸੇਵਾਮੁਕਤ ਹਨ। ਵਿਨੀਤ ਦੇ ਦੋ ਛੋਟੇ ਬੱਚੇ ਵੀ ਆਪਣੇ ਪਿਤਾ ਦੇ ਘਰ ਪਰਤਣ ਦੀ ਉਡੀਕ ਕਰ ਰਹੇ ਹਨ। ਪਰਿਵਾਰ ਦਾ ਕਹਿਣਾ ਹੈ ਕਿ ਨੈੱਟਵਰਕ ਨਾ ਹੋਣ ਕਾਰਨ ਵਿਨੀਤ ਨਾਲ ਰੋਜ਼ਾਨਾ ਗੱਲ ਨਹੀਂ ਹੋ ਪਾਉਂਦੀ। ਕਈ ਵਾਰ ਫ਼ੋਨ 'ਤੇ ਸਿਰਫ਼ ਕੁਝ ਮਿੰਟ ਹੀ ਗੱਲ ਹੋ ਸਕਦੀ ਹੈ। ਇਸ ਕਾਰਨ ਪਰਿਵਾਰ ਨੂੰ ਉਨ੍ਹਾਂ ਦੀ ਸੁਰੱਖਿਆ ਅਤੇ ਸਿਹਤ ਦੀ ਚਿੰਤਾ ਸਤਾਉਂਦੀ ਰਹਿੰਦੀ ਹੈ।

ਵਿਨੀਤ ਦੀ ਪਤਨੀ ਅਤੇ ਪਰਿਵਾਰ ਨੇ ਪਾਕਿਸਤਾਨ ਵਿੱਚ ਭਾਰਤੀ ਕੂਟਨੀਤਕ ਮਿਸ਼ਨ ਨਾਲ ਸੰਪਰਕ ਕੀਤਾ ਹੈ। ਉਨ੍ਹਾਂ ਨੇ ਛੇ ਭਾਰਤੀਆਂ ਨੂੰ ਸੁਰੱਖਿਅਤ ਵਾਪਸ ਲਿਆਉਣ ਵਿੱਚ ਮਦਦ ਮੰਗੀ ਹੈ। ਪਰਿਵਾਰ ਮੁਤਾਬਕ, ਭਾਰਤੀ ਦੂਤਾਵਾਸ ਨੂੰ ਪੱਤਰ ਲਿਖਣ 'ਤੇ ਮਦਦ ਦਾ ਭਰੋਸਾ ਦਿੱਤਾ ਗਿਆ ਸੀ, ਪਰ ਹੁਣ ਤੱਕ ਕੋਈ ਹੱਲ ਨਹੀਂ ਨਿਕਲਿਆ ਹੈ।

ਪਰਿਵਾਰ ਨੇ ਪ੍ਰਧਾਨ ਮੰਤਰੀ, ਰਾਸ਼ਟਰਪਤੀ ਅਤੇ ਵਿਦੇਸ਼ ਮੰਤਰਾਲੇ ਨੂੰ ਜਲਦੀ ਦਖ਼ਲ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਆਪਣੇ ਇਲਾਕੇ ਦੇ ਵਿਧਾਇਕ ਅਤੇ ਸੰਸਦ ਮੈਂਬਰ ਤੋਂ ਵੀ ਮਦਦ ਮੰਗੀ ਹੈ। ਪਰਿਵਾਰ ਦਾ ਸਵਾਲ ਹੈ ਕਿ ਕੰਪਨੀ ਅਤੇ ਪੋਰਟ ਅਧਿਕਾਰੀਆਂ ਵਿਚਾਲੇ ਵਿਵਾਦ ਕਾਰਨ ਛੇ ਭਾਰਤੀਆਂ ਨੂੰ ਕਿਉਂ ਪਰੇਸ਼ਾਨੀ ਝੱਲਣੀ ਪੈ ਰਹੀ ਹੈ? ਉਨ੍ਹਾਂ ਨੂੰ ਭਾਰਤ ਵਾਪਸ ਆਉਣ ਦੀ ਇਜਾਜ਼ਤ ਕਦੋਂ ਮਿਲੇਗੀ?

ਪੰਜਾਬ

ਗੂਗਲ ਦੀ ਮੂਲ ਕੰਪਨੀ ਅਲਫਾਬੇਟ ਦੇ ਸ਼ੇਅਰ 13% ਡਿੱਗੇ

ਨਵੀਂ ਦਿੱਲੀ: ਗੂਗਲ ਦੀ ਮੂਲ ਕੰਪਨੀ ਅਲਫਾਬੇਟ ਦੇ ਸ਼ੇਅਰਾਂ ਵਿੱਚ ਵੀਰਵਾਰ, 29 ਅਕਤੂਬਰ ਨੂੰ ਲਗਭਗ 13 ਫੀਸਦੀ ਦੀ ਗਿਰਾਵਟ ਦਰਜ ਕੀਤੀ ਗਈ। ਕੰਪਨੀ ਦੇ 2004 ਵਿੱਚ ਸ਼ੇਅਰ ਬਾਜ਼ਾਰ ਵਿੱਚ ਸੂਚੀਬੱਧ ਹੋਣ ਤੋਂ ਬਾਅਦ ਇਹ ਇਸ ਦੀਆਂ ਸਭ ਤੋਂ ਵੱਡੀਆਂ ਇਕ ਦਿਨੀ ਗਿਰਾਵਟਾਂ ਵਿੱਚੋਂ ਇੱਕ ਰਹੀ। ਇਸ ਵਿਕਰੀ ਕਾਰਨ ਅਲਫਾਬੇਟ ਦੇ ਬਾਜ਼ਾਰ ਮੁੱਲ ਵਿੱਚ ਲਗਭਗ 500 ਅਰਬ ਡਾਲਰ ਦੀ ਕਮੀ ਆਈ।

ਸ਼ੇਅਰਾਂ ਵਿੱਚ ਗਿਰਾਵਟ ਦਾ ਮੁੱਖ ਕਾਰਨ ਕੰਪਨੀ ਦੇ ਤੀਜੀ ਤਿਮਾਹੀ ਦੇ ਵਿੱਤੀ ਨਤੀਜੇ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਵਧ ਰਿਹਾ ਖਰਚ ਮੰਨਿਆ ਜਾ ਰਿਹਾ ਹੈ। ਕੰਪਨੀ ਦੀ ਵਿਕਰੀ ਵਿਸ਼ਲੇਸ਼ਕਾਂ ਦੀਆਂ ਉਮੀਦਾਂ ਤੋਂ ਘੱਟ ਰਹੀ। ਇਸ ਦੇ ਨਾਲ ਹੀ ਗੂਗਲ ਦੇ ਸਰਚ ਅਤੇ ਇਸ਼ਤਿਹਾਰਬਾਜ਼ੀ ਕਾਰੋਬਾਰ ਦੀ ਆਮਦਨ ਵਿੱਚ ਵਾਧਾ ਵੀ ਉਮੀਦ ਮੁਤਾਬਕ ਨਹੀਂ ਰਿਹਾ।

ਰਿਪੋਰਟਾਂ ਮੁਤਾਬਕ, ਸਰਚ ਅਤੇ ਹੋਰ ਇਸ਼ਤਿਹਾਰਬਾਜ਼ੀ ਕਾਰੋਬਾਰ ਦੀ ਆਮਦਨ ਵਿੱਚ ਵਾਧਾ ਪਿਛਲੀਆਂ ਪੰਜ ਤਿਮਾਹੀਆਂ ਦੇ ਮੁਕਾਬਲੇ ਸਭ ਤੋਂ ਹੌਲੀ ਰਫ਼ਤਾਰ ਨਾਲ ਹੋਇਆ। ਇਹ ਕਾਰੋਬਾਰ ਕੰਪਨੀ ਦੀ ਕੁੱਲ ਆਮਦਨ ਦਾ ਵੱਡਾ ਹਿੱਸਾ ਹੈ ਅਤੇ ਏਆਈ ਪ੍ਰੋਜੈਕਟਾਂ ਵਿੱਚ ਕੀਤੇ ਜਾ ਰਹੇ ਨਿਵੇਸ਼ ਨੂੰ ਵਿੱਤੀ ਸਹਾਇਤਾ ਦਿੰਦਾ ਹੈ।

ਨਿਵੇਸ਼ਕਾਂ ਦੀ ਚਿੰਤਾ ਇਹ ਵੀ ਹੈ ਕਿ ਏਆਈ ਬੁਨਿਆਦੀ ਢਾਂਚੇ, ਡਾਟਾ ਸੈਂਟਰਾਂ ਅਤੇ ਕੰਪਿਊਟਿੰਗ ਸਮਰੱਥਾ 'ਤੇ ਕੀਤੇ ਜਾ ਰਹੇ ਭਾਰੀ ਖਰਚ ਤੋਂ ਕੰਪਨੀ ਨੂੰ ਕਿੰਨਾ ਮੁਨਾਫ਼ਾ ਮਿਲੇਗਾ। ਗੂਗਲ ਦੇ ਏਆਈ ਦੀ ਵਰਤੋਂ ਵਧ ਰਹੀ ਹੈ, ਪਰ ਇਸ ਰਾਹੀਂ ਹੋਣ ਵਾਲੀ ਕਮਾਈ ਰਵਾਇਤੀ ਸਰਚ ਦੇ ਮੁਕਾਬਲੇ ਘੱਟ ਰਹਿਣ ਦੀ ਗੱਲ ਵੀ ਸਾਹਮਣੇ ਆਈ ਹੈ।

ਹਾਲਾਂਕਿ, ਗੂਗਲ ਕਲਾਉਡ ਕਾਰੋਬਾਰ ਅਤੇ ਏਆਈ ਐਪ ਦੇ ਉਪਭੋਗਤਾਵਾਂ ਵਿੱਚ ਵਾਧਾ ਕੰਪਨੀ ਲਈ ਸਕਾਰਾਤਮਕ ਸੰਕੇਤ ਹਨ। ਹੁਣ ਨਿਵੇਸ਼ਕਾਂ ਦੀ ਨਜ਼ਰ ਇਸ ਗੱਲ 'ਤੇ ਹੈ ਕਿ ਅਲਫਾਬੇਟ ਆਪਣੇ ਏਆਈ ਨਿਵੇਸ਼ਾਂ ਨੂੰ ਕਮਾਈ ਵਿੱਚ ਕਿਵੇਂ ਬਦਲਦੀ ਹੈ।

ਪੰਜਾਬ

ਚਿੱਟਾ ਪੀਂਦਾ ਫੜਿਆ ਗਿਆ ਪੰਜਾਬ ਪੁਲਿਸ ਦੇ ਏਐੱਸਆਈ, ਡੋਪ ਟੈਸਟ ਦੀ ਰਿਪੋਰਟ ਆਈ ਤਾਂ ਹੋਇਆ ਵੱਡਾ ਖੁਲਾਸਾ

ਮਾਨਸਾ ਜ਼ਿਲ੍ਹੇ ਦੇ ਬੁਢਲਾਡਾ ਤੋਂ ਇੱਕ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਪੰਜਾਬ ਪੁਲਿਸ ਦੇ ਇੱਕ ਏਐੱਸਆਈ ਨੂੰ ਸਥਾਨਕ ਲੋਕਾਂ ਨੇ ਕਥਿਤ ਤੌਰ 'ਤੇ ਚਿੱਟੇ ਦਾ ਨਸ਼ਾ

ਜਾਣਕਾਰੀ ਮੁਤਾਬਕ ਇਹ ਘਟਨਾ ਬੁਢਲਾਡਾ ਦੇ ਆਈਟੀਆਈ ਚੌਂਕ ਦੀ ਹੈ। ਪੁਲਿਸ ਮੁਲਾਜ਼ਮ ਦੀ ਪਛਾਣ ਸਹਿਜਪ੍ਰੀਤ ਸਿੰਘ ਵਜੋਂ ਹੋਈ ਹੈ, ਜੋ ਜਹਾਨ ਖੇਲਾਂ ਵਿਖੇ ਤਾਇਨਾਤ ਦੱਸਿਆ ਜਾ ਰਿਹਾ ਹੈ। ਉਹ ਡਿਊਟੀ ਦੇ ਸਿਲਸਿਲੇ ਵਿੱਚ ਬੁਢਲਾਡਾ ਆਇਆ ਹੋਇਆ ਸੀ।

ਘਟਨਾ ਦੀ ਸੂਚਨਾ ਮਿਲਦਿਆਂ ਹੀ ਸਥਾਨਕ ਪੁਲਿਸ ਮੌਕੇ 'ਤੇ ਪਹੁੰਚ ਗਈ। ਜਦੋਂ ਪੁਲਿਸ ਮੁਲਾਜ਼ਮ ਨੂੰ ਉੱਥੋਂ ਲਿਜਾਣ ਦੀ ਕੋਸ਼ਿਸ਼ ਕੀਤੀ ਗਈ ਤਾਂ ਕੁਝ ਲੋਕਾਂ ਅਤੇ ਪੁਲਿਸ ਵਿਚਾਲੇ ਝੜਪ ਹੋ ਗਈ। ਇਸ ਦੌਰਾਨ ਪੁਲਿਸ ਉਕਤ ਏਐੱਸਆਈ ਨੂੰ ਨੇੜਲੇ ਇੱਕ ਆਟੋ ਸ਼ੋਅਰੂਮ ਵਿੱਚ ਲੈ ਗਈ। ਇਸ ਤੋਂ ਭੜਕੇ ਕੁਝ ਲੋਕਾਂ ਨੇ ਸ਼ੋਅਰੂਮ ਦੇ ਸ਼ੀਸ਼ੇ ਤੋੜ ਦਿੱਤੇ ਅਤੇ ਪੁਲਿਸ ਖ਼ਿਲਾਫ਼ ਰੋਸ ਪ੍ਰਗਟ ਕੀਤਾ।

ਚਿੱਟਾ ਪੀਂਦਾ ਫੜਿਆ ਗਿਆ ਪੰਜਾਬ ਪੁਲਿਸ ਦੇ ਏਐੱਸਆਈ, ਡੋਪ ਟੈਸਟ ਦੀ ਰਿਪੋਰਟ ਆਈ ਤਾਂ ਹੋਇਆ ਵੱਡਾ ਖੁਲਾਸਾ (ਜਾਰੀ)

ਘਟਨਾ ਤੋਂ ਬਾਅਦ ਸਥਾਨਕ ਲੋਕਾਂ ਦੇ ਨਾਲ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂ ਅਤੇ ਵਰਕਰ ਵੀ ਮੌਕੇ 'ਤੇ ਇਕੱਠੇ ਹੋ ਗਏ। ਪ੍ਰਦਰਸ਼ਨਕਾਰੀਆਂ ਨੇ ਆਈਟੀਆਈ ਚੌਕ ਵਿੱਚ ਧਰਨਾ ਲਗਾ ਕੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਪ੍ਰਦਰਸ਼ਨਕਾਰੀਆਂ ਨੇ ਆਰੋਪ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਨੂੰ ਰੋਕਣ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਪੁਲਿਸ ਮੁਲਾਜ਼ਮਾਂ ਦੇ ਨਸ਼ੇ ਨਾਲ ਜੁੜੇ ਅਜਿਹੇ ਮਾਮਲੇ ਸਾਹਮਣੇ ਆਉਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਕੁਝ ਪ੍ਰਦਰਸ਼ਨਕਾਰੀਆਂ ਨੇ ਸੱਤਾਧਾਰੀ ਪਾਰਟੀ ਦੇ ਆਗੂਆਂ 'ਤੇ ਵੀ ਨਸ਼ਿਆਂ ਦੀ ਵਿਕਰੀ ਨੂੰ ਸ਼ਹਿ ਦੇਣ ਦੇ ਦੋਸ਼ ਲਾਏ।

ਇਸ ਮਾਮਲੇ ਵਿੱਚ ਵੱਡੀ ਕਾਰਵਾਈ ਕਰਦਿਆਂ ਪੁਲਿਸ ਨੇ ਏਐੱਸਆਈ ਸਹਿਜਪ੍ਰੀਤ ਸਿੰਘ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਐੱਸਪੀ ਨਰਿੰਦਰ ਸਿੰਘ ਮੁਤਾਬਕ ਮੁਲਾਜ਼ਮ ਦਾ ਸਿਵਲ ਹਸਪਤਾਲ ਵਿੱਚ ਡੋਪ ਟੈਸਟ ਕਰਵਾਇਆ ਗਿਆ ਸੀ, ਜਿਸ ਦੀ ਰਿਪੋਰਟ ਪਾਜ਼ੇਟਿਵ ਆਈ ਹੈ। ਉਨ੍ਹਾਂ ਦੱਸਿਆ ਕਿ ਸਹਿਜਪ੍ਰੀਤ ਸਿੰਘ ਖ਼ਿਲਾਫ਼ ਥਾਣਾ ਸਿਟੀ ਵਿੱਚ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਇਸ ਘਟਨਾ ਨੇ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਚੱਲ ਰਹੀ ਮੁਹਿੰਮ ਅਤੇ ਪੁਲਿਸ ਦੀ ਕਾਰਗੁਜ਼ਾਰੀ ਨੂੰ ਲੈ ਕੇ ਇੱਕ ਵਾਰ ਫਿਰ ਸਵਾਲ ਖੜ੍ਹੇ ਕਰ ਦਿੱਤੇ ਹਨ।

ਵਿਸ਼ਵ

ਫਰਾਂਸ 'ਚ ਦੋ ਪੰਜਾਬੀ ਨੌਜਵਾਨਾਂ ਦੀ ਮੌਤ, ਇੱਕ ਸਮੁੰਦਰ ਵਿੱਚ ਡੁੱਬਿਆ ਤੇ ਦੂਜੇ ਦੀ ਸ਼ੱਕੀ ਹਾਲਾਤਾਂ ਵਿੱਚ ਗਈ ਜਾਨ

ਫਰਾਂਸ ਦੀ ਰਾਜਧਾਨੀ ਪੈਰਿਸ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਅਕਤੂਬਰ ਮਹੀਨੇ ਦੌਰਾਨ ਦੋ ਪੰਜਾਬੀ ਨੌਜਵਾਨਾਂ ਦੀ ਮੌਤ ਦੀਆਂ ਦੁਖਦਾਈ ਖ਼ਬਰਾਂ ਸਾਹਮਣੇ ਆਈਆਂ ਹਨ। ਮ੍ਰਿਤਕਾਂ ਦੀ ਪਛਾਣ ਅੰਮ੍ਰਿਤਸਰ ਦੇ 22 ਸਾਲਾ ਆਯੂਸ਼ ਵਰਮਾ ਅਤੇ ਜਲੰਧਰ ਦੇ 42 ਸਾਲਾ ਨਰਿੰਦਰ ਕੁਮਾਰ ਵਜੋਂ ਹੋਈ ਹੈ।

ਅੰਮ੍ਰਿਤਸਰ ਦੇ ਕੋਟ ਖਾਲਸਾ (ਦਸ਼ਮੇਸ਼ ਨਗਰ) ਦਾ ਰਹਿਣ ਵਾਲਾ 22 ਸਾਲਾ ਆਯੂਸ਼ ਵਰਮਾ ਕੁਝ ਸਮਾਂ ਪਹਿਲਾਂ ਹੀ ਸੁਨਹਿਰੀ ਭਵਿੱਖ ਦੀ ਭਾਲ ਵਿੱਚ ਫਰਾਂਸ ਗਿਆ ਸੀ। ਮਿਲੀ ਜਾਣਕਾਰੀ ਮੁਤਾਬਕ, ਆਯੂਸ਼ ਫਰਾਂਸ ਦੇ ਮਾਰਸੇ ਇਲਾਕੇ ਵਿੱਚ ਸਮੁੰਦਰ ਕੰਢੇ ਨਹਾਉਣ ਗਿਆ ਸੀ।

ਇਸ ਦੌਰਾਨ ਅਚਾਨਕ ਸਮੁੰਦਰ ਵਿੱਚ ਉੱਠੀਆਂ ਤੇਜ਼ ਲਹਿਰਾਂ ਦੇ ਵਹਾਅ ਵਿੱਚ ਆਉਣ ਕਾਰਨ ਉਹ ਡੂੰਘੇ ਪਾਣੀ ਵਿੱਚ ਡੁੱਬ ਗਿਆ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ 25 ਅਕਤੂਬਰ ਨੂੰ ਉਸ ਨੇ ਦਮ ਤੋੜ ਦਿੱਤਾ। ਆਯੂਸ਼ ਦਾ ਪਰਿਵਾਰ ਬੇਹੱਦ ਗਰੀਬ ਹੈ ਅਤੇ ਉਸ ਦੀ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ ਲਈ ਵੱਡੀ ਰਕਮ ਦੀ ਲੋੜ ਹੈ।

ਦੂਜਾ ਮਾਮਲਾ ਜਲੰਧਰ ਦੇ ਰੁੜਕਾ ਕਲਾਂ ਨਾਲ ਸਬੰਧਤ ਹੈ। ਇੱਥੋਂ ਦੇ ਰਹਿਣ ਵਾਲੇ 42 ਸਾਲਾ ਨਰਿੰਦਰ ਕੁਮਾਰ ਦੀ ਪੈਰਿਸ ਨੇੜੇ ਬੌਬਿਨੀ ਇਲਾਕੇ ਵਿੱਚ ਸ਼ੱਕੀ ਹਾਲਾਤਾਂ ਵਿੱਚ ਮੌਤ ਹੋ ਗਈ। ਇਹ ਘਟਨਾ 23 ਅਤੇ 24 ਅਕਤੂਬਰ ਦੀ ਦਰਮਿਆਨੀ ਰਾਤ ਨੂੰ ਵਾਪਰੀ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਦੋਵਾਂ ਪੰਜਾਬੀ ਨੌਜਵਾਨਾਂ ਦੀਆਂ ਮ੍ਰਿਤਕ ਦੇਹਾਂ ਨੂੰ ਪੰਜਾਬ (ਭਾਰਤ) ਵਿੱਚ ਉਨ੍ਹਾਂ ਦੇ ਪਰਿਵਾਰਾਂ ਤੱਕ ਪਹੁੰਚਾਉਣ ਲਈ ਸਮਾਜਿਕ ਸੰਸਥਾ 'ਆਰਡਨ' ਦੇ ਸੰਚਾਲਕ ਇਕਬਾਲ ਸਿੰਘ ਭੱਟੀ ਅਤੇ ਪੀੜਤ ਪਰਿਵਾਰ ਅੱਗੇ ਆਏ ਹਨ। ਸੰਸਥਾ ਵੱਲੋਂ ਵਿਦੇਸ਼ਾਂ ਵਿੱਚ ਰਹਿਣ ਵਾਲੇ ਪੰਜਾਬੀ ਭਾਈਚਾਰੇ ਅਤੇ ਦਾਨੀ ਸੱਜਣਾਂ ਨੂੰ ਆਰਥਿਕ ਸਹਾਇਤਾ ਦੇਣ ਦੀ ਅਪੀਲ ਕੀਤੀ ਗਈ ਹੈ, ਤਾਂ ਜੋ ਜ਼ਰੂਰੀ ਕਾਗਜ਼ੀ ਕਾਰਵਾਈ ਅਤੇ ਮ੍ਰਿਤਕ ਦੇਹਾਂ ਦੀ ਢੋਆ-ਢੁਆਈ ਦਾ ਖਰਚਾ ਪੂਰਾ ਕੀਤਾ ਜਾ ਸਕੇ।

ਸਿੱਖਿਆ

ਦੀ 2028 ਦੀ 10ਵੀਂ ਬੋਰਡ ਪ੍ਰੀਖਿਆ ਵਿੱਚ 5 ਵਿਸ਼ੇ ਲਾਜ਼ਮੀ, ਸਕਿੱਲ ਪੇਪਰ ਨਾਲ ਸੁਧਰੇਗਾ ਨਤੀਜਾ

ਨੇ 2028 ਦੀ 10ਵੀਂ ਜਮਾਤ ਦੀ ਬੋਰਡ ਪ੍ਰੀਖਿਆ ਲਈ ਨਵੇਂ ਨਿਯਮਾਂ ਦਾ ਐਲਾਨ ਕੀਤਾ ਹੈ। ਹੁਣ ਪੰਜ ਲਾਜ਼ਮੀ ਵਿਸ਼ਿਆਂ ਦੇ ਨਾਲ ਇੱਕ ਸਕਿੱਲ ਸਬਜੈਕਟ ਦੀ ਪੜ੍ਹਾਈ ਵੀ ਕਰਨੀ ਹੋਵੇਗੀ। ਇਸ ਤੋਂ ਇਲਾਵਾ, 9ਵੀਂ ਅਤੇ 10ਵੀਂ ਜਮਾਤ ਵਿੱਚ ਤਿੰਨ ਭਾਸ਼ਾਵਾਂ ਦੀ ਪੜ੍ਹਾਈ ਵੀ ਲਾਜ਼ਮੀ ਹੋਵੇਗੀ।

ਇਸ ਤਹਿਤ ਵਿਦਿਆਰਥੀਆਂ ਨੂੰ ਪੰਜ ਲਾਜ਼ਮੀ ਵਿਸ਼ਿਆਂ ਦੀ ਪੜ੍ਹਾਈ ਕਰਨੀ ਹੋਵੇਗੀ। ਇਸ ਦੇ ਨਾਲ ਹੀ ਉਨ੍ਹਾਂ ਨੂੰ ਇੱਕ ਵਾਧੂ ਸਕਿੱਲ ਸਬਜੈਕਟ ਚੁਣਨ ਦਾ ਵਿਕਲਪ ਵੀ ਮਿਲੇਗਾ। ਇਸ ਵਿਸ਼ੇ ਦੇ ਅੰਕ ਗਣਿਤ, ਵਿਗਿਆਨ ਜਾਂ ਸਮਾਜਿਕ ਵਿਗਿਆਨ ਵਿੱਚ ਫੇਲ੍ਹ ਹੋਣ ਦੀ ਸਥਿਤੀ ਵਿੱਚ ਵਿਦਿਆਰਥੀਆਂ ਦੇ ਨਤੀਜੇ ਨੂੰ ਸੁਧਾਰਨ ਵਿੱਚ ਮਦਦ ਕਰ ਸਕਦੇ ਹਨ। ਇਸ ਤੋਂ ਇਲਾਵਾ, ਬੋਰਡ ਨੇ 9ਵੀਂ ਅਤੇ 10ਵੀਂ ਜਮਾਤ ਵਿੱਚ ਤਿੰਨ ਭਾਸ਼ਾਵਾਂ ਦੀ ਪੜ੍ਹਾਈ ਲਾਜ਼ਮੀ ਕਰਨ ਦਾ ਫੈਸਲਾ ਕੀਤਾ ਹੈ। ਨਵੀਂ ਵਿਵਸਥਾ ਅਕਾਦਮਿਕ ਸੈਸ਼ਨ 2026-27 ਵਿੱਚ 9ਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ 'ਤੇ ਲਾਗੂ ਹੋਵੇਗੀ।

ਇਸ ਦੇ ਅਨੁਸਾਰ, ਵਿਦਿਆਰਥੀਆਂ ਨੂੰ ਪੰਜ ਲਾਜ਼ਮੀ ਵਿਸ਼ਿਆਂ ਦੀ ਪੜ੍ਹਾਈ ਕਰਨੀ ਹੋਵੇਗੀ। ਇਸ ਤੋਂ ਇਲਾਵਾ ਉਹ ਇੱਕ ਵਾਧੂ ਸਕਿੱਲ ਸਬਜੈਕਟ ਦੀ ਚੋਣ ਵੀ ਕਰ ਸਕਣਗੇ। ਇਸ ਵਿਸ਼ੇ ਦਾ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬੀ ਪੜ੍ਹਾਈ ਦੇ ਨਾਲ-ਨਾਲ ਵਿਹਾਰਕ ਹੁਨਰ ਸਿੱਖਣ ਦਾ ਮੌਕਾ ਦੇਣਾ ਹੈ।

ਦੀ 2028 ਦੀ 10ਵੀਂ ਬੋਰਡ ਪ੍ਰੀਖਿਆ ਵਿੱਚ 5 ਵਿਸ਼ੇ ਲਾਜ਼ਮੀ, ਸਕਿੱਲ ਪੇਪਰ ਨਾਲ ਸੁਧਰੇਗਾ ਨਤੀਜਾ (ਜਾਰੀ)

ਗਣਿਤ, ਵਿਗਿਆਨ ਜਾਂ ਸਮਾਜਿਕ ਵਿਗਿਆਨ ਵਿੱਚ ਫੇਲ੍ਹ ਹੋਣ ਦੀ ਸਥਿਤੀ ਵਿੱਚ ਸਕਿੱਲ ਸਬਜੈਕਟ ਦੇ ਅੰਕ ਉਨ੍ਹਾਂ ਦੇ ਨਤੀਜੇ ਨੂੰ ਸੁਧਾਰਨ ਵਿੱਚ ਮਦਦ ਕਰ ਸਕਦੇ ਹਨ। ਹਾਲਾਂਕਿ, ਇਸ ਦਾ ਲਾਭ ਬੋਰਡ ਵੱਲੋਂ ਤੈਅ ਕੀਤੇ ਨਿਯਮਾਂ ਅਨੁਸਾਰ ਹੀ ਮਿਲੇਗਾ।

ਇਸ ਲਈ ਵਿਦਿਆਰਥੀ ਸਕਿੱਲ ਡਿਵੈਲਪਮੈਂਟ ਨਾਲ ਜੁੜੇ ਵਿਸ਼ੇ ਜਾਂ ਬੋਰਡ ਵੱਲੋਂ ਪੇਸ਼ ਕੀਤੇ ਗਏ 22 ਸਕਿੱਲ ਸਬਜੈਕਟਸ ਵਿੱਚੋਂ ਕਿਸੇ ਇੱਕ ਦੀ ਚੋਣ ਕਰ ਸਕਦੇ ਹਨ।

ਵਿਦਿਆਰਥੀਆਂ ਨੂੰ ਮੁਲਾਂਕਣ ਲਈ ਦੋ ਵਿਕਲਪ ਦਿੱਤੇ ਜਾਣਗੇ। ਉਹ ਸਕੂਲ ਵਿੱਚ ਇੰਟਰਨਲ ਅਸੈਸਮੈਂਟ ਦੇ ਸਕਦੇ ਹਨ ਜਾਂ ਫਿਰ ਬੋਰਡ ਪ੍ਰੀਖਿਆ ਵਿੱਚ ਸ਼ਾਮਲ ਹੋ ਕੇ ਰਾਸ਼ਟਰੀ ਪੱਧਰ 'ਤੇ ਮਾਨਤਾ ਪ੍ਰਾਪਤ ਸਕਿੱਲ ਸਰਟੀਫਿਕੇਟ ਹਾਸਲ ਕਰ ਸਕਦੇ ਹਨ।

ਇਸ ਤਹਿਤ ਵਿਦਿਆਰਥੀਆਂ ਨੂੰ ਤਿੰਨ ਭਾਸ਼ਾਵਾਂ ਦੀ ਪੜ੍ਹਾਈ ਕਰਨੀ ਹੋਵੇਗੀ, ਜਿਨ੍ਹਾਂ ਵਿੱਚੋਂ ਘੱਟੋ-ਘੱਟ ਦੋ ਭਾਰਤੀ ਭਾਸ਼ਾਵਾਂ ਹੋਣੀਆਂ ਲਾਜ਼ਮੀ ਹਨ। ਇਸ ਬਦਲਾਅ ਨਾਲ ਦੋਵਾਂ ਜਮਾਤਾਂ ਦੇ ਲਗਭਗ 50 ਲੱਖ ਵਿਦਿਆਰਥੀ ਪ੍ਰਭਾਵਿਤ ਹੋਣਗੇ। ਹਾਲਾਂਕਿ, ਮੌਜੂਦਾ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਇਸ ਸਾਲ ਤੀਜੀ ਭਾਸ਼ਾ ਦੀ ਪ੍ਰੀਖਿਆ ਨਹੀਂ ਦੇਣੀ ਪਵੇਗੀ।

ਮੌਜੂਦਾ ਸਮੇਂ 10ਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ 'ਤੇ ਇਨ੍ਹਾਂ ਨਵੇਂ ਨਿਯਮਾਂ ਦਾ ਕੋਈ ਅਸਰ ਨਹੀਂ ਪਵੇਗਾ।

ਬੋਰਡ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਇੰਟਰਡਿਸਿਪਲਿਨਰੀ ਏਰੀਆ ਅਤੇ ਕੰਪਿਊਟੇਸ਼ਨਲ ਥਿੰਕਿੰਗ ਤੇ ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਮੋਡੀਊਲ ਇਸ ਸਟੱਡੀ ਸਕੀਮ ਦਾ ਹਿੱਸਾ ਨਹੀਂ ਹੋਣਗੇ। ਨਵੇਂ ਨਿਯਮਾਂ ਦਾ ਉਦੇਸ਼ ਵਿਦਿਆਰਥੀਆਂ ਨੂੰ ਰਵਾਇਤੀ ਵਿਸ਼ਿਆਂ ਦੇ ਨਾਲ-ਨਾਲ ਹੁਨਰ ਆਧਾਰਿਤ ਸਿੱਖਿਆ ਦੇ ਮੌਕੇ ਪ੍ਰਦਾਨ ਕਰਨਾ ਹੈ।

ਮਨੋਰੰਜਨ

ਘੱਟ ਖਰਚੇ 'ਚ ਆਲੀਸ਼ਾਨ ਠਹਿਰ: ਏਕਤਾ ਨਗਰ ਦੇ ਨਵੇਂ ਹੋਟਲ ਦਾ ਕੱਲ੍ਹ ਉਦਘਾਟਨ ਕਰਨਗੇ ਮੋਦੀ

'ਸਟੈਚੂ ਆਫ਼ ਯੂਨਿਟੀ' ਦੇ ਦਰਸ਼ਨਾਂ ਲਈ ਆਉਣ ਵਾਲੇ ਸੈਲਾਨੀਆਂ ਨੂੰ ਜਲਦੀ ਹੀ ਏਕਤਾ ਨਗਰ ਵਿੱਚ ਰਹਿਣ ਲਈ ਇੱਕ ਨਵਾਂ ਵਿਕਲਪ ਮਿਲੇਗਾ। 31 ਅਕਤੂਬਰ, 2026 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇੱਕ ਨਵੇਂ ਹੋਟਲ ਦਾ ਉਦਘਾਟਨ ਕਰਨਗੇ, ਜਿਸ ਦਾ ਨਿਰਮਾਣ 52.50 ਕਰੋੜ ਰੁਪਏ ਦੀ ਲਾਗਤ ਨਾਲ ਕੀਤਾ ਗਿਆ ਹੈ। ਲਗਭਗ ਦੋ ਏਕੜ ਵਿੱਚ ਫੈਲੇ ਇਸ ਹੋਟਲ ਵਿੱਚ ਚਾਰ ਤਰ੍ਹਾਂ ਦੇ ਕਮਰੇ ਹਨ, ਅਤੇ ਨਾਲ ਹੀ ਇੱਥੇ ਰੈਸਟੋਰੈਂਟ, ਕੈਫੇਟੇਰੀਆ, ਸਵਿਮਿੰਗ ਪੂਲ ਅਤੇ ਕਾਨਫਰੰਸ ਹਾਲ ਵਰਗੀਆਂ ਸਹੂਲਤਾਂ ਵੀ ਮੌਜੂਦ ਹਨ। ਰੇਲਵੇ ਸਟੇਸ਼ਨ ਦੇ ਨੇੜੇ ਹੋਣ ਕਾਰਨ, ਇਹ ਯਾਤਰੀਆਂ ਲਈ ਬਹੁਤ ਸੁਵਿਧਾਜਨਕ ਹੋਵੇਗਾ। ਹੁਣ ਤੱਕ ਤਿੰਨ ਕਰੋੜ ਤੋਂ ਵੱਧ ਸੈਲਾਨੀ 'ਸਟੈਚੂ ਆਫ਼ ਯੂਨਿਟੀ' ਦਾ ਦੌਰਾ ਕਰ ਚੁੱਕੇ ਹਨ; ਅਜਿਹੇ ਵਿੱਚ, ਇਹ ਹੋਟਲ ਸਥਾਨਕ ਸੈਰ-ਸਪਾਟੇ ਅਤੇ ਰੁਜ਼ਗਾਰ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ।

ਜੇਕਰ ਤੁਸੀਂ 'ਸਟੈਚੂ ਆਫ਼ ਯੂਨਿਟੀ' ਜਾਣ ਦੀ ਯੋਜਨਾ ਬਣਾ ਰਹੇ ਹੋ, ਤਾਂ ਤੁਹਾਡੇ ਲਈ ਇੱਕ ਖੁਸ਼ਖਬਰੀ ਹੈ: ਸੈਲਾਨੀਆਂ ਨੂੰ ਜਲਦੀ ਹੀ ਏਕਤਾ ਨਗਰ ਵਿੱਚ ਇੱਕ ਹੋਰ ਆਧੁਨਿਕ ਹੋਟਲ ਦੀ ਸਹੂਲਤ ਮਿਲੇਗੀ। 31 ਅਕਤੂਬਰ 2026 ਨੂੰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਏਕਤਾ ਨਗਰ ਰੇਲਵੇ ਸਟੇਸ਼ਨ ਦੇ ਨੇੜੇ ਸਥਿਤ ਇੱਕ ਨਵੇਂ ਹੋਟਲ ਦਾ ਉਦਘਾਟਨ ਕਰਨਗੇ। ਲਗਭਗ 52.50 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਇਸ ਹੋਟਲ ਵਿੱਚ ਸਵਿਮਿੰਗ ਪੂਲ ਤੋਂ ਲੈ ਕੇ ਇੱਕ ਸ਼ਾਨਦਾਰ ਰੈਸਟੋਰੈਂਟ ਅਤੇ ਕਾਨਫਰੰਸ ਹਾਲ ਤੱਕ ਦੀਆਂ ਸਹੂਲਤਾਂ ਮੌਜੂਦ ਹੋਣਗੀਆਂ। ਇਸਦਾ ਮਤਲਬ ਇਹ ਹੈ ਕਿ ਸੈਲਾਨੀ ਨਾ ਸਿਰਫ਼ ਇਸ ਇਲਾਕੇ ਦੀ ਸੈਰ ਕਰ ਸਕਣਗੇ, ਸਗੋਂ ਇੱਕ ਆਰਾਮਦਾਇਕ ਅਤੇ ਸਕੂਨ ਭਰੀ ਛੁੱਟੀ ਦਾ ਆਨੰਦ ਵੀ ਲੈ ਸਕਣਗੇ। ਇਸ ਹੋਟਲ ਨੂੰ ਇਸ ਤਰੀਕੇ ਨਾਲ ਡਿਜ਼ਾਈਨ ਕੀਤਾ ਗਿਆ ਹੈ ਕਿ ਇਹ ਪੰਜ-ਸਿਤਾਰਾ ਹੋਟਲਾਂ ਵਰਗੀਆਂ ਸਹੂਲਤਾਂ ਪ੍ਰਦਾਨ ਕਰਕੇ ਸੈਲਾਨੀਆਂ ਨੂੰ ਆਕਰਸ਼ਿਤ ਕਰ ਸਕੇ।

ਲਗਭਗ ਦੋ ਏਕੜ ਵਿੱਚ ਫੈਲਿਆ ਇਹ ਹੋਟਲ ਏਕਤਾ ਨਗਰ ਵਿੱਚ ਵਧ ਰਹੇ ਸੈਰ-ਸਪਾਟੇ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਦੇਸ਼ ਭਰ ਤੋਂ ਸੈਲਾਨੀ ਇੱਥੇ 'ਸਟੈਚੂ ਆਫ਼ ਯੂਨਿਟੀ' ਦੇ ਦਰਸ਼ਨ ਕਰਨ ਲਈ ਆਉਂਦੇ ਹਨ, ਜਿਸ ਕਾਰਨ ਉਨ੍ਹਾਂ ਲਈ ਰਹਿਣ-ਸਹਿਣ ਦੇ ਵਧੀਆ ਵਿਕਲਪ ਮੁਹੱਈਆ ਕਰਵਾਉਣਾ ਜ਼ਰੂਰੀ ਹੋ ਗਿਆ ਸੀ। ਰੇਲਵੇ ਸਟੇਸ਼ਨ ਦੇ ਬਿਲਕੁਲ ਨੇੜੇ ਸਥਿਤ ਹੋਣ ਕਾਰਨ, ਇਹ ਰੇਲ ਰਾਹੀਂ ਆਉਣ ਵਾਲੇ ਯਾਤਰੀਆਂ ਲਈ ਬਹੁਤ ਸੁਵਿਧਾਜਨਕ ਹੋਵੇਗਾ। ਇਸ ਹੋਟਲ ਵਿੱਚ ਚਾਰ ਤਰ੍ਹਾਂ ਦੇ ਕਮਰੇ ਹਨ, ਅਤੇ ਨਾਲ ਹੀ ਇੱਕ ਕੈਫੇਟੇਰੀਆ, ਇੱਕ ਬੈਂਕੁਏਟ ਹਾਲ, ਇੱਕ ਕਾਨਫਰੰਸ ਹਾਲ ਅਤੇ ਇੱਕ ਆਕਰਸ਼ਕ ਢੰਗ ਨਾਲ ਡਿਜ਼ਾਈਨ ਕੀਤਾ ਗਿਆ ਕੰਪਲੈਕਸ ਮੌਜੂਦ ਹੈ। ਹਾਲਾਂਕਿ, ਕਮਰਿਆਂ ਦੇ ਕਿਰਾਏ ਅਤੇ ਹੋਟਲ ਦੀ ਅਧਿਕਾਰਤ ਸਟਾਰ ਸ਼੍ਰੇਣੀ ਬਾਰੇ ਵੇਰਵੇ ਅਜੇ ਜਾਰੀ ਨਹੀਂ ਕੀਤੇ ਗਏ ਹਨ।

ਏਕਤਾ ਨਗਰ ਵਿੱਚ ਸੈਲਾਨੀਆਂ ਦੀ ਵਧਦੀ ਗਿਣਤੀ ਇਸ ਨਵੇਂ ਹੋਟਲ ਦੀ ਲੋੜ ਦਾ ਇੱਕ ਮੁੱਖ ਕਾਰਨ ਹੈ। 'ਸਟੈਚੂ ਆਫ਼ ਯੂਨਿਟੀ' ਦੇ ਉਦਘਾਟਨ ਤੋਂ ਬਾਅਦ, ਇਹ ਖੇਤਰ ਗੁਜਰਾਤ ਦੇ ਪ੍ਰਮੁੱਖ ਸੈਰ-ਸਪਾਟਾ ਕੇਂਦਰਾਂ ਵਿੱਚੋਂ ਇੱਕ ਬਣ ਗਿਆ ਹੈ। ਉਪਲਬਧ ਜਾਣਕਾਰੀ ਅਨੁਸਾਰ, ਹੁਣ ਤੱਕ 30 ਮਿਲੀਅਨ (ਤਿੰਨ ਕਰੋੜ) ਤੋਂ ਵੱਧ ਸੈਲਾਨੀ ਇੱਥੇ ਆ ਚੁੱਕੇ ਹਨ। ਸੈਲਾਨੀਆਂ ਦੀ ਇਸ ਭਾਰੀ ਆਮਦ ਕਾਰਨ ਹੋਟਲਾਂ ਅਤੇ ਹੋਰ ਪ੍ਰਾਹੁਣਚਾਰੀ ਸਹੂਲਤਾਂ ਦੀ ਮੰਗ ਵਿੱਚ ਵਾਧਾ ਹੋਇਆ ਹੈ। ਤਾਂ ਜੋ ਉਹ ਆਸਾਨੀ ਨਾਲ ਆਲੇ-ਦੁਆਲੇ ਦੇ ਸੈਰ-ਸਪਾਟਾ ਸਥਾਨਾਂ ਦੀ ਸੈਰ ਕਰ ਸਕਣ।

ਘੱਟ ਖਰਚੇ 'ਚ ਆਲੀਸ਼ਾਨ ਠਹਿਰ: ਏਕਤਾ ਨਗਰ ਦੇ ਨਵੇਂ ਹੋਟਲ ਦਾ ਕੱਲ੍ਹ ਉਦਘਾਟਨ ਕਰਨਗੇ ਮੋਦੀ (ਜਾਰੀ)

ਇਹ ਹੋਟਲ ਸਿਰਫ਼ ਰਿਹਾਇਸ਼ ਤੋਂ ਵੱਧ ਦੀ ਪੇਸ਼ਕਸ਼ ਕਰਦਾ ਹੈ; ਇਸ ਵਿੱਚ ਖਾਣੇ ਅਤੇ ਸਮਾਗਮਾਂ ਦੀ ਮੇਜ਼ਬਾਨੀ ਲਈ ਸਮਰਪਿਤ ਸਹੂਲਤਾਂ ਵੀ ਹਨ। ਸਾਈਟ 'ਤੇ ਰੈਸਟੋਰੈਂਟ ਅਤੇ ਇੱਕ ਕੈਫੇਟੇਰੀਆ ਸੈਲਾਨੀਆਂ ਲਈ ਕਈ ਤਰ੍ਹਾਂ ਦੇ ਖਾਣੇ ਦੇ ਵਿਕਲਪ ਪ੍ਰਦਾਨ ਕਰਦੇ ਹਨ। ਇਸ ਤੋਂ ਇਲਾਵਾ, ਦਾਅਵਤ ਅਤੇ ਕਾਨਫਰੰਸ ਹਾਲ ਵਿਆਹਾਂ ਅਤੇ ਹੋਰ ਸਮਾਜਿਕ ਜਸ਼ਨਾਂ ਦੇ ਨਾਲ-ਨਾਲ ਵਪਾਰਕ ਮੀਟਿੰਗਾਂ ਅਤੇ ਕਾਨਫਰੰਸਾਂ ਦੀ ਮੇਜ਼ਬਾਨੀ ਕਰਨ ਦੀ ਆਗਿਆ ਦਿੰਦੇ ਹਨ। ਇਹ ਏਕਤਾ ਨਗਰ ਨੂੰ ਸਿਰਫ਼ ਸੈਰ-ਸਪਾਟੇ ਲਈ ਇੱਕ ਜਗ੍ਹਾ ਦੀ ਬਜਾਏ ਕਾਰਪੋਰੇਟ ਅਤੇ ਸਮਾਜਿਕ ਸਮਾਗਮਾਂ ਲਈ ਢੁਕਵੀਂ ਜਗ੍ਹਾ ਵਜੋਂ ਵਿਕਸਤ ਕਰਨ ਵਿੱਚ ਮਦਦ ਕਰ ਸਕਦਾ ਹੈ। ਹੋਟਲ ਵਿੱਚ ਇੱਕ ਸਵੀਮਿੰਗ ਪੂਲ ਵਰਗੀਆਂ ਸਹੂਲਤਾਂ ਵੀ ਸ਼ਾਮਲ ਹਨ, ਜੋ ਸੈਲਾਨੀਆਂ ਨੂੰ ਇੱਕ ਦਿਨ ਦੀ ਸੈਰ-ਸਪਾਟੇ ਤੋਂ ਬਾਅਦ ਆਰਾਮ ਕਰਨ ਅਤੇ ਆਪਣੇ ਪਰਿਵਾਰਾਂ ਨਾਲ ਵਧੀਆ ਸਮਾਂ ਬਿਤਾਉਣ ਦਾ ਵਧੀਆ ਤਰੀਕਾ ਪ੍ਰਦਾਨ ਕਰਦੀਆਂ ਹਨ।

ਇਸ ਪ੍ਰੋਜੈਕਟ ਦਾ ਸਥਾਨਕ ਰੁਜ਼ਗਾਰ 'ਤੇ ਵੀ ਅਸਰ ਪੈ ਸਕਦਾ ਹੈ। ਹੋਟਲ ਨੂੰ ਚਲਾਉਣ ਲਈ ਹੋਟਲ ਪ੍ਰਬੰਧਨ, ਹਾਊਸਕੀਪਿੰਗ, ਰਸੋਈ ਕਾਰਜ, ਭੋਜਨ ਅਤੇ ਪੀਣ ਵਾਲੇ ਪਦਾਰਥ, ਅਤੇ ਗਾਹਕ ਸੇਵਾ ਵਰਗੇ ਵਿਭਾਗਾਂ ਵਿੱਚ ਸਟਾਫ ਦੀ ਲੋੜ ਹੋਵੇਗੀ, ਜਿਸ ਨਾਲ ਸਥਾਨਕ ਨੌਜਵਾਨਾਂ ਲਈ ਨੌਕਰੀ ਦੇ ਮੌਕੇ ਪੈਦਾ ਹੋ ਸਕਦੇ ਹਨ। ਇਸ ਤੋਂ ਇਲਾਵਾ, ਨੇੜਲੇ ਦੁਕਾਨਦਾਰਾਂ, ਟੈਕਸੀ ਡਰਾਈਵਰਾਂ, ਗਾਈਡਾਂ ਅਤੇ ਛੋਟੇ ਕਾਰੋਬਾਰੀ ਮਾਲਕਾਂ ਨੂੰ ਵੀ ਲਾਭ ਹੋਣ ਦੀ ਸੰਭਾਵਨਾ ਹੈ। ਕਿਉਂਕਿ ਸੈਲਾਨੀ ਏਕਤਾ ਨਗਰ ਵਿੱਚ ਵਧੇਰੇ ਸਮਾਂ ਬਿਤਾਉਂਦੇ ਹਨ, ਉਨ੍ਹਾਂ ਦਾ ਖਰਚ ਸਥਾਨਕ ਆਰਥਿਕਤਾ ਵਿੱਚ ਯੋਗਦਾਨ ਪਾਵੇਗਾ। ਇਸ ਤੋਂ ਇਲਾਵਾ, ਹੋਟਲ ਅਤੇ ਕਾਨਫਰੰਸ ਸਹੂਲਤਾਂ ਦਾ ਵਿਕਾਸ ਸੈਰ-ਸਪਾਟਾ ਖੇਤਰ ਵਿੱਚ ਹੋਰ ਨਿਵੇਸ਼ ਨੂੰ ਉਤਸ਼ਾਹਿਤ ਕਰ ਸਕਦਾ ਹੈ।

₹52.50 ਕਰੋੜ ਦੀ ਕੁੱਲ ਲਾਗਤ ਨਾਲ ਬਣਿਆ ਇਹ ਹੋਟਲ, ਏਕਤਾ ਨਗਰ ਵਿੱਚ ਸੈਰ-ਸਪਾਟਾ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਹੈ। 31 ਅਕਤੂਬਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਉਦਘਾਟਨ ਕੀਤੇ ਜਾਣ ਤੋਂ ਬਾਅਦ, ਇਹ ਸੈਲਾਨੀਆਂ ਲਈ ਉਪਲਬਧ ਹੋ ਜਾਵੇਗਾ। ਇਸ ਦੇ ਮੁੱਖ ਫਾਇਦਿਆਂ ਵਿੱਚ ਰੇਲਵੇ ਸਟੇਸ਼ਨ ਦੇ ਨੇੜੇ ਹੋਣਾ ਅਤੇ ਇੱਕ ਹੀ ਕੰਪਲੈਕਸ ਦੇ ਅੰਦਰ ਕਮਰਿਆਂ, ਰੈਸਟੋਰੈਂਟ, ਸਵਿਮਿੰਗ ਪੂਲ ਅਤੇ ਕਾਨਫਰੰਸ ਸਹੂਲਤਾਂ ਦੀ ਉਪਲਬਧਤਾ ਸ਼ਾਮਲ ਹੈ। ਹਾਲਾਂਕਿ, ਇਹ ਆਮ ਸੈਲਾਨੀਆਂ ਲਈ ਕਿੰਨਾ ਕੁ ਕਿਫਾਇਤੀ ਹੋਵੇਗਾ, ਇਹ ਤਾਂ ਕਮਰਿਆਂ ਦੀਆਂ ਅਸਲ ਕੀਮਤਾਂ ਦੇ ਐਲਾਨ ਤੋਂ ਬਾਅਦ ਹੀ ਸਪੱਸ਼ਟ ਹੋਵੇਗਾ। ਜੇਕਰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦੇ ਮੁਕਾਬਲੇ ਇਸ ਦੀਆਂ ਕੀਮਤਾਂ ਵਾਜਬ ਰੱਖੀਆਂ ਜਾਂਦੀਆਂ ਹਨ, ਤਾਂ ਇਹ ਹੋਟਲ ਏਕਤਾ ਨਗਰ ਆਉਣ ਵਾਲੇ ਸੈਲਾਨੀਆਂ ਲਈ ਇੱਕ ਆਕਰਸ਼ਕ ਵਿਕਲਪ ਬਣ ਸਕਦਾ ਹੈ।

ਮਨੋਰੰਜਨ

ਫਿਲਮ 'ਈਠਾ' 4 ਦਸੰਬਰ 2026 ਨੂੰ ਸਿਨੇਮਾਘਰਾਂ 'ਚ ਹੋਵੇਗੀ ਰਿਲੀਜ਼

ਨਵੀਂ ਦਿੱਲੀ: ਮੈਡੌਕ ਫਿਲਮਜ਼ ਅਤੇ ਕਠਪੁਤਲੀ ਕ੍ਰੀਏਸ਼ਨਜ਼ ਨੇ ਅਦਾਕਾਰਾ ਸ਼ਰਧਾ ਕਪੂਰ ਦੀ ਆਉਣ ਵਾਲੀ ਫਿਲਮ 'ਈਠਾ' ਦਾ ਟ੍ਰੇਲਰ ਜਾਰੀ ਕਰ ਦਿੱਤਾ ਹੈ। ਫਿਲਮ ਵਿੱਚ ਸ਼ਰਧਾ ਮਹਾਨ ਲਾਵਣੀ ਕਲਾਕਾਰ ਈਠਾ ਬਾਈ ਦੀ ਭੂਮਿਕਾ ਨਿਭਾਉਂਦੇ ਨਜ਼ਰ ਆਉਣਗੇ। ਇਹ ਸੰਗੀਤਮਈ ਡਰਾਮਾ ਇੱਕ ਅਜਿਹੀ ਮਹਿਲਾ ਦੀ ਜ਼ਿੰਦਗੀ ਤੋਂ ਪ੍ਰੇਰਿਤ ਹੈ, ਜਿਸ ਨੇ ਸਮਾਜਿਕ ਬੰਦਿਸ਼ਾਂ ਅਤੇ ਕਈ ਮੁਸ਼ਕਲਾਂ ਦਾ ਸਾਹਮਣਾ ਕਰਦਿਆਂ ਆਪਣੀ ਕਲਾ ਦੇ ਦਮ 'ਤੇ ਵੱਖਰੀ ਪਛਾਣ ਬਣਾਈ।

ਇਸ ਫਿਲਮ ਰਾਹੀਂ ਲਾਵਣੀ ਦੀ ਦੁਨੀਆ, ਇਸ ਦੇ ਸੰਗੀਤ ਅਤੇ ਇਸ ਨਾਲ ਜੁੜੀਆਂ ਕਲਾਕਾਰ ਔਰਤਾਂ ਦੇ ਸੰਘਰਸ਼ ਨੂੰ ਪਰਦੇ 'ਤੇ ਦਿਖਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। 'ਈਠਾ' 4 ਦਸੰਬਰ 2026 ਨੂੰ ਸਿਨੇਮਾਘਰਾਂ ਵਿੱਚ ਰਿਲੀਜ਼ ਹੋਵੇਗੀ।

ਫਿਲਮ ਦਾ ਟ੍ਰੇਲਰ ਦਰਸ਼ਕਾਂ ਨੂੰ ਈਠਾ ਬਾਈ ਦੀ ਰੰਗੀਨ ਅਤੇ ਸ਼ਾਨਦਾਰ ਦੁਨੀਆ ਨਾਲ ਜਾਣੂ ਕਰਵਾਉਂਦਾ ਹੈ। ਇਸ ਵਿੱਚ ਉਨ੍ਹਾਂ ਦੇ ਸੁਪਨਿਆਂ, ਸੰਘਰਸ਼ਾਂ ਅਤੇ ਕਲਾ ਪ੍ਰਤੀ ਜਨੂੰਨ ਦੀ ਝਲਕ ਦੇਖਣ ਨੂੰ ਮਿਲਦੀ ਹੈ। ਕਹਾਣੀ ਵਿੱਚ ਇੱਕ ਅਜਿਹੀ ਮਹਿਲਾ ਦਾ ਸਫ਼ਰ ਦਿਖਾਇਆ ਗਿਆ ਹੈ, ਜੋ ਮੁਸ਼ਕਲ ਹਾਲਾਤਾਂ ਦੇ ਬਾਵਜੂਦ ਆਪਣੀ ਪਛਾਣ ਬਣਾਉਣ ਲਈ ਲਗਾਤਾਰ ਅੱਗੇ ਵਧਦੀ ਹੈ।

ਸ਼ਾਨਦਾਰ ਦ੍ਰਿਸ਼ਾਂ, ਸੰਗੀਤ ਅਤੇ ਭਾਵਨਾਤਮਕ ਦ੍ਰਿਸ਼ਾਂ ਦੇ ਨਾਲ ਇਹ ਫਿਲਮ ਲਾਵਣੀ ਦੀ ਅਮੀਰ ਪਰੰਪਰਾ ਅਤੇ ਇਸ ਨੂੰ ਜਿਉਂਦਾ ਰੱਖਣ ਵਾਲੀਆਂ ਮਹਿਲਾਵਾਂ ਦੀ ਵਿਰਾਸਤ ਨੂੰ ਸਾਹਮਣੇ ਲਿਆਉਂਦੀ ਹੈ। ਸ਼ਰਧਾ ਕਪੂਰ ਵੀ ਇਸ ਫਿਲਮ ਵਿੱਚ ਆਪਣੇ ਹੁਣ ਤੱਕ ਦੇ ਵੱਖਰੇ ਕਿਰਦਾਰਾਂ ਵਿੱਚੋਂ ਇੱਕ ਨਿਭਾਉਂਦੀ ਨਜ਼ਰ ਆਵੇਗੀ।

ਮੈਡੌਕ ਫਿਲਮਜ਼ ਦੇ ਮੁਖੀ ਅਤੇ ਫਿਲਮ ਦੇ ਨਿਰਮਾਤਾ ਦਿਨੇਸ਼ ਵਿਜਾਨ ਨੇ ਕਿਹਾ ਕਿ ਈਠਾ ਦੀ ਕਹਾਣੀ ਸੁਣ ਕੇ ਉਨ੍ਹਾਂ ਨੂੰ ਹੈਰਾਨੀ ਹੋਈ ਕਿ ਇੰਨੀ ਅਮੀਰ ਸੱਭਿਆਚਾਰਕ ਦੁਨੀਆ ਅਤੇ ਇਸ ਨਾਲ ਜੁੜੀਆਂ ਅਸਾਧਾਰਨ ਮਹਿਲਾਵਾਂ ਬਾਰੇ ਜ਼ਿਆਦਾ ਚਰਚਾ ਕਿਉਂ ਨਹੀਂ ਹੋਈ।

ਉਨ੍ਹਾਂ ਕਿਹਾ ਕਿ ਲਾਵਣੀ ਦੇ ਸੰਗੀਤ, ਤਾਲ ਅਤੇ ਊਰਜਾ ਦਾ ਲੰਬੇ ਸਮੇਂ ਤੋਂ ਜਸ਼ਨ ਮਨਾਇਆ ਜਾਂਦਾ ਰਿਹਾ ਹੈ, ਪਰ ਇਸ ਕਲਾ ਨੂੰ ਜਿਉਂਦਾ ਰੱਖਣ ਵਾਲੀਆਂ ਮਹਿਲਾਵਾਂ ਦੇ ਹੌਸਲੇ, ਤਿਆਗ ਅਤੇ ਸੰਘਰਸ਼ ਨੂੰ ਵੀ ਉਨੀ ਹੀ ਪਛਾਣ ਮਿਲਣੀ ਚਾਹੀਦੀ ਹੈ।

ਉਨ੍ਹਾਂ ਮੁਤਾਬਕ, 'ਈਠਾ' ਸਿਰਫ਼ ਸੱਚੀਆਂ ਘਟਨਾਵਾਂ ਤੋਂ ਪ੍ਰੇਰਿਤ ਫਿਲਮ ਨਹੀਂ, ਸਗੋਂ ਇੱਕ ਕਲਾ ਅਤੇ ਉਨ੍ਹਾਂ ਮਹਿਲਾਵਾਂ ਦਾ ਜਸ਼ਨ ਹੈ, ਜਿਨ੍ਹਾਂ ਦੀਆਂ ਕਹਾਣੀਆਂ ਸੁਣੀਆਂ ਅਤੇ ਯਾਦ ਰੱਖੀਆਂ ਜਾਣੀਆਂ ਚਾਹੀਦੀਆਂ ਹਨ।

ਫਿਲਮ 'ਈਠਾ' 4 ਦਸੰਬਰ 2026 ਨੂੰ ਸਿਨੇਮਾਘਰਾਂ 'ਚ ਹੋਵੇਗੀ ਰਿਲੀਜ਼ (ਜਾਰੀ)

ਈਠਾ ਬਾਈ ਦੀ ਭੂਮਿਕਾ ਨਿਭਾ ਰਹੀ ਸ਼ਰਧਾ ਕਪੂਰ ਨੇ ਕਿਹਾ ਕਿ ਇਹ ਇੱਕ ਅਜਿਹੀ ਮਹਿਲਾ ਦੀ ਕਹਾਣੀ ਹੈ, ਜਿਸ ਦੀ ਕਲਾ, ਹਿੰਮਤ ਅਤੇ ਆਪਣੀ ਵੱਖਰੀ ਪਛਾਣ ਉਸ ਨੂੰ ਹਮੇਸ਼ਾ ਲਈ ਯਾਦਗਾਰ ਬਣਾਉਂਦੀ ਹੈ।

ਨਿਰਦੇਸ਼ਕ ਲਕਸ਼ਮਣ ਉਟੇਕਰ ਤੋਂ ਕਿਰਦਾਰ ਬਾਰੇ ਜਾਣਨ ਤੋਂ ਬਾਅਦ ਉਹ ਇਸ ਦੀ ਦੁਨੀਆ ਨਾਲ ਹੋਰ ਜੁੜਦੀ ਚਲੀ ਗਈ। ਸ਼ਰਧਾ ਨੇ ਇਸ ਭੂਮਿਕਾ ਨੂੰ ਆਪਣੇ ਲਈ ਬੇਹੱਦ ਰੋਮਾਂਚਕ ਤਜਰਬਾ ਦੱਸਿਆ।

ਉਨ੍ਹਾਂ ਇਹ ਵੀ ਕਿਹਾ ਕਿ ਮੈਡੌਕ ਫਿਲਮਜ਼ ਨਾਲ 'ਸਤ੍ਰੀ' ਅਤੇ 'ਸਤ੍ਰੀ 2' ਤੋਂ ਬਾਅਦ ਦੁਬਾਰਾ ਕੰਮ ਕਰਨਾ ਉਨ੍ਹਾਂ ਲਈ ਖਾਸ ਹੈ ਅਤੇ ਉਹ ਦਰਸ਼ਕਾਂ ਨੂੰ ਈਠਾ ਦੀ ਦੁਨੀਆ ਦਿਖਾਉਣ ਲਈ ਕਾਫ਼ੀ ਉਤਸ਼ਾਹਿਤ ਹਨ।

ਫਿਲਮ ਦੇ ਨਿਰਦੇਸ਼ਕ ਲਕਸ਼ਮਣ ਉਟੇਕਰ ਨੇ ਦੱਸਿਆ ਕਿ ਫਿਲਮ 'ਛਾਵਾ' ਦੀ ਸਫਲਤਾ ਤੋਂ ਬਾਅਦ ਉਹ 'ਈਠਾ' ਰਾਹੀਂ ਦਰਸ਼ਕਾਂ ਨੂੰ ਇੱਕ ਬਿਲਕੁਲ ਵੱਖਰੀ ਦੁਨੀਆ ਦਿਖਾਉਣਾ ਚਾਹੁੰਦੇ ਸਨ।

ਉਨ੍ਹਾਂ ਕਿਹਾ ਕਿ ਦੋਵਾਂ ਫਿਲਮਾਂ ਦੀ ਪਿੱਠਭੂਮੀ ਵੱਖਰੀ ਹੈ, ਪਰ ਦੋਵਾਂ ਦੇ ਕੇਂਦਰ ਵਿੱਚ ਅਜਿਹੇ ਕਿਰਦਾਰ ਹਨ, ਜਿਨ੍ਹਾਂ ਦੀ ਤਾਕਤ ਅਸਾਧਾਰਨ ਹੈ। ਉਨ੍ਹਾਂ ਮੁਤਾਬਕ, ਈਠਾ ਇੱਕ ਅਜਿਹੀ ਕਲਾਕਾਰ ਦੀ ਕਹਾਣੀ ਹੈ, ਜੋ ਖ਼ੁਦ ਇੱਕ ਵਿਰਾਸਤ ਬਣ ਗਈ। ਫਿਲਮ ਵਿੱਚ ਪ੍ਰਮਾਣਿਕਤਾ, ਭਾਵਨਾਵਾਂ ਅਤੇ ਸ਼ਾਨਦਾਰ ਪੇਸ਼ਕਾਰੀ ਨੂੰ ਇਕੱਠੇ ਲਿਆਉਣ ਦੀ ਕੋਸ਼ਿਸ਼ ਕੀਤੀ ਗਈ ਹੈ।

ਕਠਪੁਤਲੀ ਕ੍ਰੀਏਸ਼ਨਜ਼ ਦੀ ਨਿਰਮਾਤਾ ਕਰਿਸ਼ਮਾ ਸ਼ਰਮਾ ਨੇ ਕਿਹਾ ਕਿ ਭਾਰਤ ਦੀਆਂ ਸੱਭਿਆਚਾਰਕ ਪਰੰਪਰਾਵਾਂ ਅਤੇ ਸਥਾਨਕ ਕਹਾਣੀਆਂ ਵਿੱਚ ਅਜਿਹੀਆਂ ਕਈ ਕਹਾਣੀਆਂ ਮੌਜੂਦ ਹਨ, ਜਿਨ੍ਹਾਂ ਨੂੰ ਵੱਡੇ ਪਰਦੇ 'ਤੇ ਪਛਾਣ ਮਿਲਣੀ ਚਾਹੀਦੀ ਹੈ।

ਉਨ੍ਹਾਂ ਮੁਤਾਬਕ, 'ਈਠਾ' ਭਾਰਤੀ ਸੱਭਿਆਚਾਰ ਨਾਲ ਜੁੜੀ ਅਜਿਹੀ ਹੀ ਇੱਕ ਕਹਾਣੀ ਹੈ, ਜਿਸ ਨੂੰ ਸੰਗੀਤ, ਡਰਾਮੇ ਅਤੇ ਭਾਵਨਾਵਾਂ ਦੇ ਨਾਲ ਪੇਸ਼ ਕੀਤਾ ਗਿਆ ਹੈ।

ਫਿਲਮ ਦਾ ਨਿਰਦੇਸ਼ਨ ਲਕਸ਼ਮਣ ਉਟੇਕਰ ਨੇ ਕੀਤਾ ਹੈ, ਜਦਕਿ ਇਸ ਦਾ ਨਿਰਮਾਣ ਦਿਨੇਸ਼ ਵਿਜਾਨ ਅਤੇ ਲਕਸ਼ਮਣ ਉਟੇਕਰ ਨੇ ਕੀਤਾ ਹੈ। ਮੈਡੌਕ ਫਿਲਮਜ਼ ਅਤੇ ਕਠਪੁਤਲੀ ਕ੍ਰੀਏਸ਼ਨਜ਼ ਦੇ ਬੈਨਰ ਹੇਠ ਬਣੀ ਇਹ ਫਿਲਮ 4 ਦਸੰਬਰ 2026 ਨੂੰ ਸਿਨੇਮਾਘਰਾਂ ਵਿੱਚ ਰਿਲੀਜ਼ ਹੋਵੇਗੀ।

ਆਪ ਨੇ ਖਿੱਚੀ 2027 ਦੀਆਂ ਚੋਣਾਂ ਦੀ ਤਿਆਰੀ, ਕੱਲ੍ਹ ਜਾਰੀ ਹੋਵੇਗੀ ਆਪ ਉਮੀਦਵਾਰਾਂ ਦੀ ਪਹਿਲੀ ਲਿਸਟ..!

ਪੰਜਾਬ

ਸੇਵਾ ਤੇ ਕੁਰਬਾਨੀ ਦੀ ਮਿਸਾਲ ਹੈ ਸਾਕਾ ਪੰਜਾ ਸਾਹਿਬ, ਜਦੋਂ ਸਿੱਖਾਂ ਨੇ ਲੰਗਰ ਲਈ ਰੇਲਗੱਡੀ ਅੱਗੇ ਦਿੱਤੀ ਸ਼ਹਾਦਤ

ਸਿੱਖ ਇਤਿਹਾਸ ਕੁਰਬਾਨੀਆਂ, ਸੇਵਾ ਅਤੇ ਮਨੁੱਖਤਾ ਦੀਆਂ ਅਜਿਹੀਆਂ ਮਿਸਾਲਾਂ ਨਾਲ ਭਰਿਆ ਹੋਇਆ ਹੈ, ਜਿਨ੍ਹਾਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਇਨ੍ਹਾਂ ਵਿੱਚੋਂ ਇੱਕ ਮਹੱਤਵਪੂਰਨ ਘਟਨਾ ਸਾਕਾ ਸ੍ਰੀ ਪੰਜਾ ਸਾਹਿਬ ਦੀ ਹੈ।

ਇਸ ਸਾਕੇ ਦੀ ਪਿੱਠਭੂਮੀ ਗੁਰਦੁਆਰਾ ਗੁਰੂ ਕਾ ਬਾਗ ਮੋਰਚੇ ਨਾਲ ਜੁੜੀ ਹੋਈ ਹੈ। ਸਾਲ 1922 ਵਿੱਚ ਅੰਮ੍ਰਿਤਸਰ ਨੇੜੇ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਲੰਗਰ ਤਿਆਰ ਕਰਨ ਲਈ ਲੱਕੜਾਂ ਲੈਣ ਦੇ ਮਾਮਲੇ ਨੂੰ ਲੈ ਕੇ ਅੰਗਰੇਜ਼ ਹਕੂਮਤ ਨੇ ਸਿੱਖਾਂ ਵਿਰੁੱਧ ਕਾਰਵਾਈ ਕੀਤੀ ਸੀ। ਇਸ ਦੌਰਾਨ ਸ਼ਾਂਤਮਈ ਢੰਗ ਨਾਲ ਵਿਰੋਧ ਕਰ ਰਹੇ ਕਈ ਸਿੱਖਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਵੱਲੋਂ ਸਿੱਖਾਂ 'ਤੇ ਤਸ਼ੱਦਦ ਵੀ ਕੀਤਾ ਗਿਆ। ਗ੍ਰਿਫ਼ਤਾਰ ਕੀਤੇ ਗਏ ਸਿੱਖਾਂ ਨੂੰ ਰੇਲਗੱਡੀ ਰਾਹੀਂ ਅਟਕ ਦੀ ਜੇਲ੍ਹ ਭੇਜਿਆ ਜਾ ਰਿਹਾ ਸੀ।

ਜਦੋਂ ਇਸ ਰੇਲਗੱਡੀ ਦੇ ਹਸਨ ਅਬਦਾਲ ਰੇਲਵੇ ਸਟੇਸ਼ਨ ਤੋਂ ਲੰਘਣ ਦੀ ਖ਼ਬਰ ਸ੍ਰੀ ਪੰਜਾ ਸਾਹਿਬ ਦੀ ਸੰਗਤ ਨੂੰ ਮਿਲੀ ਤਾਂ ਉਨ੍ਹਾਂ ਨੇ ਭੁੱਖੇ ਸਿੱਖ ਕੈਦੀਆਂ ਨੂੰ ਲੰਗਰ ਛਕਾਉਣ ਦਾ ਫ਼ੈਸਲਾ ਕੀਤਾ। ਸੰਗਤ ਨੇ ਲੰਗਰ ਤਿਆਰ ਕੀਤਾ ਅਤੇ ਰੇਲਵੇ ਸਟੇਸ਼ਨ 'ਤੇ ਪਹੁੰਚ ਗਈ। ਸਿੱਖਾਂ ਨੇ ਸਟੇਸ਼ਨ ਮਾਸਟਰ ਨੂੰ ਰੇਲਗੱਡੀ ਰੋਕਣ ਦੀ ਬੇਨਤੀ ਕੀਤੀ, ਪਰ ਉਸ ਨੇ ਇਹ ਕਹਿ ਕੇ ਇਨਕਾਰ ਕਰ ਦਿੱਤਾ ਕਿ ਰੇਲਗੱਡੀ ਦਾ ਉੱਥੇ ਰੁਕਣ ਦਾ ਕੋਈ ਪ੍ਰੋਗਰਾਮ ਨਹੀਂ ਹੈ।

ਇਸ ਤੋਂ ਬਾਅਦ ਸੰਗਤ ਨੇ ਰੇਲਗੱਡੀ ਰੋਕਣ ਲਈ ਇੱਕ ਅਨੋਖਾ ਫ਼ੈਸਲਾ ਲਿਆ। ਭਾਈ ਕਰਮ ਸਿੰਘ ਅਤੇ ਭਾਈ ਪ੍ਰਤਾਪ ਸਿੰਘ ਦੀ ਅਗਵਾਈ ਹੇਠ ਸਿੱਖ ਰੇਲਵੇ ਲਾਈਨਾਂ 'ਤੇ ਬੈਠ ਗਏ। ਜਿਵੇਂ ਹੀ ਰੇਲਗੱਡੀ ਨੇੜੇ ਪਹੁੰਚੀ, ਸੰਗਤ ਆਪਣੀ ਥਾਂ ਤੋਂ ਨਹੀਂ ਹਿੱਲੀ। ਡਰਾਈਵਰ ਨੇ ਰੇਲਗੱਡੀ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਉਦੋਂ ਤੱਕ ਦੇਰ ਹੋ ਚੁੱਕੀ ਸੀ। ਰੇਲਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਕਈ ਸਿੱਖ ਜ਼ਖ਼ਮੀ ਹੋ ਗਏ। ਭਾਈ ਕਰਮ ਸਿੰਘ ਅਤੇ ਭਾਈ ਪ੍ਰਤਾਪ ਸਿੰਘ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਉਨ੍ਹਾਂ ਨੇ ਅਗਲੇ ਦਿਨ ਦਮ ਤੋੜ ਦਿੱਤਾ।

ਇਸ ਘਟਨਾ ਤੋਂ ਬਾਅਦ ਵੀ ਸੰਗਤ ਦਾ ਮਕਸਦ ਪੂਰਾ ਹੋਇਆ ਅਤੇ ਰੇਲਗੱਡੀ ਰੁਕੀ। ਸਿੱਖ ਕੈਦੀਆਂ ਨੂੰ ਲੰਗਰ ਛਕਾਇਆ ਗਿਆ।

ਸੂਚਨਾ

Lok Sanjh LLC is a registered newspaper in the State of Illinois.

ਅਖ਼ਬਾਰ ਵਿੱਚ ਛਪੀਆਂ ਖ਼ਬਰਾਂ ਜਾਂ ਇਸ਼ਤਿਹਾਰਾਂ ਨਾਲ ਪ੍ਰਕਾਸ਼ਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ।

ਸੇਵਾ ਤੇ ਕੁਰਬਾਨੀ ਦੀ ਮਿਸਾਲ ਹੈ ਸਾਕਾ ਪੰਜਾ ਸਾਹਿਬ, ਜਦੋਂ ਸਿੱਖਾਂ ਨੇ ਲੰਗਰ ਲਈ ਰੇਲਗੱਡੀ ਅੱਗੇ ਦਿੱਤੀ ਸ਼ਹਾਦਤ (ਜਾਰੀ)

ਭਾਈ ਕਰਮ ਸਿੰਘ ਅਤੇ ਭਾਈ ਪ੍ਰਤਾਪ ਸਿੰਘ ਦੀ ਸ਼ਹਾਦਤ ਨੇ ਸਿੱਖ ਇਤਿਹਾਸ ਵਿੱਚ ਸੇਵਾ ਅਤੇ ਕੁਰਬਾਨੀ ਦੀ ਇੱਕ ਮਿਸਾਲ ਕਾਇਮ ਕੀਤੀ। ਇਸੇ ਘਟਨਾ ਨੂੰ ਸਾਕਾ ਪੰਜਾ ਸਾਹਿਬ ਦੇ ਨਾਂ ਨਾਲ ਯਾਦ ਕੀਤਾ ਜਾਂਦਾ ਹੈ।

ਅੱਜ ਵੀ ਹਰ ਸਾਲ 30 ਅਕਤੂਬਰ ਨੂੰ ਸਿੱਖ ਸੰਗਤ ਵੱਲੋਂ ਸਾਕਾ ਪੰਜਾ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਇਹ ਸਾਕਾ ਸਾਨੂੰ ਸਿਖਾਉਂਦਾ ਹੈ ਕਿ ਗੁਰੂ ਦੇ ਲੰਗਰ, ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਸਿੱਖਾਂ ਨੇ ਕਿਸ ਤਰ੍ਹਾਂ ਆਪਣੀਆਂ ਜਾਨਾਂ ਦੀ ਵੀ ਪਰਵਾਹ ਨਹੀਂ ਕੀਤੀ।

ਪੰਜਾਬ

ਦਲਜੀਤ ਸਿੰਘ ਦੀ ਮੌਤ ਦਾ ਮਾਮਲਾ ਭਖਿਆ, ਪਤਨੀ ਨੇ ਪੁਲਿਸ 'ਤੇ ਲਾਏ ਗੰਭੀਰ ਆਰੋਪ ,ਹਾਈ ਕੋਰਟ ਜਾਣ ਦੀ ਦਿੱਤੀ ਚਿਤਾਵਨੀ

ਮਾਨਸਾ ਜ਼ਿਲ੍ਹੇ ਦੇ ਪਿੰਡ ਭੰਮੇ ਕਲਾਂ ਦੇ ਰਹਿਣ ਵਾਲੇ ਦਲਜੀਤ ਸਿੰਘ ਦੀ ਸ਼ੱਕੀ ਹਾਲਾਤ ਵਿੱਚ ਹੋਈ ਮੌਤ ਦਾ ਮਾਮਲਾ ਲਗਾਤਾਰ ਭਖਦਾ ਜਾ ਰਿਹਾ ਹੈ। ਮ੍ਰਿਤਕ ਦੀ ਪਤਨੀ ਪਰਮਜੀਤ ਕੌਰ ਅਤੇ ਭੈਣ ਅਮਰਜੀਤ ਕੌਰ ਨੇ ਪੁਲਿ

ਪਰਮਜੀਤ ਕੌਰ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਪੁਲਿਸ ਨੇ ਜ਼ਬਰਦਸਤੀ ਦਲਜੀਤ ਸਿੰਘ ਦਾ ਅੰਤਿਮ ਸਸਕਾਰ ਕਰਵਾਉਣ ਦੀ ਕੋਸ਼ਿਸ਼ ਕੀਤੀ ਤਾਂ ਉਹ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਉਣਗੇ।

ਜਾਣਕਾਰੀ ਮੁਤਾਬਕ ਦਲਜੀਤ ਸਿੰਘ ਦੀ ਕੁਝ ਦਿਨ ਪਹਿਲਾਂ ਸ਼ੱਕੀ ਹਾਲਾਤ ਵਿੱਚ ਮੌਤ ਹੋ ਗਈ ਸੀ। ਪਰਿਵਾਰ ਦਾ ਦਾਅਵਾ ਹੈ ਕਿ ਉਸ ਦੀ ਮੌਤ ਨਸ਼ੇ ਦੀ ਓਵਰਡੋਜ਼ ਕਾਰਨ ਹੋਈ ਹੈ, ਜਦਕਿ ਮਾਨਸਾ ਪੁਲਿਸ ਨੇ ਇਸ ਮਾਮਲੇ ਵਿੱਚ ਕਤਲ ਦਾ ਕੇਸ ਦਰਜ ਕੀਤਾ ਹੈ।

ਮਾਨਸਾ ਵਿੱਚ ਇਨਸਾਫ਼ ਮੋਰਚੇ ਦੇ ਧਰਨੇ 'ਤੇ ਬੈਠੀਆਂ ਪਰਮਜੀਤ ਕੌਰ ਅਤੇ ਅਮਰਜੀਤ ਕੌਰ ਨੇ ਦੱਸਿਆ ਕਿ ਜਦੋਂ ਪ੍ਰਦਰਸ਼ਨਕਾਰੀ ਦਲਜੀਤ ਸਿੰਘ ਦੀ ਲਾਸ਼ ਲੈ ਕੇ ਮਾਨਸਾ ਆ ਰਹੇ ਸਨ ਤਾਂ ਪੁਲਿਸ ਨੇ ਕਥਿਤ ਤੌਰ 'ਤੇ ਜ਼ਬਰਦਸਤੀ ਲਾਸ਼ ਆਪਣੇ ਕਬਜ਼ੇ ਵਿੱਚ ਲੈ ਲਈ।

ਪਰਿਵਾਰਕ ਮੈਂਬਰਾਂ ਦਾ ਆਰੋਪ ਹੈ ਕਿ ਇਸ ਤੋਂ ਬਾਅਦ ਪੁਲਿਸ ਦਲਜੀਤ ਸਿੰਘ ਦੇ ਪਿਤਾ ਨੂੰ ਨਾਲ ਲੈ ਕੇ ਬਠਿੰਡਾ ਦੇ ਏਮਜ਼ ਹਸਪਤਾਲ ਪਹੁੰਚੀ, ਜਿੱਥੇ ਪੋਸਟਮਾਰਟਮ ਕਰਵਾਇਆ ਗਿਆ। ਪਰਮਜੀਤ ਕੌਰ ਅਤੇ ਅਮਰਜੀਤ ਕੌਰ ਨੇ ਇਹ ਵੀ ਆਰੋਪ ਲਾਇਆ ਕਿ ਪੁਲਿਸ ਉਨ੍ਹਾਂ ਨੂੰ ਪਿਤਾ ਨਾਲ ਮਿਲਣ ਨਹੀਂ ਦੇ ਰਹੀ ਅਤੇ ਉਨ੍ਹਾਂ ਨੂੰ ਵੱਖ ਰੱਖਿਆ ਗਿਆ ਹੈ। ਇਸ ਦੇ ਨਾਲ ਹੀ ਧਰਨੇ 'ਤੇ ਬੈਠੇ ਪਰਿਵਾਰਕ ਮੈਂਬਰਾਂ ਨੂੰ ਵੀ ਜ਼ਬਰਦਸਤੀ ਉਠਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਫਿਲਹਾਲ ਪਰਿਵਾਰ ਇਨਸਾਫ਼ ਦੀ ਮੰਗ 'ਤੇ ਅੜਿਆ ਹੋਇਆ ਹੈ। ਹਾਲਾਂਕਿ ਇਨ੍ਹਾਂ ਦੋਸ਼ਾਂ ਬਾਰੇ ਪੁਲਿਸ ਦਾ ਪੱਖ ਸਾਹਮਣੇ ਨਹੀਂ ਆਇਆ ਹੈ।

ਪੰਜਾਬ

100% ਨਾਲ ਚੱਲਣਗੀਆਂ ਗੱਡੀਆਂ, ਪਰ ਈਂਧਨ ਕਿੱਥੋਂ ਆਵੇਗਾ? ਸੁਪਰੀਮ ਕੋਰਟ ਨੇ ਸਰਕਾਰ ਤੋਂ ਪੁੱਛਿਆ ਸਵਾਲ

ਸੁਪਰੀਮ ਕੋਰਟ ਨੇ 100% ਨਾਲ ਚੱਲਣ ਵਾਲੀਆਂ ਗੱਡੀਆਂ ਲਈ ਈਂਧਨ ਦੀ ਸਪਲਾਈ ਨੂੰ ਲੈ ਕੇ ਕੇਂਦਰ ਸਰਕਾਰ ਤੋਂ ਸਵਾਲ ਪੁੱਛਿਆ ਹੈ। ਅਦਾਲਤ ਨੇ ਨੀਤੀ ਵਿੱਚ ਕਿਸਾਨਾਂ, ਆਮ ਲੋਕਾਂ ਅਤੇ ਵਾਤਾਵਰਣ ਦੇ ਹਿੱਤਾਂ ਨੂੰ ਵੀ ਧਿਆਨ ਵਿੱਚ ਰੱਖਣ 'ਤੇ ਜ਼ੋਰ ਦਿੱਤਾ ਹੈ।

ਭਾਰਤ ਵਿੱਚ ਪੈਟਰੋਲ ਦੀ ਥਾਂ ਦੀ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸੇ ਦੌਰਾਨ ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਤੋਂ ਇੱਕ ਅਹਿਮ ਸਵਾਲ ਪੁੱਛਿਆ ਹੈ। ਅਦਾਲਤ ਨੇ ਕਿਹਾ ਕਿ ਜੇਕਰ 100% ਨਾਲ ਚੱਲਣ ਵਾਲੀਆਂ ਗੱਡੀਆਂ ਨੂੰ ਮਨਜ਼ੂਰੀ ਦਿੱਤੀ ਜਾ ਰਹੀ ਹੈ, ਤਾਂ ਇਨ੍ਹਾਂ ਲਈ ਇੰਨਾ ਈਂਧਨ ਕਿੱਥੋਂ ਆਵੇਗਾ ਅਤੇ ਇਸ ਦੀ ਸਪਲਾਈ ਕਿਵੇਂ ਕੀਤੀ ਜਾਵੇਗੀ? ਸਰਕਾਰ ਵੱਲੋਂ ਪੇਸ਼ ਹੋਏ ਅਟਾਰਨੀ ਜਨਰਲ ਆਰ. ਵੈਂਕਟਰਮਣੀ ਨੇ ਦੱਸਿਆ ਕਿ ਇਸ ਲਈ ਵੱਡੇ ਪੱਧਰ 'ਤੇ ਉਤਪਾਦਨ ਦੀ ਵਿਵਸਥਾ ਵਿੱਚ ਬਦਲਾਅ ਕਰਨੇ ਪੈਣਗੇ।

ਵੀਰਵਾਰ, 29 ਅਕਤੂਬਰ ਨੂੰ ਜਸਟਿਸ ਐੱਮ.ਐੱਮ. ਸੁੰਦਰੇਸ਼ ਅਤੇ ਜਸਟਿਸ ਪ੍ਰਸੰਨਾ ਬੀ. ਵਰਾਲੇ ਦੀ ਬੈਂਚ ਦੀ ਵੰਡ ਨਾਲ ਜੁੜੇ ਇੱਕ ਮਾਮਲੇ ਦੀ ਸੁਣਵਾਈ ਕਰ ਰਹੀ ਸੀ। ਇਸੇ ਦੌਰਾਨ ਅਦਾਲਤ ਨੇ ਹਾਲ ਹੀ ਵਿੱਚ ਆਈਆਂ ਖ਼ਬਰਾਂ ਦਾ ਜ਼ਿਕਰ ਕਰਦਿਆਂ ਇਹ ਸਵਾਲ ਉਠਾਇਆ।

ਦਰਅਸਲ, ਸੜਕ ਆਵਾਜਾਈ ਮੰਤਰਾਲੇ ਨੇ 26 ਅਕਤੂਬਰ ਨੂੰ, 1989 ਵਿੱਚ ਬਦਲਾਅ ਦੀ ਜਾਣਕਾਰੀ ਦਿੱਤੀ ਸੀ। ਇਸ ਤਹਿਤ ਹੁਣ ਅਜਿਹੀਆਂ ਗੱਡੀਆਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜੋ ਯਾਨੀ ਲਗਭਗ ਪੂਰੀ ਤਰ੍ਹਾਂ ਵਾਲੇ ਈਂਧਨ ਨਾਲ ਚੱਲ ਸਕਦੀਆਂ ਹਨ।

ਗੱਡੀਆਂ ਨੂੰ ਪੈਟਰੋਲ ਅਤੇ ਦੇ ਵੱਖ-ਵੱਖ ਮਿਸ਼ਰਣ ਨਾਲ ਚੱਲਣ ਲਈ ਤਿਆਰ ਕੀਤਾ ਜਾਂਦਾ ਹੈ। ਇਹ ਆਮ ਪੈਟਰੋਲ ਵਾਲੀਆਂ ਗੱਡੀਆਂ ਤੋਂ ਵੱਖਰੀਆਂ ਹੁੰਦੀਆਂ ਹਨ, ਕਿਉਂਕਿ ਇਨ੍ਹਾਂ ਵਿੱਚ ਵੱਧ ਮਾਤਰਾ ਵਿੱਚ ਵਾਲਾ ਈਂਧਨ ਵਰਤਿਆ ਜਾ ਸਕਦਾ ਹੈ। ਉਦਾਹਰਨ ਵਜੋਂ, ਵਿੱਚ 85% ਅਤੇ 15% ਪੈਟਰੋਲ ਹੁੰਦਾ ਹੈ, ਜਦਕਿ ਵਿੱਚ ਲਗਭਗ ਪੂਰਾ ਈਂਧਨ ਹੁੰਦਾ ਹੈ।

ਹਾਲਾਂਕਿ, ਪੈਟਰੋਲ ਵਿੱਚ ਮਿਲਾਉਣ ਦੀ ਮਾਤਰਾ ਨੂੰ ਲੈ ਕੇ ਸਰਕਾਰ ਨੇ ਫਿਲਹਾਲ ਕੋਈ ਨਵਾਂ ਟੀਚਾ ਨਹੀਂ ਦੱਸਿਆ ਹੈ।

100% ਨਾਲ ਚੱਲਣਗੀਆਂ ਗੱਡੀਆਂ, ਪਰ ਈਂਧਨ ਕਿੱਥੋਂ ਆਵੇਗਾ? ਸੁਪਰੀਮ ਕੋਰਟ ਨੇ ਸਰਕਾਰ ਤੋਂ

100% ਨਾਲ ਚੱਲਣਗੀਆਂ ਗੱਡੀਆਂ, ਪਰ ਈਂਧਨ ਕਿੱਥੋਂ ਆਵੇਗਾ? ਸੁਪਰੀਮ ਕੋਰਟ ਨੇ ਸਰਕਾਰ ਤੋਂ ਪੁੱਛਿਆ ਸਵਾਲ (ਜਾਰੀ)

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ 27 ਅਕਤੂਬਰ ਨੂੰ ਕਿਹਾ ਸੀ ਕਿ ਕੇਂਦਰ ਸਰਕਾਰ ਦੀ ਫਿਲਹਾਲ ਪੈਟਰੋਲ ਵਿੱਚ ਦੀ ਮਿਲਾਵਟ 20% ਤੋਂ ਅੱਗੇ ਵਧਾਉਣ ਦੀ ਕੋਈ ਤੁਰੰਤ ਯੋਜਨਾ ਨਹੀਂ ਹੈ।

ਸੁਣਵਾਈ ਦੌਰਾਨ ਸੁਪਰੀਮ ਕੋਰਟ ਨੇ ਕਿਹਾ ਕਿ ਇਸ ਮਾਮਲੇ ਨੂੰ ਸਿਰਫ਼ ਈਂਧਨ ਦੀ ਸਪਲਾਈ ਤੱਕ ਸੀਮਤ ਕਰਕੇ ਨਹੀਂ ਦੇਖਣਾ ਚਾਹੀਦਾ। ਇਸ ਵਿੱਚ ਆਮ ਲੋਕਾਂ ਦੇ ਫਾਇਦੇ, ਵਾਤਾਵਰਣ ਅਤੇ ਕਿਸਾਨਾਂ ਦੀ ਸਥਿਤੀ ਵੱਲ ਵੀ ਧਿਆਨ ਦੇਣਾ ਜ਼ਰੂਰੀ ਹੈ।

ਜਸਟਿਸ ਸੁੰਦਰੇਸ਼ ਨੇ ਕਿਹਾ ਕਿ ਕਿਸਾਨਾਂ ਨੂੰ ਮਜ਼ਬੂਤ ਬਣਾਉਣ ਦਾ ਪਹਿਲੂ ਬੇਹੱਦ ਅਹਿਮ ਹੈ, ਪਰ ਇਸ ਬਾਰੇ ਓਨੀ ਚਰਚਾ ਨਹੀਂ ਹੋ ਰਹੀ। ਅਦਾਲਤ ਦਾ ਕਹਿਣਾ ਸੀ ਕਿ ਦੇਸ਼ ਦੇ ਪਿੰਡਾਂ ਵਿੱਚ ਰਹਿਣ ਵਾਲੇ ਆਮ ਲੋਕਾਂ ਅਤੇ ਕਿਸਾਨਾਂ ਨੂੰ ਵੀ ਅਜਿਹੀਆਂ ਨੀਤੀਆਂ ਦਾ ਲਾਭ ਮਿਲਣਾ ਚਾਹੀਦਾ ਹੈ।

ਅਟਾਰਨੀ ਜਨਰਲ ਨੇ ਭਰੋਸਾ ਦਿੱਤਾ ਕਿ ਉਹ ਮਾਮਲੇ ਵਿੱਚ ਆਪਣੀਆਂ ਦਲੀਲਾਂ ਰੱਖਦੇ ਸਮੇਂ ਕਿਸਾਨਾਂ ਨਾਲ ਜੁੜੇ ਮੁੱਦੇ 'ਤੇ ਵੀ ਗੱਲ ਕਰਨਗੇ। ਸੁਣਵਾਈ ਦੌਰਾਨ ਇੱਕ ਵਕੀਲ ਨੇ ਕਿਹਾ ਕਿ ਨੂੰ ਉਤਸ਼ਾਹਿਤ ਕਰਨ ਨਾਲ ਕਿਸਾਨਾਂ ਨੂੰ ਵੀ ਕਿਸੇ ਨਾ ਕਿਸੇ ਰੂਪ ਵਿੱਚ ਫਾਇਦਾ ਹੋ ਸਕਦਾ ਹੈ। ਇੱਕ ਹੋਰ ਵਕੀਲ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ ਨੀਤੀ ਬਣਾਉਂਦੇ ਸਮੇਂ ਕਿਸਾਨਾਂ ਦੇ ਹਿੱਤਾਂ ਦਾ ਵੀ ਧਿਆਨ ਰੱਖਿਆ ਹੈ।

ਸੁਪਰੀਮ ਕੋਰਟ ਵਿੱਚ ਇਹ ਮਾਮਲਾ 2025-26 ਲਈ ਈਂਧਨ ਦੀ ਵੰਡ ਨਾਲ ਜੁੜਿਆ ਹੋਇਆ ਹੈ। 30 ਜੂਨ ਨੂੰ ਅਦਾਲਤ ਨੇ ਕਰਨਾਟਕ ਹਾਈ ਕੋਰਟ ਦੇ ਉਸ ਨਿਰਦੇਸ਼ 'ਤੇ ਰੋਕ ਲਗਾਉਂਦਿਆਂ ਪਹਿਲਾਂ ਵਾਲੀ ਸਥਿਤੀ ਬਰਕਰਾਰ ਰੱਖਣ ਲਈ ਕਿਹਾ ਸੀ, ਜਿਸ ਵਿੱਚ ਦੀ ਵੰਡ ਵਧਾਉਣ ਦੇ ਮਾਮਲੇ 'ਤੇ ਫੈਸਲਾ ਲੈਣ ਦਾ ਨਿਰਦੇਸ਼ ਦਿੱਤਾ ਗਿਆ ਸੀ।

ਇਹ ਮਾਮਲਾ ਇੱਕ ਤੇਲ ਕੰਪਨੀ ਦੀ ਪਟੀਸ਼ਨ ਤੋਂ ਬਾਅਦ ਸੁਪਰੀਮ ਕੋਰਟ ਪਹੁੰਚਿਆ ਸੀ। ਕੰਪਨੀ ਦਾ ਕਹਿਣਾ ਸੀ ਕਿ ਹਾਈ ਕੋਰਟ ਦੇ ਹੁਕਮ ਨਾਲ ਪੈਟਰੋਲ ਵਿੱਚ 20% ਮਿਲਾਉਣ ਦੀ ਰਾਸ਼ਟਰੀ ਨੀਤੀ 'ਤੇ ਅਸਰ ਪੈ ਸਕਦਾ ਹੈ।

ਕਰਨਾਟਕ ਹਾਈ ਕੋਰਟ ਨੇ, ਅਤੇ ਨੂੰ ਇੱਕ ਨਿਰਮਾਤਾ ਦੀ ਮੰਗ 'ਤੇ ਵਿਚਾਰ ਕਰਨ ਲਈ ਕਿਹਾ ਸੀ। ਇਸ ਨਿਰਮਾਤਾ ਨੇ ਵਿੱਤੀ ਸਾਲ 2025-26 ਲਈ ਦੀ ਵੱਧ ਵੰਡ ਦੀ ਮੰਗ ਕੀਤੀ ਸੀ।

ਹਾਈ ਕੋਰਟ ਮੁਤਾਬਕ, ਸਰਕਾਰ ਦੀ ਨੀਤੀ ਤਹਿਤ ਸਥਾਪਿਤ ਉਹ ਪਲਾਂਟ, ਜੋ ਸਮਝੌਤੇ ਅਨੁਸਾਰ ਸਿਰਫ਼ ਤੇਲ ਕੰਪਨੀਆਂ ਨੂੰ ਸਪਲਾਈ ਕਰਦੇ ਹਨ, ਉਨ੍ਹਾਂ ਨੂੰ ਲੰਬੇ ਸਮੇਂ ਦੇ ਖਰੀਦ ਸਮਝੌਤਿਆਂ ਵਿੱਚ ਤੈਅ ਤਰਜੀਹ ਦੇ ਲਾਭ ਤੋਂ ਵਾਂਝਾ ਨਹੀਂ ਰੱਖਿਆ ਜਾਣਾ ਚਾਹੀਦਾ।

ਸੁਪਰੀਮ ਕੋਰਟ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ ਨਵੰਬਰ ਵਿੱਚ ਤੈਅ ਕੀਤੀ ਹੈ। ਹੁਣ ਦੇਖਣਾ ਹੋਵੇਗਾ ਕਿ ਦੀ ਸਪਲਾਈ, ਕਿਸਾਨਾਂ ਦੇ ਹਿੱਤਾਂ ਅਤੇ ਪੈਟਰੋਲ ਵਿੱਚ ਇਸ ਦੀ ਮਿਲਾਵਟ ਨਾਲ ਜੁੜੇ ਸਵਾਲਾਂ 'ਤੇ ਅੱਗੇ ਕੀ ਫੈਸਲਾ ਹੁੰਦਾ ਹੈ।

ਵਿਸ਼ਵ

ਘਰਾਂ 'ਚ ਐਮਰਜੈਂਸੀ ਰਾਸ਼ਨ ਜਮ੍ਹਾਂ ਕਰ ਰਹੇ ਜਾਪਾਨ, ਅਮਰੀਕਾ ਤੇ ਬ੍ਰਿਟੇਨ ਦੇ ਲੋਕ; ਕੀ ਆਉਣ ਵਾਲਾ ਹੈ ਕੋਈ ਵੱਡਾ ਸੰਕਟ?

ਦੁਨੀਆ ਦੇ ਕਈ ਵਿਕਸਿਤ ਦੇਸ਼ ਆਪਣੇ ਨਾਗਰਿਕਾਂ ਨੂੰ ਘਰਾਂ ਵਿੱਚ ਜ਼ਰੂਰੀ ਵਸਤਾਂ ਦਾ ਸਟਾਕ ਰੱਖਣ ਦੀ ਸਲਾਹ ਦੇ ਰਹੇ ਹਨ। ਇਨ੍ਹਾਂ ਦੇਸ਼ਾਂ ਵਿੱਚ ਅਮਰੀਕਾ, ਬ੍ਰਿਟੇਨ, ਜਾਪਾਨ, ਨਾਰਵੇ, ਫਿਨਲੈਂਡ, ਸਵੀਡਨ ਸਮੇਤ ਕਈ ਹੋਰ ਦੇਸ਼ ਸ਼ਾਮਲ ਹਨ। ਇਨ੍ਹਾਂ ਦੇਸ਼ਾਂ ਦੀਆਂ ਸਰਕਾਰਾਂ ਨੇ ਆਪਣੇ ਨਾਗਰਿਕਾਂ ਨੂੰ ਐਮਰਜੈਂਸੀ ਸਥਿਤੀਆਂ ਲਈ ਤਿਆਰ ਰਹਿਣ ਲਈ ਕਿਹਾ ਹੈ। ਨਾਲ ਹੀ ਸਲਾਹ ਦਿੱਤੀ ਹੈ ਕਿ ਘਰਾਂ ਵਿੱਚ ਖਾਣ-ਪੀਣ ਦੀਆਂ ਚੀਜ਼ਾਂ, ਪਾਣੀ, ਦਵਾਈਆਂ ਅਤੇ ਹੋਰ ਜ਼ਰੂਰੀ ਵਸਤਾਂ ਦਾ ਸਟਾਕ ਰੱਖਿਆ ਜਾਵੇ, ਤਾਂ ਜੋ ਕਿਸੇ ਵੀ ਐਮਰਜੈਂਸੀ ਦੌਰਾਨ ਬਾਹਰੀ ਸੰਪਰਕ ਟੁੱਟਣ ’ਤੇ ਜ਼ਰੂਰੀ ਸਾਮਾਨ ਮੰਗਵਾਉਣ ਦੀ ਲੋੜ ਨਾ ਪਵੇ।

ਨਵੀਂ ਦਿੱਲੀ - ਦੁਨੀਆ ਦੇ ਕਈ ਵਿਕਸਿਤ ਦੇਸ਼ ਆਪਣੇ ਨਾਗਰਿਕਾਂ ਨੂੰ ਘਰਾਂ ਵਿੱਚ ਜ਼ਰੂਰੀ ਵਸਤਾਂ ਦਾ ਸਟਾਕ ਰੱਖਣ ਦੀ ਸਲਾਹ ਦੇ ਰਹੇ ਹਨ। ਇਨ੍ਹਾਂ ਦੇਸ਼ਾਂ ਵਿੱਚ ਅਮਰੀਕਾ, ਬ੍ਰਿਟੇਨ, ਜਾਪਾਨ, ਨਾਰਵੇ, ਫਿਨਲੈਂਡ, ਸਵੀਡਨ ਸਮੇਤ ਕਈ ਹੋਰ ਦੇਸ਼ ਸ਼ਾਮਲ ਹਨ। ਇਨ੍ਹਾਂ ਦੇਸ਼ਾਂ ਦੀਆਂ ਸਰਕਾਰਾਂ ਨੇ ਆਪਣੇ ਨਾਗਰਿਕਾਂ ਨੂੰ ਐਮਰਜੈਂਸੀ ਸਥਿਤੀਆਂ ਲਈ ਤਿਆਰ ਰਹਿਣ ਲਈ ਕਿਹਾ ਹੈ। ਨਾਲ ਹੀ ਸਲਾਹ ਦਿੱਤੀ ਹੈ ਕਿ ਘਰਾਂ ਵਿੱਚ ਖਾਣ-ਪੀਣ ਦੀਆਂ ਚੀਜ਼ਾਂ, ਪਾਣੀ, ਦਵਾਈਆਂ ਅਤੇ ਹੋਰ ਜ਼ਰੂਰੀ ਵਸਤਾਂ ਦਾ ਸਟਾਕ ਰੱਖਿਆ ਜਾਵੇ, ਤਾਂ ਜੋ ਕਿਸੇ ਵੀ ਐਮਰਜੈਂਸੀ ਦੌਰਾਨ ਬਾਹਰੀ ਸੰਪਰਕ ਟੁੱਟਣ ’ਤੇ ਜ਼ਰੂਰੀ ਸਾਮਾਨ ਮੰਗਵਾਉਣ ਦੀ ਲੋੜ ਨਾ ਪਵੇ।

ਸਾਰੇ ਦੇਸ਼ਾਂ ਨੇ ਆਪਣੇ ਨਾਗਰਿਕਾਂ ਨੂੰ ਲਗਭਗ ਦੋ ਦਿਨ, ਸੱਤ ਦਿਨ ਜਾਂ 10 ਦਿਨਾਂ ਤੱਕ ਦੀ ਤਿਆਰੀ ਰੱਖਣ ਲਈ ਕਿਹਾ ਹੈ।

ਘਰਾਂ 'ਚ ਐਮਰਜੈਂਸੀ ਰਾਸ਼ਨ ਜਮ੍ਹਾਂ ਕਰ ਰਹੇ ਜਾਪਾਨ, ਅਮਰੀਕਾ ਤੇ ਬ੍ਰਿਟੇਨ ਦੇ ਲੋਕ; ਕੀ ਆਉਣ ਵਾਲਾ ਹੈ ਕੋਈ ਵੱਡਾ ਸੰਕਟ? (ਜਾਰੀ)

ਇਸ ਮਾਮਲੇ ਵਿੱਚ ਅਮਰੀਕਾ ਦੀ ਯੋਜਨਾ ਵੱਖਰੀ ਹੈ, ਜਿੱਥੇ ਆਪਣੇ ਫੌਜੀ ਟਿਕਾਣਿਆਂ ਲਈ 90 ਦਿਨਾਂ ਦੀ ਯੋਜਨਾ ’ਤੇ ਕੰਮ ਕੀਤਾ ਜਾ ਰਿਹਾ ਹੈ। ਅਮਰੀਕਾ ਨੇ ਅਜਿਹੀ ਯੋਜਨਾ ਬਣਾਈ ਹੈ ਕਿ ਉਸ ਦੇ ਫੌਜੀ ਟਿਕਾਣੇ 90 ਦਿਨਾਂ ਤੱਕ ਸੁਤੰਤਰ ਤੌਰ ’ਤੇ ਕੰਮ ਕਰ ਸਕਣ। ਇਸੇ ਲੜੀ ਵਿੱਚ ਜਾਪਾਨ ਦੋ ਨਵੰਬਰ ਨੂੰ ਆਪਣੀ ਯੋਜਨਾ ਦਾ ਐਲਾਨ ਕਰ ਸਕਦਾ ਹੈ। ਕਿਉਂ ਜਾਰੀ ਕੀਤਾ ਗਿਆ ਹੈ ਅਲਰਟ?

ਵੱਖ-ਵੱਖ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਜਾਰੀ ਕੀਤੀਆਂ ਸਲਾਹਾਂ ਵਿੱਚ ਖ਼ਰਾਬ ਮੌਸਮ, ਹੜ੍ਹ, ਬਿਜਲੀ ਦੀ ਕਮੀ, ਇੰਟਰਨੈੱਟ ਸੇਵਾਵਾਂ ਵਿੱਚ ਰੁਕਾਵਟ, ਸਾਈਬਰ ਹਮਲੇ ਅਤੇ ਜੰਗ ਵਰਗੇ ਖ਼ਤਰਿਆਂ ਦਾ ਜ਼ਿਕਰ ਕੀਤਾ ਗਿਆ ਹੈ। ਇਨ੍ਹਾਂ ਕਾਰਨ ਆਮ ਜਨਜੀਵਨ ਪ੍ਰਭਾਵਿਤ ਹੋਣ ਦਾ ਖ਼ਦਸ਼ਾ ਜਤਾਇਆ ਗਿਆ ਹੈ। ਇਸ ਲਈ ਸਰਕਾਰਾਂ ਦੀ ਕੋਸ਼ਿਸ਼ ਹੈ ਕਿ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਆਉਣ ’ਤੇ ਲੋਕਾਂ ਨੂੰ ਬਾਹਰੀ ਮਦਦ ਜਾਂ ਸਰਕਾਰੀ ਸਹਾਇਤਾ ਦੀ ਉਡੀਕ ਨਾ ਕਰਨੀ ਪਵੇ ਅਤੇ ਉਹ ਕੁਝ ਸਮੇਂ ਤੱਕ ਆਪਣੀਆਂ ਜ਼ਰੂਰਤਾਂ ਖ਼ੁਦ ਪੂਰੀਆਂ ਕਰ ਸਕਣ। ਕਿੱਥੇ ਕੀ ਦਿੱਤੀ ਗਈ ਹੈ ਸਲਾਹ?

ਬ੍ਰਿਟੇਨ: ਇੱਥੇ ‘ਬੀ ਰੈਡੀ’ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਤਹਿਤ ਲੋਕਾਂ ਨੂੰ ਤਿੰਨ ਦਿਨਾਂ ਲਈ ਪਾਣੀ, ਲੰਬੇ ਸਮੇਂ ਤੱਕ ਖ਼ਰਾਬ ਨਾ ਹੋਣ ਵਾਲਾ ਖਾਣਾ, ਜ਼ਰੂਰੀ ਦਵਾਈਆਂ, ਟਾਰਚ, ਬੈਟਰੀਆਂ, ਰੇਡੀਓ, ਪਾਵਰ ਬੈਂਕ ਅਤੇ ਕੁਝ ਨਕਦੀ ਆਪਣੇ ਕੋਲ ਰੱਖਣ ਦੀ ਸਲਾਹ ਦਿੱਤੀ ਗਈ ਹੈ। ਅਮਰੀਕਾ: ਇੱਥੇ ਆਮ ਲੋਕਾਂ ਲਈ ਇਸ ਤਰ੍ਹਾਂ ਦੀ ਕੋਈ ਸਲਾਹ ਜਾਰੀ ਨਹੀਂ ਕੀਤੀ ਗਈ, ਪਰ ਫੌਜੀ ਕਰਮਚਾਰੀਆਂ ਲਈ ਅਲਰਟ ਜਾਰੀ ਕੀਤਾ ਗਿਆ ਹੈ। ਉਨ੍ਹਾਂ ਨੇ 90 ਦਿਨਾਂ ਤੱਕ ਬਾਹਰੀ ਸਪਲਾਈ ’ਤੇ ਨਿਰਭਰ ਨਾ ਰਹਿਣ ਦੀ ਯੋਜਨਾ ਬਣਾਈ ਹੈ। ਕਿਸੇ ਵੱਡੀ ਜੰਗ, ਸਾਈਬਰ ਹਮਲੇ ਜਾਂ ਬੁਨਿਆਦੀ ਢਾਂਚੇ ’ਤੇ ਹਮਲੇ ਦੀ ਸਥਿਤੀ ਵਿੱਚ ਫੌਜੀ ਕਾਰਜਾਂ ਵਿੱਚ ਰੁਕਾਵਟ ਨਾ ਆਵੇ, ਇਸ ਲਈ ਅਜਿਹੀ ਯੋਜਨਾ ’ਤੇ ਕੰਮ ਕੀਤਾ ਜਾ ਰਿਹਾ ਹੈ। ਜਾਪਾਨ: ਜਾਪਾਨ ਦੀ ਨਵੀਂ ਰਾਸ਼ਟਰੀ ਆਫ਼ਤ ਪ੍ਰਬੰਧਨ ਏਜੰਸੀ ਨਾਗਰਿਕਾਂ ਨੂੰ ਘੱਟੋ-ਘੱਟ ਤਿੰਨ ਦਿਨਾਂ ਅਤੇ ਜੇ ਸੰਭਵ ਹੋਵੇ ਤਾਂ ਇੱਕ ਹਫ਼ਤੇ ਤੱਕ ਦਾ ਖਾਣਾ, ਪਾਣੀ ਅਤੇ ਹੋਰ ਜ਼ਰੂਰੀ ਸਾਮਾਨ ਘਰ ਵਿੱਚ ਰੱਖਣ ਦੀ ਸਲਾਹ ਦੇਵੇਗੀ। ਜਾਪਾਨ ਸਰਕਾਰ ਮੁਤਾਬਕ ਕਿਸੇ ਵੱਡੇ ਭੂਚਾਲ ਤੋਂ ਬਾਅਦ ਬਿਜਲੀ, ਪਾਣੀ ਅਤੇ ਆਵਾਜਾਈ ਸੇਵਾਵਾਂ ਪ੍ਰਭਾਵਿਤ ਹੋ ਸਕਦੀਆਂ ਹਨ। ਇਸੇ ਤਰ੍ਹਾਂ ਹੋਰ ਦੇਸ਼ਾਂ ਨੇ ਵੀ ਆਪਣੇ ਨਾਗਰਿਕਾਂ ਨੂੰ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਤਿਆਰ ਰਹਿਣ ਦੀ ਸਲਾਹ ਜਾਰੀ ਕੀਤੀ ਹੈ।

ਵਿਸ਼ਵ

ਅਮਰੀਕਾ ਦੇ ਹੋਮਲੈਂਡ ਸਿਕਿਉਰਿਟੀ ਵਿਭਾਗ ਦੇ 41,000 ਤੋਂ ਵੱਧ ਕਰਮਚਾਰੀਆਂ ਦੀ ਜਾਣਕਾਰੀ ਆਨਲਾਈਨ ਜਾਰੀ

ਵਾਸ਼ਿੰਗਟਨ, 30 ਅਕਤੂਬਰ (ਪੰਜਾਬ ਮੇਲ)- ਅਮਰੀਕਾ ਦੇ ਹੋਮਲੈਂਡ ਸਿਕਿਉਰਿਟੀ ਵਿਭਾਗ ਦੇ 41,000 ਤੋਂ ਵੱਧ ਕਰਮਚਾਰੀਆਂ ਅਤੇ ਠੇਕੇਦਾਰਾਂ ਨਾਲ ਜੁੜੀ ਜਾਣਕਾਰੀ ਆਨਲਾਈਨ ਜਾਰੀ ਹੋਣ ਦੀ ਰਿਪੋਰਟ ਸਾਹਮਣੇ ਆਈ ਹੈ। ਰਿਪੋਰਟਾਂ ਮੁਤਾਬਕ, “ ” ਨਾਮ ਨਾਲ ਕੰਮ ਕਰਨ ਵਾਲੇ ਇੱਕ ਹੈਕਰ ਸਮੂਹ ਨੇ ਇਹ ਡੇਟਾ ਹਾਸਲ ਕਰਕੇ ਖੋਜਯੋਗ ਡੇਟਾਬੇਸ ਵਜੋਂ ਪ੍ਰਕਾਸ਼ਿਤ ਕੀਤਾ। ਇਸ ਵਿੱਚ ਦੀਆਂ ਵੱਖ-ਵੱਖ ਏਜੰਸੀਆਂ, ਜਿਨ੍ਹਾਂ ਵਿੱਚ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ, ਕਸਟਮਜ਼ ਐਂਡ ਬਾਰਡਰ ਪ੍ਰੋਟੈਕਸ਼ਨ ਅਤੇ ਯੂ.ਐੱਸ. ਸਿਟੀਜ਼ਨਸ਼ਿਪ ਐਂਡ ਇਮੀਗ੍ਰੇਸ਼ਨ ਸਰਵਿਸਿਜ਼ ਸ਼ਾਮਲ ਹਨ, ਦੇ ਕਰਮਚਾਰੀਆਂ ਦੇ ਰਿਕਾਰਡ ਹੋਣ ਦੀ ਗੱਲ ਕਹੀ ਗਈ ਹੈ।

ਜਾਰੀ ਕੀਤੇ ਡੇਟਾ ਵਿੱਚ ਕਈ ਲੋਕਾਂ ਦੇ ਨਾਮ, ਦਫ਼ਤਰਾਂ, ਸੰਪਰਕ ਵੇਰਵਿਆਂ ਅਤੇ ਕੰਮ ਨਾਲ ਸਬੰਧਤ ਜਾਣਕਾਰੀ ਹੋਣ ਦੀ ਰਿਪੋਰਟ ਹੈ। ਕੁਝ ਰਿਕਾਰਡ ਇਮੀਗ੍ਰੇਸ਼ਨ ਕਾਰਵਾਈਆਂ ਨਾਲ ਜੁੜੇ ਅਧਿਕਾਰੀਆਂ ਅਤੇ ਜਾਂਚਕਰਤਿਆਂ ਦੇ ਵੀ ਹੋ ਸਕਦੇ ਹਨ। ਪ੍ਰਕਾਸ਼ਿਤ ਕਰਨ ਵਾਲਿਆਂ ਨੇ ਕਿਹਾ ਕਿ ਡੇਟਾਬੇਸ ਪੂਰਾ ਨਹੀਂ ਹੈ। ਇਸ ਲਈ ਇਸ ਵਿੱਚ ਕੁਝ ਜਾਣਕਾਰੀ ਗਲਤ ਜਾਂ ਪੁਰਾਣੀ ਹੋਣ ਦੀ ਸੰਭਾਵਨਾ ਵੀ ਹੈ।

ਵਾਸ਼ਿੰਗਟਨ ਪੋਸਟ ਨੇ ਦੱਸਿਆ ਕਿ ਉਸ ਨੇ ਡੇਟਾਬੇਸ ਦੀ ਜਾਂਚ ਕੀਤੀ ਅਤੇ ਮੌਜੂਦਾ ਤੇ ਸਾਬਕਾ ਅਧਿਕਾਰੀਆਂ ਨਾਲ ਜਾਣਕਾਰੀ ਦੀ ਪੁਸ਼ਟੀ ਕੀਤੀ। ਅਧਿਕਾਰੀਆਂ ਨੇ ਚਿੰਤਾ ਜਤਾਈ ਹੈ ਕਿ ਕਰਮਚਾਰੀਆਂ ਦੀ ਪਛਾਣ ਜਨਤਕ ਹੋਣ ਨਾਲ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸੁਰੱਖਿਆ ਨੂੰ ਖ਼ਤਰਾ ਹੋ ਸਕਦਾ ਹੈ।

ਇਹ ਘਟਨਾ ਇਮੀਗ੍ਰੇਸ਼ਨ ਨੀਤੀ ਵਿੱਚ ਤਬਦੀਲੀ ਨਹੀਂ ਹੈ। ਇਹ ਸਰਕਾਰੀ ਕਰਮਚਾਰੀਆਂ ਦੀ ਨਿੱਜੀ ਜਾਣਕਾਰੀ ਅਤੇ ਸੁਰੱਖਿਆ ਨਾਲ ਸਬੰਧਤ ਮਾਮਲਾ ਹੈ।

ਪੰਜਾਬ

ਮੌਜੂਦਾ ਪੰਚ ਸੈਂਕੜੇ ਸਾਥੀਆਂ ਸਮੇਤ ਕਾਂਗਰਸ ਨੂੰ ਛੱਡ ਕੇ ਆਪ 'ਚ ਹੋਇਆ ਸ਼ਾਮਲ, ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕੀਤਾ ਨਿੱਘਾ ਸਵਾਗਤ; ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਦਿੱਤਾ ਭਰੋਸਾ

ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਵਿੱਚ ਹਰ ਵਰਕਰ ਅਤੇ ਸਾਥੀ ਦਾ ਅਹਿਮ ਯੋਗਦਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਜੁੜੇ ਅਤੇ ਪਿੰਡ ਦੀਆਂ ਲੋੜਾਂ ਨੂੰ ਸਮਝਣ ਵਾਲੇ ਸਾਥੀਆਂ ਦੇ ਜੁੜਨ ਨਾਲ ਲੋਕ ਸੇਵਾ ਦੇ ਉਪਰਾਲਿਆਂ ਨੂੰ ਹੋਰ ਬਲ ਮਿਲਦਾ ਹੈ।

ਮੌਜੂਦਾ ਪੰਚ ਸੈਂਕੜੇ ਸਾਥੀਆਂ ਸਮੇਤ ਕਾਂਗਰਸ ਨੂੰ ਛੱਡ ਕੇ ਆਪ 'ਚ ਹੋਇਆ ਸ਼ਾਮਲ, ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕੀਤਾ ਨਿੱਘਾ ਸਵਾਗਤ; ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਦਿੱਤਾ ਭਰੋਸਾ (ਜਾਰੀ)

ਉਨ੍ਹਾਂ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰ ਅਤੇ ਸਾਥੀਆਂ ਨੂੰ ਪਿੰਡ ਦੀ ਭਲਾਈ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ।

ਵਿਧਾਇਕ ਭਰਾਜ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਰਾਬਤਾ ਰੱਖਣਾ, ਉਨ੍ਹਾਂ ਦੀਆਂ ਮੁਸ਼ਕਲਾਂ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਉਨ੍ਹਾਂ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਵਿਕਾਸ ਕਾਰਜਾਂ ਨੂੰ ਲੋਕਾਂ ਦੀਆਂ ਲੋੜਾਂ ਅਨੁਸਾਰ ਅੱਗੇ ਵਧਾਉਣ ਲਈ ਪੰਚਾਇਤਾਂ ਅਤੇ ਪਿੰਡ ਵਾਸੀਆਂ ਦਾ ਸਹਿਯੋਗ ਅਹਿਮ ਹੈ।

ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਦੇ ਸੁਝਾਵਾਂ ਅਤੇ ਤਜਰਬੇ ਨੂੰ ਪੂਰੀ ਅਹਿਮੀਅਤ ਦਿੱਤੀ ਜਾਵੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਸਾਰੇ ਸਾਥੀਆਂ ਨੂੰ ਨਾਲ ਲੈ ਕੇ ਲੋਕ ਭਲਾਈ ਅਤੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਕੰਮ ਕੀਤਾ ਜਾਵੇਗਾ।

ਇਸ ਮੌਕੇ ਸਰਪੰਚ ਜਸਵਿੰਦਰ ਕੌਰ, ਸਰਪੰਚ ਕਰਨੈਲ ਸਿੰਘ ਅਤੇ ਹਲਕਾ ਸੰਗਠਨ ਇੰਚਾਰਜ ਤੇ ਬਲਾਕ ਸੰਮਤੀ ਮੈਂਬਰ ਵਿਕਰਮਜੀਤ ਸਿੰਘ ਨਕਟੇ ਵੀ ਹਾਜ਼ਰ ਸਨ।

ਖੇਡਾਂ

ਆਕਲੈਂਡ ਵਿੱਚ ਭਾਰਤ ਦੀ ਕਰਾਰੀ ਹਾਰ, ਗੇਂਦਬਾਜ਼ ਤੋਂ ਬਾਅਦ ਬੱਲੇਬਾਜ਼ਾਂ ਨੇ ਵੀ ਕੀਤਾ ਸਰੇਂਡਰ

ਨਿਊਜ਼ੀਲੈਂਡ ਖਿਲਾਫ ਸੀਰੀਜ ਵਿੱਚ ਅਜੇਤੂ ਲੀਡ ਲੈਣ ਤੋਂ ਬਾਅਦ, ਭਾਰਤ ਆਕਲੈਂਡ ਬੁਰੀ ਤਰ੍ਹਾਂ ਹਾਰ ਗਿਆ, ਜਿਸ ਨਾਲ ਨਿਊਜ਼ੀਲੈਂਡ ਨੇ ਲੜੀ ਦੀ ਪਹਿਲੀ ਜਿੱਤ ਹਾਸਿਲ ਕੀਤੀ।

ਗਲੇਨ ਫਿਲਿਪਸ ਅਤੇ ਮਾਈਕਲ ਬ੍ਰੇਸਵੈੱਲ ਦੀ ਧਮਾਕੇਦਾਰ ਪਾਰੀ, ਜਿਸ ਤੋਂ ਬਾਅਦ ਜੈਕਬ ਡਫੀ ਦੀ ਸ਼ਾਨਦਾਰ ਗੇਂਦਬਾਜ਼ੀ, ਨਿਊਜ਼ੀਲੈਂਡ ਨੇ ਅੰਤ ਵਿੱਚ ਭਾਰਤ ਵਿਰੁੱਧ ਲੜੀ ਵਿੱਚ ਜਿੱਤ ਹਾਸਲ ਕੀਤੀ। ਭਾਰਤ ਆਕਲੈਂਡ ਵਿੱਚ ਮੈਚ ਬੁਰੀ ਤਰ੍ਹਾਂ ਹਾਰ ਗਿਆ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਨਿਊਜ਼ੀਲੈਂਡ ਨੇ 20 ਓਵਰਾਂ ਵਿੱਚ 259 ਦੌੜਾਂ ਬਣਾਈਆਂ। ਜਵਾਬ ਵਿੱਚ, ਭਾਰਤ ਸਿਰਫ 172 ਦੌੜਾਂ ਹੀ ਬਣਾ ਸਕਿਆ ਅਤੇ 87 ਦੌੜਾਂ ਨਾਲ ਹਾਰ ਗਿਆ। ਨਿਊਜ਼ੀਲੈਂਡ ਦੀ ਜਿੱਤ ਦੇ ਹੀਰੋ ਗਲੇਨ ਫਿਲਿਪਸ ਸਨ, ਜਿਨ੍ਹਾਂ ਨੇ 49 ਗੇਂਦਾਂ ਵਿੱਚ 107 ਦੌੜਾਂ ਬਣਾਈਆਂ। ਮਾਈਕਲ ਬ੍ਰੇਸਵੈੱਲ ਨੇ ਵੀ 25 ਗੇਂਦਾਂ ਵਿੱਚ 65 ਦੌੜਾਂ ਦਾ ਯੋਗਦਾਨ ਪਾਇਆ। ਦੋਵਾਂ ਬੱਲੇਬਾਜ਼ਾਂ ਨੇ ਮਿਲ ਕੇ 40 ਗੇਂਦਾਂ ਵਿੱਚ 115 ਦੌੜਾਂ ਦੀ ਸਾਂਝੇਦਾਰੀ ਕੀਤੀ, ਜਿਸ ਨਾਲ ਟੀਮ ਇੰਡੀਆ ਮੈਚ ਤੋਂ ਪੂਰੀ ਤਰ੍ਹਾਂ ਬਾਹਰ ਹੋ ਗਈ। ਜੈਕਬ ਡਫੀ ਨੇ ਸ਼ਾਨਦਾਰ ਗੇਂਦਬਾਜ਼ੀ ਕੀਤੀ, 4 ਓਵਰਾਂ ਵਿੱਚ 23 ਦੌੜਾਂ ਦੇ ਕੇ 4 ਵਿਕਟਾਂ ਲਈਆਂ।

ਵਿਚਕਾਰਲੇ ਓਵਰਾਂ ਵਿੱਚ ਅਕਸ਼ਰ ਪਟੇਲ ਨੇ 7 ਦੌੜਾਂ 'ਤੇ ਆਪਣੀ ਵਿਕਟ ਗੁਆ ਦਿੱਤੀ। ਨਿਤੀਸ਼ ਕੁਮਾਰ ਰੈਡੀ ਨੇ ਤੇਜ਼ੀ ਨਾਲ ਬੱਲੇਬਾਜ਼ੀ ਕਰਨ ਦੀ ਕੋਸ਼ਿਸ਼ ਕੀਤੀ ਪਰ 21 ਦੌੜਾਂ 'ਤੇ ਸੈਂਟਨਰ ਦੇ ਸ਼ਿਕਾਰ ਹੋ ਗਏ। ਨਮਨ ਧੀਰ ਨੇ ਵੀ ਤੇਜ਼ੀ ਨਾਲ ਬੱਲੇਬਾਜ਼ੀ ਕਰਦਿਆਂ 13 ਗੇਂਦਾਂ ਵਿੱਚ 28 ਦੌੜਾਂ ਬਣਾਈਆਂ ਅਤੇ ਫਿਰ ਜੈਕਬ ਡਫੀ ਨੂੰ ਵਿਕੇਟ ਦੇ ਬੈਠੇ। ਅੰਤ ਵਿੱਚ, ਉਪ-ਕਪਤਾਨ ਤਿਲਕ ਵਰਮਾ ਨੇ ਕੁਝ ਕੋਸ਼ਿਸ਼ਾਂ ਕਰਦਿਆਂ 35 ਦੌੜਾਂ ਬਣਾਈਆਂ, ਪਰ ਭਾਰਤ ਮੈਚ ਬੁਰੀ ਤਰ੍ਹਾਂ ਹਾਰ ਗਿਆ।

ਬੱਲੇਬਾਜ਼ਾਂ ਦੇ ਅਸਫਲ ਹੋਣ ਤੋਂ ਪਹਿਲਾਂ ਭਾਰਤੀ ਗੇਂਦਬਾਜ਼ਾਂ ਨੂੰ ਭਾਰੀ ਹਾਰ ਦਾ ਸਾਹਮਣਾ ਕਰਨਾ ਪਿਆ। ਨਿਊਜ਼ੀਲੈਂਡ ਨੇ ਭਾਰਤ ਖਿਲਾਫ 20 ਓਵਰਾਂ ਵਿੱਚ 259 ਦੌੜਾਂ ਬਣਾਈਆਂ। ਇਹ ਪਹਿਲੀ ਵਾਰ ਸੀ ਜਦੋਂ ਭਾਰਤ ਨੂੰ ਕਿਸੇ ਵੀ ਟੀਮ ਦੁਆਰਾ ਇੰਨਾ ਝਟਕਾ ਮਿਲਿਆ ਹੋਵੇ। ਨਿਊਜ਼ੀਲੈਂਡ ਨੇ ਗਲੇਨ ਫਿਲਿਪਸ ਦੇ ਧਮਾਕੇਦਾਰ ਸੈਂਕੜੇ ਦੀ ਬਦੌਲਤ ਇਹ ਸਕੋਰ ਪ੍ਰਾਪਤ ਕੀਤਾ, ਜਿਸਨੇ 10 ਛੱਕੇ ਅਤੇ 6 ਚੌਕਿਆਂ ਦੀ ਮਦਦ ਨਾਲ 107 ਦੌੜਾਂ ਬਣਾਈਆਂ। ਉਨ੍ਹਾਂ ਦੇ ਨਾਲ, ਮਾਈਕਲ ਬ੍ਰੇਸਵੈੱਲ ਨੇ ਸਿਰਫ 25 ਗੇਂਦਾਂ ਵਿੱਚ 6 ਛੱਕੇ ਅਤੇ 4 ਚੌਕਿਆਂ ਦੇ ਦੱਮ ਤੇ 65 ਦੌੜਾਂ ਬਣਾਈਆਂ,। ਗੇਂਦਬਾਜ਼ਾਂ ਵਿੱਚੋਂ, ਅਕਸ਼ਰ ਪਟੇਲ ਨੇ 3 ਓਵਰਾਂ ਵਿੱਚ 43 ਦੌੜਾਂ ਦਿੱਤੀਆਂ। ਨਿਤੀਸ਼ ਕੁਮਾਰ ਰੈੱਡੀ ਨੇ 4 ਓਵਰਾਂ ਵਿੱਚ 54 ਦੌੜਾਂ ਦਿੱਤੀਆਂ। ਪ੍ਰਿੰਸ ਯਾਦਵ ਨੇ 49 ਰਨ ਅਤੇ ਮਯੰਕ ਯਾਦਵ ਨੇ 48 ਰਨ ਦਿੱਤੇ। ਅਰਸ਼ਦੀਪ ਸਿੰਘ ਨੇ 4 ਓਵਰਾਂ ਵਿੱਚ 38 ਦੌੜਾਂ ਦਿੱਤੀਆਂ।

ਪੰਜਾਬ

ਜਨਗਣਨਾ 2027 ਦੀਆਂ ਤਾਰੀਖ਼ਾਂ ਦਾ ਐਲਾਨ, 25 ਜਨਵਰੀ ਤੋਂ 28 ਫ਼ਰਵਰੀ ਤੱਕ ਹੋਵੇਗੀ ਆਬਾਦੀ ਦੀ ਗਿਣਤੀ

ਦੇਸ਼ ਭਰ ਵਿੱਚ ਲੰਮੇ ਸਮੇਂ ਤੋਂ ਉਡੀਕੀ ਜਾ ਰਹੀ ਜਨਗਣਨਾ 2027 ਨੂੰ ਲੈ ਕੇ ਅਹਿਮ ਐਲਾਨ ਸਾਹਮਣੇ ਆਇਆ ਹੈ। ਭਾਰਤ ਦੇ ਜਨਗਣਨਾ ਕਮਿਸ਼ਨਰ ਨੇ ਸ਼ੁੱਕਰਵਾਰ ਨੂੰ ਤਾਰੀਖ਼ਾਂ ਦਾ ਐਲਾਨ ਕਰਦਿਆਂ ਦੱਸਿਆ ਕਿ ਚੋਣਾਂ ਵਾਲੇ ਅਤੇ ਬਰਫ਼ਬਾਰੀ ਪ੍ਰਭਾਵਿਤ ਖੇਤਰਾਂ ਨੂੰ ਛੱਡ ਕੇ ਦੇਸ਼ ਭਰ ਵਿੱਚ 25 ਜਨਵਰੀ 2027 ਤੋਂ 28 ਫ਼ਰਵਰੀ 2027 ਤੱਕ ਜਨਗਣਨਾ ਦੀ ਪ੍ਰਕਿਰਿਆ ਮੁਕੰਮਲ ਕੀਤੀ ਜਾਵੇਗੀ।

ਭਾਰਤ ਦੇ ਰਜਿਸਟਰਾਰ ਜਨਰਲ ਅਤੇ ਜਨਗਣਨਾ ਕਮਿਸ਼ਨਰ ਮ੍ਰਿਤੁੰਜੈ ਕੁਮਾਰ ਨਾਰਾਇਣ ਵੱਲੋਂ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਅਨੁਸਾਰ ਮਨੀਪੁਰ (ਅਗਲੇ ਹੁਕਮਾਂ ਤੱਕ), ਲੱਦਾਖ਼ ਦੇ ਨਾਲ-ਨਾਲ ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਬਰਫ਼ਬਾਰੀ ਵਾਲੇ ਇਲਾਕਿਆਂ ਜਿੱਥੇ ਮੌਸਮੀ ਹਾਲਾਤਾਂ ਕਾਰਨ ਜਨਗਣਨਾ ਦਾ ਸਮਾਂ ਵੱਖਰਾ ਨਿਰਧਾਰਿਤ ਕੀਤਾ ਜਾਂਦਾ ਹੈ ਨੂੰ ਛੱਡ ਕੇ ਬਾਕੀ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਇਹ ਕਾਰਜ 25 ਜਨਵਰੀ ਤੋਂ 28 ਫ਼ਰਵਰੀ 2027 ਦਰਮਿਆਨ ਨੇਪਰੇ ਚਾੜ੍ਹਿਆ ਜਾਵੇਗਾ।

ਜਨਗਣਨਾ 2027 ਦੀਆਂ ਤਾਰੀਖ਼ਾਂ ਦਾ ਐਲਾਨ, 25 ਜਨਵਰੀ ਤੋਂ 28 ਫ਼ਰਵਰੀ ਤੱਕ ਹੋਵੇਗੀ ਆਬਾਦੀ ਦੀ ਗਿਣਤੀ (ਜਾਰੀ)

ਨੋਟੀਫਿਕੇਸ਼ਨ ਵਿੱਚ ਇਸ ਗੱਲ ਦੀ ਵੀ ਜਾਣਕਾਰੀ ਦਿੱਤੀ ਗਈ ਹੈ ਕਿ ਘਰ-ਘਰ ਜਾ ਕੇ ਅੰਕੜੇ ਇਕੱਠੇ ਕਰਨ ਦੀ ਮੁਹਿੰਮ ਸ਼ੁਰੂ ਹੋਣ ਤੋਂ ਠੀਕ ਪਹਿਲਾਂ ਨਾਗਰਿਕਾਂ ਨੂੰ ਆਪਣੀ ਜਾਣਕਾਰੀ ਖ਼ੁਦ ਆਨਲਾਈਨ ਦਰਜ ਕਰਨ ਦੀ ਸਹੂਲਤ ਵੀ ਮੁਹੱਈਆ ਕਰਵਾਈ ਜਾਵੇਗੀ। ਇਸ ਲਈ ਲੋਕ 10 ਜਨਵਰੀ 2027 ਤੋਂ 24 ਜਨਵਰੀ 2027 ਤੱਕ ਨਿਰਧਾਰਿਤ ਪੋਰਟਲ ਰਾਹੀਂ ਸਵੈ-ਗਣਨਾ (ਸੈਲਫ਼-ਇਨੂਮਰੇਸ਼ਨ) ਦੇ ਬਦਲ ਦੀ ਵਰਤੋਂ ਕਰ ਸਕਣਗੇ।

ਕਿਸੇ ਵੀ ਮੁਲਕ ਦੇ ਯੋਜਨਾਬੱਧ ਵਿਕਾਸ ਅਤੇ ਨੀਤੀ-ਨਿਰਮਾਣ ਲਈ ਜਨਗਣਨਾ ਇੱਕ ਬੇਹੱਦ ਅਹਿਮ ਦਸਤਾਵੇਜ਼ੀ ਪ੍ਰਕਿਰਿਆ ਹੁੰਦੀ ਹੈ, ਜਿਸ ਰਾਹੀਂ ਦੇਸ਼ ਦੀ ਸਮੁੱਚੀ ਆਬਾਦੀ ਅਤੇ ਜਨਸੰਖਿਆ ਸੰਬੰਧੀ ਜ਼ਰੂਰੀ ਅੰਕੜੇ ਇਕੱਤਰ ਕੀਤੇ ਜਾਂਦੇ ਹਨ। ਭਾਰਤ ਵਿੱਚ ਆਖ਼ਰੀ ਵਾਰ ਜਨਗਣਨਾ ਸਾਲ 2011 ਵਿੱਚ ਹੋਈ ਸੀ। ਨਿਯਮਾਂ ਅਨੁਸਾਰ ਇਹ ਸਰਵੇਖਣ 2021 ਵਿੱਚ ਕਰਵਾਇਆ ਜਾਣਾ ਸੀ, ਪਰ ਉਸ ਸਮੇਂ ਕੋਵਿਡ-19 ਮਹਾਮਾਰੀ ਦੇ ਫੈਲਾਅ ਕਾਰਨ ਇਸ ਨੂੰ ਮੁਲਤਵੀ ਕਰਨਾ ਪਿਆ ਸੀ।

ਸਾਲ 2011 ਦੀ ਜਨਗਣਨਾ ਦੋ ਵੱਖ-ਵੱਖ ਪੜਾਵਾਂ ਅਧੀਨ ਕਰਵਾਈ ਗਈ ਸੀ। ਪਹਿਲਾ ਪੜਾਅ ਅਪ੍ਰੈਲ ਤੋਂ ਸਤੰਬਰ 2010 ਦਰਮਿਆਨ ਚਲਾਇਆ ਗਿਆ ਸੀ, ਜਿਸ ਵਿੱਚ ਮਕਾਨਾਂ ਦੀ ਸੂਚੀਕਰਨ ਅਤੇ ਰਿਹਾਇਸ਼ ਸੰਬੰਧੀ ਡੇਟਾ ਇਕੱਠਾ ਕੀਤਾ ਗਿਆ। ਦੂਜਾ ਪੜਾਅ 9 ਤੋਂ 28 ਫ਼ਰਵਰੀ 2011 ਤੱਕ ਚੱਲਿਆ ਸੀ, ਜਿਸ ਵਿੱਚ ਆਬਾਦੀ ਦੀ ਅਸਲ ਗਿਣਤੀ ਕੀਤੀ ਗਈ ਸੀ। ਇਸ ਉਪਰੰਤ 1 ਤੋਂ 5 ਮਾਰਚ 2011 ਤੱਕ ਸੋਧ ਗੇੜ ਚਲਾ ਕੇ ਅੰਤਿਮ ਵੇਰਵੇ ਦਰਜ ਕੀਤੇ ਗਏ ਸਨ।

ਸਾਲ 2011 ਦੀ ਜਨਗਣਨਾ ਭਾਰਤੀ ਜਨਗਣਨਾ ਸੰਗਠਨ ਵੱਲੋਂ ਕਰਵਾਇਆ ਗਿਆ 15ਵਾਂ ਰਾਸ਼ਟਰੀ ਸਰਵੇਖਣ ਸੀ। ਉਸ ਸਮੇਂ ਸੀ. ਚੰਦਰਮੌਲੀ ਜਨਗਣਨਾ ਕਮਿਸ਼ਨਰ ਅਤੇ ਰਜਿਸਟਰਾਰ ਜਨਰਲ ਵਜੋਂ ਤਾਇਨਾਤ ਸਨ। ਉਸ ਰਾਸ਼ਟਰੀ ਸਰਵੇਖਣ ਦੇ ਦਾਇਰੇ ਵਿੱਚ ਦੇਸ਼ ਦੇ 28 ਸੂਬੇ ਅਤੇ 7 ਕੇਂਦਰ ਸ਼ਾਸਿਤ ਪ੍ਰਦੇਸ਼ ਆਏ ਸਨ, ਜਿਨ੍ਹਾਂ ਅੰਦਰ 640 ਜ਼ਿਲ੍ਹੇ, 497 ਸ਼ਹਿਰ, 5767 ਤਹਿਸੀਲਾਂ ਅਤੇ 6 ਲੱਖ ਤੋਂ ਵੱਧ ਪਿੰਡ ਸ਼ਾਮਲ ਕੀਤੇ ਗਏ ਸਨ।

2011 ਦੀ ਆਬਾਦੀ ਗਣਨਾ ਦੌਰਾਨ ਕਈ ਜ਼ਰੂਰੀ ਪੈਮਾਨਿਆਂ ਦਾ ਮੁਲਾਂਕਣ ਕੀਤਾ ਗਿਆ ਸੀ। ਇਹਨਾਂ ਮਾਪਦੰਡਾਂ ਵਿੱਚ ਕੁੱਲ ਆਬਾਦੀ, ਆਬਾਦੀ ਦੀ ਵਾਧਾ ਦਰ, ਸਾਖਰਤਾ ਦਰ, ਵਸੋਂ ਦੀ ਘਣਤਾ, ਲਿੰਗ ਅਨੁਪਾਤ ਅਤੇ 0 ਤੋਂ 6 ਸਾਲ ਤੱਕ ਦੇ ਬੱਚਿਆਂ ਦਾ ਲਿੰਗ ਅਨੁਪਾਤ ਸ਼ਾਮਲ ਰਿਹਾ। ਜਾਰੀ ਹੋਈਆਂ ਅਧਿਕਾਰਤ ਰਿਪੋਰਟਾਂ ਮੁਤਾਬਕ 2011 ਵਿੱਚ ਭਾਰਤ ਦੀ ਕੁੱਲ ਆਬਾਦੀ 1,21,08,54,977 (1 ਅਰਬ 21 ਕਰੋੜ ਤੋਂ ਵੱਧ) ਦਰਜ ਕੀਤੀ ਗਈ ਸੀ, ਜਿਸ ਵਿੱਚ 62,37,24,248 ਪੁਰਸ਼ ਅਤੇ 58,64,69,174 ਔਰਤਾਂ ਸ਼ਾਮਲ ਸਨ।

ਪੰਜਾਬ

ਪਰਿਵਾਰ ਵੱਲੋਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੱਕ ਮ੍ਰਿਤਕ ਦਾ ਸਸਕਾਰ ਨਾ ਕਰਨ ਦਾ ਐਲਾਨ

ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮ੍ਰਿਤਕ ਦੀਆਂ ਤਿੰਨ ਧੀਆਂ ਅਤੇ ਪਰਿਵਾਰਕ ਮੈਂਬਰ।

ਖੇਮਕਰਨ ਸ਼ਹਿਰ ਵਿੱਚ ਬੀਤੇ ਦਿਨੀਂ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕਤਲ ਕੀਤੇ ਗਏ ਆੜ੍ਹਤੀ ਗੁਰਸੇਵਕ ਸਿੰਘ ਆਸਲ ਦੇ ਪਰਿਵਾਰ ਨੇ ਅੱਜ ਪ੍ਰੈੱਸ ਕਾਨਫਰੰਸ ਕਰਕੇ ਪੁਲੀਸ ਪ੍ਰਸ਼ਾਸਨ ਤੋਂ ਇਨਸਾਫ਼ ਦੀ ਮੰਗ ਕੀਤੀ। ਪਰਿਵਾਰ ਨੇ ਸਪੱਸ਼ਟ ਐਲਾਨ ਕੀਤਾ ਕਿ ਜਦੋਂ ਤੱਕ ਕਤਲ ਕਾਂਡ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ, ਉਦੋਂ ਤੱਕ ਮ੍ਰਿਤਕ ਦਾ ਸਸਕਾਰ ਨਹੀਂ ਕੀਤਾ ਜਾਵੇਗਾ। ਪਰਿਵਾਰ ਨੇ ਚਿਤਾਵਨੀ ਦਿੱਤੀ ਕਿ ਜੇ ਪੁਲੀਸ ਨੇ ਬਾਕੀ ਮੁਲਜ਼ਮਾਂ ਨੂੰ ਜਲਦ ਕਾਬੂ ਨਾ ਕੀਤਾ ਤਾਂ ਉਹ ਇਨਸਾਫ਼ ਲਈ ਸੜਕਾਂ ਜਾਮ ਕਰਨ ਸਮੇਤ ਤਿੱਖਾ ਸੰਘਰਸ਼ ਕਰਨਗੇ।

ਪ੍ਰੈੱਸ ਕਾਨਫਰੰਸ ਦੌਰਾਨ ਮ੍ਰਿਤਕ ਦੀ ਪਤਨੀ ਰਾਜਵਿੰਦਰ ਕੌਰ ਨੇ ਭਰੇ ਮਨ ਨਾਲ ਕਿਹਾ ਕਿ ਜਿਸ ਤਰ੍ਹਾਂ ਉਸ ਦੇ ਪਤੀ ਗੁਰਸੇਵਕ ਸਿੰਘ ਨੂੰ ਗੋਲੀਆਂ ਮਾਰ ਕੇ ਕਤਲ ਕੀਤਾ ਗਿਆ ਹੈ, ਉਸੇ ਤਰ੍ਹਾਂ ਉਸ ਨੂੰ ਵੀ ਗੋਲੀ ਮਾਰੀ ਜਾਵੇ। ਉਸ ਨੇ ਕਿਹਾ ਕਿ ਪਤੀ ਦੇ ਕਤਲ ਨੇ ਉਸ ਦੀ ਜ਼ਿੰਦਗੀ ਉਜਾੜ ਕੇ ਰੱਖ ਦਿੱਤੀ ਹੈ। ਤਿੰਨ ਧੀਆਂ ਦੇ ਸਿਰ ਤੋਂ ਪਿਤਾ ਦਾ ਸਾਇਆ ਉੱਠ ਗਿਆ ਹੈ ਅਤੇ ਪਰਿਵਾਰ ਨੂੰ ਅਜਿਹਾ ਘਾਟਾ ਪਿਆ ਹੈ, ਜਿਸ ਦੀ ਪੂਰਤੀ ਕਦੇ ਨਹੀਂ ਹੋ ਸਕਦੀ।

ਪਰਿਵਾਰ ਵੱਲੋਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੱਕ ਮ੍ਰਿਤਕ ਦਾ ਸਸਕਾਰ ਨਾ ਕਰਨ ਦਾ ਐਲਾਨ (ਜਾਰੀ)

ਉਨ੍ਹਾਂ ਪੁਲੀਸ ਤੋਂ ਮੰਗ ਕੀਤੀ ਕਿ ਕਤਲ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਨੂੰ ਜਲਦ ਗ੍ਰਿਫ਼ਤਾਰ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਮ੍ਰਿਤਕ ਦੀ ਮਾਂ ਰਣਜੀਤ ਕੌਰ ਨੇ ਪੁਲੀਸ ਪ੍ਰਸ਼ਾਸਨ ਪ੍ਰਤੀ ਆਪਣਾ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਜੇ ਉਸ ਦੇ ਪੁੱਤਰ ਨੂੰ ਇਨਸਾਫ਼ ਨਾ ਮਿਲਿਆ ਤਾਂ ਉਹ ਥਾਣੇ ਵਿੱਚ ਤੇਲ ਪਾ ਕੇ ਖ਼ੁਦ ਨੂੰ ਅੱਗ ਲਗਾ ਲਵੇਗੀ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਾਰੇ ਮੁਲਜ਼ਮ ਪੁਲੀਸ ਦੀ ਗ੍ਰਿਫ਼ਤ ਵਿੱਚ ਨਹੀਂ ਆਉਂਦੇ, ਉਦੋਂ ਤੱਕ ਪਰਿਵਾਰ ਆਪਣੇ ਪੁੱਤਰ ਦਾ ਸਸਕਾਰ ਨਹੀਂ ਕਰੇਗਾ।

ਰਣਜੀਤ ਕੌਰ ਨੇ ਕਿਹਾ ਕਿ ਇੱਕ ਮਾਂ ਲਈ ਆਪਣੇ ਪੁੱਤਰ ਦੀ ਇਸ ਤਰ੍ਹਾਂ ਮੌਤ ਨੂੰ ਸਹਿਣਾ ਬੇਹੱਦ ਮੁਸ਼ਕਲ ਹੈ ਅਤੇ ਪਰਿਵਾਰ ਸਿਰਫ਼ ਇਨਸਾਫ਼ ਦੀ ਉਡੀਕ ਕਰ ਰਿਹਾ ਹੈ। ਉਧਰ ਮ੍ਰਿਤਕ ਦੇ ਪਿਤਾ ਮਹਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਗੁਰਸੇਵਕ ਸਿੰਘ ਅਮਰੀਕਾ ਤੋਂ ਪੰਜਾਬ ਪਰਤਿਆ ਸੀ ਅਤੇ ਇੱਥੇ ਆਪਣਾ ਕਾਰੋਬਾਰ ਸਥਾਪਤ ਕਰਕੇ ਪਰਿਵਾਰ ਨਾਲ ਰਹਿਣਾ ਚਾਹੁੰਦਾ ਸੀ। ਉਨ੍ਹਾਂ ਕਿਹਾ ਕਿ ਗੁਰਸੇਵਕ ਸਿੰਘ ਐੱਨਆਰਆਈ ਸੀ ਅਤੇ ਉਸ ਨੇ ਪੰਜਾਬ ਵਿੱਚ ਕਾਰੋਬਾਰ ਕਰਨ ਦਾ ਸੁਪਨਾ ਲਿਆ ਸੀ, ਪਰ ਉਸ ਦੇ ਕਤਲ ਕਾਰਨ ਪਰਿਵਾਰ ਦੇ ਸਾਰੇ ਸੁਪਨੇ ਟੁੱਟ ਗਏ ਹਨ।

ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ ਵਿੱਚ ਉਨ੍ਹਾਂ ਨੂੰ ਪੰਜਾਬ ਵਿੱਚ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਾ ਹੈ ਅਤੇ ਉਹ ਆਪਣਾ ਕਾਰੋਬਾਰ ਸਮੇਟ ਕੇ ਕਿਸੇ ਹੋਰ ਥਾਂ ਜਾਣ ਬਾਰੇ ਸੋਚ ਰਹੇ ਹਨ। ਪਰਿਵਾਰ ਨੂੰ ਅਜੇ ਵੀ ਮੁਲਜ਼ਮਾਂ ਅਤੇ ਉਨ੍ਹਾਂ ਦੇ ਸਾਥੀਆਂ ਤੋਂ ਖ਼ਤਰਾ ਮਹਿਸੂਸ ਹੋ ਰਿਹਾ ਹੈ।

ਪਰਿਵਾਰਕ ਮੈਂਬਰਾਂ ਨੇ ਦੋਸ਼ ਲਾਇਆ ਕਿ ਗੁਰਸੇਵਕ ਸਿੰਘ ਨੂੰ ਬਿਨਾਂ ਕਿਸੇ ਵਜ੍ਹਾ ਨਿਸ਼ਾਨਾ ਬਣਾਇਆ ਗਿਆ। ਪਰਿਵਾਰ ਅਨੁਸਾਰ ਹਮਲਾਵਰਾਂ ਨੇ ਗੁਰਸੇਵਕ ਸਿੰਘ ’ਤੇ ਲਗਾਤਾਰ ਪੰਜ-ਛੇ ਗੋਲੀਆਂ ਚਲਾਈਆਂ ਅਤੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੌਕੇ ਤੋਂ ਫ਼ਰਾਰ ਹੋ ਗਏ।

ਥਾਣਾ ਖੇਮਕਰਨ ਦੇ ਐੱਸਐੱਚਓ ਕੰਵਲਜੀਤ ਰਾਏ ਨੇ ਦੱਸਿਆ ਕਿ ਪੁਲੀਸ ਵੱਲੋਂ ਇਸ ਕਤਲ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਕਾਬੂ ਕੀਤਾ ਜਾ ਚੁੱਕਾ ਹੈ, ਜਦਕਿ ਬਾਕੀ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਪੁਲੀਸ ਟੀਮਾਂ ਗਠਿਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਬਾਕੀ ਮੁਲਜ਼ਮਾਂ ਨੂੰ ਕਾਬੂ ਕਰਨ ਲਈ ਵੱਖ-ਵੱਖ ਥਾਵਾਂ ’ਤੇ ਛਾਪੇਮਾਰੀ ਅਤੇ ਜਾਂਚ ਜਾਰੀ ਹੈ।

ਦੇਸ਼

ਪਾਕਿਸਤਾਨੀ ਏਜੰਸੀ ਆਈਐਸਆਈ ਨੂੰ ਫ਼ੌਜ ਦੀ ਗੁਪਤ ਜਾਣਕਾਰੀ ਦੇਣ ਵਾਲਾ ਜਵਾਨ ਗ੍ਰਿਫ਼ਤਾਰ, ਪੰਜਾਬ ਪੁਲਿਸ ਦਾ ਵੱਡਾ ਐਕਸ਼ਨ

ਪੰਜਾਬ ਪੁਲਿਸ ਦੀ ਟੀਮ ਵੀਰਵਾਰ ਨੂੰ ਉਸ ਨੂੰ ਹਾਸੀਮਾਰਾ ਤੋਂ ਗ੍ਰਿਫ਼ਤਾਰ ਕਰਨ ਤੋਂ ਬਾਅਦ ਬਾਗਡੋਗਰਾ ਹਵਾਈ ਅੱਡੇ 'ਤੇ ਲੈ ਗਈ ਸੀ। ਹਾਲਾਂਕਿ, ਕੁਝ ਤਕਨੀਕੀ ਕਾਰਨਾਂ ਕਰਕੇ ਉਸ ਨੂੰ ਪੰਜਾਬ ਲੈ ਕੇ ਜਾਣ ਦੀ ਪ੍ਰਕਿਰਿਆ ਪੂਰੀ ਨਹੀਂ ਹੋ ਸਕੀ। ਇਸ ਤੋਂ ਬਾਅਦ ਬਾਗਡੋਗਰਾ ਤੋਂ ਸ਼ੁੱਕਰਵਾਰ ਨੂੰ ਉਸ ਨੂੰ ਦੁਆਰਾ ਸਿਲੀਗੁੜੀ ਕੋਰਟ ਵਿੱਚ ਪੇਸ਼ ਕੀਤਾ ਗਿਆ।

ਜਾਗਰਣ ਸੰਵਾਦਦਾਤਾ, ਸਿਲੀਗੁੜੀ। ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈ.ਐੱਸ.ਆਈ. ਨੂੰ ਫ਼ੌਜ ਨਾਲ ਜੁੜੀ ਗੁਪਤ ਜਾਣਕਾਰੀ ਸਾਂਝੀ ਕਰਨ ਦੇ ਦੋਸ਼ ਵਿੱਚ ਪੰਜਾਬ ਪੁਲਿਸ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਬੰਗਾਲ ਵਿੱਚ ਅਲੀਪੁਰਦੁਆਰ ਜ਼ਿਲ੍ਹੇ ਅਧੀਨ ਹਾਸੀਮਾਰਾ ਤੋਂ ਫ਼ੌਜ ਦੇ ਇੱਕ ਜਵਾਨ ਨੂੰ ਗ੍ਰਿਫ਼ਤਾਰ ਕੀਤਾ ਹੈ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਜਬੀਰ ਸਿੰਘ ਵਜੋਂ ਹੋਈ ਹੈ। ਉਹ ਅਸਾਮ ਦਾ ਰਹਿਣ ਵਾਲਾ ਦੱਸਿਆ ਗਿਆ ਹੈ ਅਤੇ ਹਾਸੀਮਾਰਾ ਸਥਿਤ 15 ਜਾਟ ਰੈਜੀਮੈਂਟ ਵਿੱਚ ਤਾਇਨਾਤ ਸੀ। ਪੰਜਾਬ ਪੁਲਿਸ ਦੀ ਟੀਮ ਵੀਰਵਾਰ ਨੂੰ ਉਸ ਨੂੰ ਹਾਸੀਮਾਰਾ ਤੋਂ ਗ੍ਰਿਫ਼ਤਾਰ ਕਰਨ ਤੋਂ ਬਾਅਦ ਬਾਗਡੋਗਰਾ ਹਵਾਈ ਅੱਡੇ 'ਤੇ ਲੈ ਗਈ ਸੀ। ਹਾਲਾਂਕਿ, ਕੁਝ ਤਕਨੀਕੀ ਕਾਰਨਾਂ ਕਰਕੇ ਉਸ ਨੂੰ ਪੰਜਾਬ ਲੈ ਕੇ ਜਾਣ ਦੀ ਪ੍ਰਕਿਰਿਆ ਪੂਰੀ ਨਹੀਂ ਹੋ ਸਕੀ। ਇਸ ਤੋਂ ਬਾਅਦ ਬਾਗਡੋਗਰਾ ਤੋਂ ਸ਼ੁੱਕਰਵਾਰ ਨੂੰ ਉਸ ਨੂੰ ਦੁਆਰਾ ਸਿਲੀਗੁੜੀ ਕੋਰਟ ਵਿੱਚ ਪੇਸ਼ ਕੀਤਾ ਗਿਆ।

ਸਿਲੀਗੁੜੀ ਏ.ਸੀ.ਜੇ.ਐੱਮ. ਕੋਰਟ ਦੇ ਪਬਲਿਕ ਪ੍ਰੌਸੀਕਿਊਟਰ ਸੌਮਿਤ੍ਰ ਸਿੰਘ ਸਰਕਾਰ ਨੇ ਦੱਸਿਆ ਕਿ ਆਈ.ਐੱਸ.ਆਈ. ਨਾਲ ਸਬੰਧ ਹੋਣ ਦੇ ਸ਼ੱਕ ਵਿੱਚ ਪੰਜਾਬ ਪੁਲਿਸ ਨੇ ਰਾਜਬੀਰ ਸਿੰਘ ਨਾਮਕ ਵਿਅਕਤੀ ਨੂੰ ਕੋਰਟ ਵਿੱਚ ਪੇਸ਼ ਕੀਤਾ ਸੀ। ਕੋਰਟ ਨੇ ਉਸ ਨੂੰ ਟਰਾਂਜ਼ਿਟ ਰਿਮਾਂਡ 'ਤੇ ਪੰਜਾਬ ਲੈ ਕੇ ਜਾਣ ਦੀ ਮਨਜ਼ੂਰੀ ਦੇ ਦਿੱਤੀ ਹੈ। ਦੱਸਿਆ ਜਾਂਦਾ ਹੈ ਕਿ ਭਾਰਤੀ ਫ਼ੌਜ ਨਾਲ ਜੁੜੀਆਂ ਗੁਪਤ ਜਾਣਕਾਰੀਆਂ ਪਾਕਿਸਤਾਨੀ ਖ਼ੁਫ਼ੀਆ ਏਜੰਸੀ ਤੱਕ ਪਹੁੰਚਾਏ ਜਾਣ ਦੀ ਸੂਚਨਾ ਪੰਜਾਬ ਪੁਲਿਸ ਨੂੰ ਮਿਲੀ ਸੀ। ਇਸ ਮਾਮਲੇ ਵਿੱਚ 8 ਅਕਤੂਬਰ ਨੂੰ ਪੰਜਾਬ ਦੀ ਫਾਜ਼ਿਲਕਾ ਪੁਲਿਸ ਨੇ ਗੁਰਨੌਰ ਸਿੱਧੂ ਨਾਮਕ ਇੱਕ ਔਰਤ ਨੂੰ ਗ੍ਰਿਫ਼ਤਾਰ ਕੀਤਾ ਸੀ। ਜਾਂਚ ਦੌਰਾਨ ਔਰਤ ਦੇ ਆਈ.ਐੱਸ.ਆਈ. ਦੇ ਸੰਪਰਕ ਵਿੱਚ ਹੋਣ ਦੀ ਗੱਲ ਸਾਹਮਣੇ ਆਈ ਸੀ।

ਦੋਸ਼ ਹੈ ਕਿ ਉਹ ਭਾਰਤੀ ਫ਼ੌਜ ਨਾਲ ਜੁੜੀਆਂ ਅਹਿਮ ਜਾਣਕਾਰੀਆਂ ਪਾਕਿਸਤਾਨੀ ਏਜੰਸੀ ਤੱਕ ਪਹੁੰਚਾ ਰਹੀ ਸੀ। ਮਾਮਲੇ ਦੀ ਜਾਂਚ ਦੌਰਾਨ ਭਾਰਤੀ ਫ਼ੌਜ ਵਿੱਚ ਤਾਇਨਾਤ ਦਿਲਪ੍ਰੀਤ ਸਿੰਘ ਅਤੇ ਰਾਜਬੀਰ ਸਿੰਘ ਦੇ ਨਾਂ ਵੀ ਸਾਹਮਣੇ ਆਏ। ਦੋਸ਼ ਹੈ ਕਿ ਦੋਵੇਂ ਫ਼ੌਜ ਨਾਲ ਜੁੜੀਆਂ ਖ਼ੁਫ਼ੀਆ ਜਾਣਕਾਰੀਆਂ ਸਾਂਝੀਆਂ ਕਰਨ ਵਿੱਚ ਔਰਤ ਦੀ ਮਦਦ ਕਰ ਰਹੇ ਸਨ। ਔਰਤ ਦੇ ਕਬਜ਼ੇ ਵਿੱਚੋਂ ਇੱਕ ਟੈਬਲੇਟ ਅਤੇ ਦੋ ਮੋਬਾਈਲ ਫੋਨ ਵੀ ਜ਼ਬਤ ਕੀਤੇ ਗਏ ਸਨ। ਪੁੱਛਗਿੱਛ ਅਤੇ ਹੋਰ ਇਲੈਕਟ੍ਰਾਨਿਕ ਸਬੂਤਾਂ ਦੇ ਆਧਾਰ 'ਤੇ ਪੰਜਾਬ ਪੁਲਿਸ ਦੀ ਟੀਮ ਰਾਜਬੀਰ ਸਿੰਘ ਤੱਕ ਪਹੁੰਚੀ ਅਤੇ ਵੀਰਵਾਰ ਨੂੰ ਉਸ ਨੂੰ ਹਾਸੀਮਾਰਾ ਤੋਂ ਗ੍ਰਿਫ਼ਤਾਰ ਕਰ ਲਿਆ।

ਪਾਕਿਸਤਾਨੀ ਏਜੰਸੀ ਆਈਐਸਆਈ ਨੂੰ ਫ਼ੌਜ ਦੀ ਗੁਪਤ ਜਾਣਕਾਰੀ ਦੇਣ ਵਾਲਾ ਜਵਾਨ ਗ੍ਰਿਫ਼ਤਾਰ, ਪੰਜਾਬ ਪੁਲਿਸ ਦਾ ਵੱਡਾ ਐਕਸ਼ਨ (ਜਾਰੀ)

ਪੰਜਾਬ ਪੁਲਿਸ ਦੇ ਮੁਤਾਬਕ ਕੁਝ ਤਕਨੀਕੀ ਕਾਰਨਾਂ ਕਰਕੇ ਬਾਗਡੋਗਰਾ ਏਅਰਪੋਰਟ ਤੋਂ ਉਸ ਨੂੰ ਦੁਬਾਰਾ ਸਿਲੀਗੁੜੀ ਲਿਆ ਕੇ ਕੋਰਟ ਵਿੱਚ ਪੇਸ਼ ਕਰਨਾ ਪਿਆ। ਟਰਾਂਜ਼ਿਟ ਰਿਮਾਂਡ ਮਿਲਣ ਤੋਂ ਬਾਅਦ ਪੰਜਾਬ ਪੁਲਿਸ ਦੀ ਟੀਮ ਮੁਲਜ਼ਮ ਨੂੰ ਲੈ ਕੇ ਹਵਾਈ ਰਸਤੇ ਰਾਹੀਂ ਰਵਾਨਾ ਹੋ ਗਈ।

ਦੇਸ਼

ਗੁਰਦਾਸਪੁਰ-ਕਲਾਨੌਰ ਰੋਡ ‘ਤੇ ਰਾਸ਼ਟਰੀ ਝੰਡੇ ਦੇ ਬੇਅਦਬੀ, ਡੀਸੀ ਤੇ ਐੱਸਐੱਸਪੀ ਨੂੰ ਲਿਖਤੀ ਸ਼ਿਕਾਇਤ; ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ

ਗੁਰਦਾਸਪੁਰ ਦੇ ਕਲਾਨੌਰ ਰੋਡ 'ਤੇ ਕੂੜੇ ਦੇ ਢੇਰ ਵਿੱਚ ਰਾਸ਼ਟਰੀ ਝੰਡਾ ਤਿਰੰਗਾ ਪਿਆ ਮਿਲਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਤੋਂ ਸਥਾਨਕ ਨਿਵਾਸੀਆਂ ਵਿੱਚ ਭਾਰੀ ਰੋਸ ਹੈ। ਘਟਨਾ ਦੀ ਜਾਣਕਾਰੀ ਮਿਲਦੇ ਹੀ ਸਮਾਜ ਸੇਵਕ ਮੌਕੇ 'ਤੇ ਪਹੁੰਚੇ ਅਤੇ ਕੂੜੇ ਦੇ ਢੇਰ ਤੋਂ ਸਤਿਕਾਰ ਨਾਲ ਤਿਰੰਗਾ ਝੰਡਾ ਚੁੱਕਿਆ। ਸਮਾਜ ਸੇਵਕਾਂ ਨੇ ਕਿਹਾ ਹੈ ਕਿ ਉਹ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਨਾਲ ਮੁਲਾਕਾਤ ਕਰਕੇ ਸ਼ਿਕਾਇਤ ਦਰਜ ਕਰਵਾਉਣਗੇ।

ਗੁਰਦਾਸਪੁਰ-ਕਲਾਨੌਰ ਰੋਡ ‘ਤੇ ਡੀ-ਮਾਰਟ ਦੇ ਬਿਲਕੁਲ ਸਾਹਮਣੇ ਰਾਸ਼ਟਰੀ ਝੰਡੇ ਦੇ ਬੇਅਦਬੀ ਦਾ ਮਾਮਲਾ ਸਾਹਮਣੇ ਆਇਆ ਹੈ। ਇੱਕ ਕੂੜੇ ਦੇ ਢੇਰ ਵਿੱਚ ਵੱਡੀ ਗਿਣਤੀ ਵਿੱਚ ਰਾਸ਼ਟਰੀ ਝੰਡੇ (ਤਿਰੰਗੇ) ਪਏ ਮਿਲੇ। ਇਸ ਘਟਨਾ ਦੀ ਜਾਣਕਾਰੀ ਮਿਲਦੇ ਹੀ ਸਥਾਨਕ ਨਿਵਾਸੀਆਂ ਅਤੇ ਸਮਾਜ ਸੇਵਕਾਂ ਵਿੱਚ ਭਾਰੀ ਰੋਸ ਪਾਇਆ ਗਿਆ। ਸੂਚਨਾ ਮਿਲਣ ‘ਤੇ ਸਮਾਜ ਸੇਵਕ ਮੌਕੇ ‘ਤੇ ਪਹੁੰਚੇ ਅਤੇ ਬੜੇ ਸਤਿਕਾਰ ਨਾਲ ਕੂੜੇ ਦੇ ਢੇਰ ਤੋਂ ਰਾਸ਼ਟਰੀ ਝੰਡੇ ਇਕੱਠੇ ਕੀਤੇ। ਉਨ੍ਹਾਂ ਨੂੰ ਸਹੀ ਢੰਗ ਨਾਲ ਮੋੜਿਆ ਅਤੇ ਸੁਰੱਖਿਅਤ ਰੱਖਿਆ।

ਮੌਕੇ ‘ਤੇ ਪਹੁੰਚੇ ਰਿੱਕੀ ਮਹੰਤ, ਵਰੁਣ ਮਿੱਟੂ, ਰਾਜੂ ਮਹਾਜਨ, ਪ੍ਰਵੀਨ ਕੁਮਾਰ ਅਤੇ ਸ਼ਿਵ ਦੁੱਗਲ ਨੇ ਮੀਡੀਆ ਅਤੇ ਪੁਲਿਸ ਪ੍ਰਸ਼ਾਸਨ ਸਾਹਮਣੇ ਆਪਣਾ ਗੁੱਸਾ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਾਡੇ ਗੁਰਦਾਸਪੁਰ ਅਤੇ ਪੂਰੇ ਦੇਸ਼ ਲਈ ਬਹੁਤ ਹੀ ਮੰਦਭਾਗੀ ਅਤੇ ਸ਼ਰਮਨਾਕ ਘਟਨਾ ਹੈ।

ਤਿਰੰਗਾ, ਜਿਸ ਦੇ ਸਨਮਾਨ ਅਤੇ ਸ਼ਾਨ ਲਈ ਸਾਡੇ ਬਜ਼ੁਰਗਾਂ, ਸੈਨਿਕਾਂ ਅਤੇ ਸ਼ਹੀਦਾਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ। ਉਨ੍ਹਾਂ ਨੂੰ ਕੁਝ ਮੂਰਖ ਜਾਂ ਸ਼ਰਾਰਤੀ ਤੱਤਾਂ ਨੇ ਕੂੜੇ ਵਿੱਚ ਸੁੱਟ ਦਿੱਤਾ ਸੀ। ਇਹ ਮਾਹੌਲ ਨੂੰ ਵਿਗਾੜਨ ਅਤੇ ਸ਼ਹਿਰ ਦੀ ਸ਼ਾਂਤੀ ਨੂੰ ਭੰਗ ਕਰਨ ਦੀ ਇੱਕ ਜਾਣਬੁੱਝ ਕੇ ਕੀਤੀ ਗਈ ਸਾਜ਼ਿਸ਼ ਹੋ ਸਕਦੀ ਹੈ। ਸਮਾਜ ਸੇਵਕਾਂ ਨੇ ਐਲਾਨ ਕੀਤਾ ਕਿ ਉਹ ਸਾਰੇ ਬਰਾਮਦ ਕੀਤੇ ਤਿਰੰਗੇ ਡਿਪਟੀ ਕਮਿਸ਼ਨਰ ਜਾਂ ਤਹਿਸੀਲਦਾਰ ਅੱਗੇ ਸਤਿਕਾਰ ਨਾਲ ਜਮ੍ਹਾਂ ਕਰਾਉਣਗੇ ਅਤੇ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕਰਦੇ ਹੋਏ ਇੱਕ ਲਿਖਤੀ ਸ਼ਿਕਾਇਤ ਦੇਣਗੇ।

ਸਥਾਨਕ ਨਿਵਾਸੀਆਂ ਅਤੇ ਸਮਾਜ ਸੇਵਕਾਂ ਨੇ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਇਸ ਮੁੱਖ ਸੜਕ ਦੇ ਨਾਲ-ਨਾਲ ਵੱਖ-ਵੱਖ ਥਾਵਾਂ ‘ਤੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਤੁਰੰਤ ਸਮੀਖਿਆ ਕਰੇ। ਪੁਲਿਸ ਪ੍ਰਸ਼ਾਸਨ ਨੂੰ ਇਸ ਘਿਨਾਉਣੇ ਕੰਮ ਲਈ ਜ਼ਿੰਮੇਵਾਰ ਵਿਅਕਤੀ ਜਾਂ ਸੰਸਥਾ ਦੀ ਪਛਾਣ ਕਰਨ ਲਈ ਤੁਰੰਤ ਸੀਸੀਟੀਵੀ ਫੁਟੇਜ ਦੀ ਸਮੀਖਿਆ ਕਰਨੀ ਚਾਹੀਦੀ ਹੈ।

ਉਨ੍ਹਾਂ ਪ੍ਰਸ਼ਾਸਨ ਅਤੇ ਨਗਰ ਕੌਂਸਲ ਦੇ ਕੰਮਕਾਜ ‘ਤੇ ਵੀ ਸਵਾਲ ਉਠਾਏ, ਇਹ ਕਹਿੰਦੇ ਹੋਏ ਕਿ ਕਲਾਨੌਰ ਰੋਡ ‘ਤੇ ਡੀ-ਮਾਰਟ ਦੇ ਨੇੜੇ ਕੋਈ ਸਹੀ ਸਟਰੀਟ ਲਾਈਟਾਂ ਨਹੀਂ ਹਨ। ਰਾਤ ਹੁੰਦੇ ਹੀ ਸੜਕ ਹਨੇਰਾ ਹੋ ਜਾਂਦੀ ਹੈ, ਅਤੇ ਸ਼ਰਾਰਤੀ ਅਨਸਰ ਇਸਦਾ ਫਾਇਦਾ ਉਠਾਉਂਦੇ ਹੋਏ ਅਪਰਾਧਿਕ ਅਤੇ ਸਮਾਜ ਵਿਰੋਧੀ ਕਾਰਵਾਈਆਂ ਕਰਦੇ ਹਨ। ਨਿਵਾਸੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਦੋਸ਼ੀਆਂ ਦੀ ਪਛਾਣ ਕੀਤੀ ਜਾਣੀ ਚਾਹੀਦੀ ਹੈ ਅਤੇ ਉਨ੍ਹਾਂ ਖਿਲਾਫ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਦੇਸ਼

ਪੰਜਾਬ ਚੋਣਾਂ ਨੂੰ ਲੈਕੇ ਆਪ ਦੀ ਦਿੱਲੀ 'ਚ ਬੈਠਕ ਅੱਜ, ਸੀਐਮ ਮਾਨ ਤੇ ਕੇਜਰੀਵਾਲ ਰਹਿਣਗੇ ਮੌਜੂਦ; ਉਮੀਦਵਾਰਾਂ ਦੀ ਚੋਣ ਨੂੰ ਲੈਕੇ ਹੋ ਸਕਦਾ ਵੱਡਾ ਫੈਸਲਾ

ਅੱਜ ਆਮ ਆਦਮੀ ਪਾਰਟੀ ਪੰਜਾਬ ਵਿਧਾਨ ਸਭਾ ਚੋਣਾਂ ਸਬੰਧੀ ਦਿੱਲੀ ਵਿੱਚ ਇੱਕ ਮਹੱਤਵਪੂਰਨ ਮੀਟਿੰਗ ਕਰ ਰਹੀ ਹੈ।

ਇਸ ਮੀਟਿੰਗ ਵਿੱਚ ਪਾਰਟੀ ਦੀ ਚੋਣ ਰਣਨੀਤੀ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਇਸ ਵੱਲੋਂ ਖੜ੍ਹੇ ਕੀਤੇ ਜਾ ਸਕਣ ਵਾਲੇ ਉਮੀਦਵਾਰਾਂ ਬਾਰੇ ਵਿਚਾਰ-ਵਟਾਂਦਰਾ ਕੀਤੇ ਜਾਣ ਦੀ ਉਮੀਦ ਹੈ। ਸੂਤਰਾਂ ਅਨੁਸਾਰ, ਪਾਰਟੀ ਵੱਲੋਂ 15 ਨਵੰਬਰ ਤੱਕ ਆਪਣੇ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰਨ ਦੀ ਉਮੀਦ ਹੈ।

ਕੁਝ ਵਿਧਾਨ ਸਭਾ ਸੀਟਾਂ ਲਈ ਨਵੇਂ ਹਲਕਾ ਇੰਚਾਰਜ ਨਿਯੁਕਤ ਕੀਤੇ ਗਏ ਹਨ ਜਿੱਥੇ ਪਾਰਟੀ ਦੇ ਮੌਜੂਦਾ ਵਿਧਾਇਕ ਹਨ। ਇਸ ਲਈ, ਇਨ੍ਹਾਂ ਸੀਟਾਂ ਲਈ ਉਮੀਦਵਾਰਾਂ ਨੂੰ ਬਦਲਣ ਦੀ ਸੰਭਾਵਨਾ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਜਾ ਸਕਦਾ ਹੈ। ਪਾਰਟੀ ਕੁਝ ਹਲਕਿਆਂ ਵਿੱਚ ਨਵੇਂ ਚਿਹਰਿਆਂ ਨੂੰ ਖੜ੍ਹਾ ਕਰਨ ਲਈ ਨਵੇਂ ਰਾਜਨੀਤਿਕ ਸਮੀਕਰਨਾਂ ਅਤੇ ਰਣਨੀਤੀਆਂ 'ਤੇ ਵੀ ਵਿਚਾਰ ਕਰ ਸਕਦੀ ਹੈ। ਇਹ ਵਿਰੋਧੀ ਪਾਰਟੀਆਂ ਨੂੰ ਘੇਰਨ ਅਤੇ ਚੋਣ ਮੁੱਦਿਆਂ 'ਤੇ ਫੈਸਲਾ ਲੈਣ 'ਤੇ ਵੀ ਵਿਚਾਰ-ਵਟਾਂਦਰਾ ਕਰ ਸਕਦੀ ਹੈ।

ਆਪ ਪਹਿਲਾਂ ਹੀ ਚੋਣਾਂ ਦੀ ਤਿਆਰੀ ਲਈ ਰਣਨੀਤਕ ਤੌਰ 'ਤੇ ਕੰਮ ਕਰ ਰਹੀ ਹੈ।

ਪੰਜਾਬ ਚੋਣਾਂ ਨੂੰ ਲੈਕੇ ਆਪ ਦੀ ਦਿੱਲੀ 'ਚ ਬੈਠਕ ਅੱਜ, ਸੀਐਮ ਮਾਨ ਤੇ ਕੇਜਰੀਵਾਲ ਰਹਿਣਗੇ ਮੌਜੂਦ; ਉਮੀਦਵਾਰਾਂ ਦੀ ਚੋਣ ਨੂੰ ਲੈਕੇ ਹੋ ਸਕਦਾ ਵੱਡਾ ਫੈਸਲਾ (ਜਾਰੀ)

ਹਾਲਾਂਕਿ, ਦਿੱਲੀ ਵਿਧਾਨ ਸਭਾ ਚੋਣਾਂ ਤੋਂ ਬਾਅਦ ਮਨੀਸ਼ ਸਿਸੋਦੀਆ ਨੂੰ ਪੰਜਾਬ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਤੋਂ ਬਾਅਦ ਸੰਗਠਨ ਨੂੰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਤੇਜ਼ ਹੋ ਗਈਆਂ ਹਨ। ਪਾਰਟੀ ਨੇ ਹਲਕਾ ਪੱਧਰ 'ਤੇ ਨਿਯੁਕਤੀਆਂ ਕਰਨ ਦੇ ਨਾਲ-ਨਾਲ ਸੰਗਠਨਾਤਮਕ ਢਾਂਚੇ ਵਿੱਚ ਬਦਲਾਅ ਕੀਤੇ ਹਨ।

ਆਮ ਆਦਮੀ ਪਾਰਟੀ ਨੇ ਪਿਛਲੇ ਅੱਠ ਮਹੀਨਿਆਂ ਵਿੱਚ ਪੰਜਾਬ ਦੇ ਘੱਟੋ-ਘੱਟ 19 ਵਿਧਾਨ ਸਭਾ ਹਲਕਿਆਂ ਲਈ ਨਵੇਂ ਹਲਕਾ ਇੰਚਾਰਜ ਨਿਯੁਕਤ ਕੀਤੇ ਹਨ। 5 ਫਰਵਰੀ, 2026 ਨੂੰ ਜਾਰੀ ਕੀਤੀ ਗਈ ਸੂਚੀ ਵਿੱਚ ਅੱਠ ਹਲਕਿਆਂ ਲਈ ਇੰਚਾਰਜਾਂ ਦਾ ਐਲਾਨ ਕੀਤਾ ਗਿਆ ਸੀ। ਇਸ ਤੋਂ ਬਾਅਦ, 21 ਅਗਸਤ ਨੂੰ ਇੱਕ ਸੰਗਠਨਾਤਮਕ ਫੇਰਬਦਲ ਵਿੱਚ ਖਰੜ, ਚਮਕੌਰ ਸਾਹਿਬ ਅਤੇ ਬਠਿੰਡਾ ਦਿਹਾਤੀ ਵਿੱਚ ਤਿੰਨ ਨਿਯੁਕਤੀਆਂ ਕੀਤੀਆਂ ਗਈਆਂ।

ਤਾਜ਼ਾ ਸੂਚੀ ਵਿੱਚ ਹੁਣ ਅੱਠ ਹਲਕਿਆਂ ਲਈ ਇੰਚਾਰਜ ਨਿਯੁਕਤ ਕੀਤੇ ਗਏ ਹਨ, ਜਿਨ੍ਹਾਂ ਵਿੱਚ ਸਮਾਣਾ, ਜਲੰਧਰ ਉੱਤਰੀ, ਪੱਟੀ, ਫਤਿਹਗੜ੍ਹ ਚੂੜੀਆਂ, ਅੰਮ੍ਰਿਤਸਰ ਉੱਤਰੀ, ਮਜੀਠਾ, ਨਵਾਂਸ਼ਹਿਰ ਅਤੇ ਸ਼ਾਹਕੋਟ ਸ਼ਾਮਲ ਹਨ। ਇਸ ਤਰ੍ਹਾਂ, ਫਰਵਰੀ ਅਤੇ ਅਕਤੂਬਰ 2026 ਦੇ ਵਿਚਕਾਰ ਤਿੰਨ ਪੜਾਵਾਂ ਵਿੱਚ 19 ਹਲਕਿਆਂ ਵਿੱਚ ਨਿਯੁਕਤੀਆਂ ਕੀਤੀਆਂ ਗਈਆਂ ਹਨ।

ਇਨ੍ਹਾਂ ਨਿਯੁਕਤੀਆਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਵੀ ਦੇਖਿਆ ਜਾ ਰਿਹਾ ਹੈ। ਖਾਸ ਤੌਰ 'ਤੇ, ਕੁਝ ਹਲਕਿਆਂ ਵਿੱਚ ਨਵੇਂ ਇੰਚਾਰਜ ਨਿਯੁਕਤ ਕੀਤੇ ਗਏ ਹਨ ਜਿੱਥੇ 'ਆਪ' ਦੇ ਇਸ ਸਮੇਂ ਵਿਧਾਇਕ ਹਨ। ਇਸ ਨਾਲ ਇਨ੍ਹਾਂ ਹਲਕਿਆਂ ਵਿੱਚ ਮੌਜੂਦਾ ਵਿਧਾਇਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਹੋ ਸਕਦੀ ਹੈ ਅਤੇ ਸੰਭਾਵੀ ਟਿਕਟਾਂ ਵਿੱਚ ਬਦਲਾਅ ਬਾਰੇ ਚਰਚਾ ਹੋ ਸਕਦੀ ਹੈ।

ਨਵੇਂ ਇੰਚਾਰਜਾਂ ਰਾਹੀਂ, ਪਾਰਟੀ ਹਲਕਿਆਂ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਸਥਾਨਕ ਲੀਡਰਸ਼ਿਪ ਵਿਕਸਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਹਾਲਾਂਕਿ, ਹਲਕਾ ਇੰਚਾਰਜ ਦੀ ਨਿਯੁਕਤੀ ਟਿਕਟ ਦੀ ਗਰੰਟੀ ਨਹੀਂ ਦਿੰਦੀ। ਅੰਤਿਮ ਫੈਸਲਾ ਪਾਰਟੀ ਲੀਡਰਸ਼ਿਪ ਵੱਲੋਂ ਲਿਆ ਜਾਵੇਗਾ।

ਪੰਜਾਬ

ਕੈਬਨਿਟ ਮੰਤਰੀ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਵੱਖ-ਵੱਖ ਖੇਤਰਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

ਲੁਧਿਆਣਾ: ਪੰਜਾਬ ਦੇ ਕੈਬਨਿਟ ਮੰਤਰੀ ਅਤੇ ਖੰਨਾ ਤੋਂ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਆਪਣੇ ਗ੍ਰਹਿ ਵਿਖੇ ਇੱਕ ਜਨ ਸਭਾ ਪ੍ਰੋਗਰਾਮ ਦੌਰਾਨ ਵੱਖ-ਵੱਖ ਖੇਤਰਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਸੁਣੀਆਂ। ਇਸ ਮੌਕੇ ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇ ਅਤੇ ਸ਼ਿਕਾਇਤਾਂ ’ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ।

ਜਨ ਸਭਾ ਦੌਰਾਨ ਲੋਕਾਂ ਨੇ ਆਪਣੇ-ਆਪਣੇ ਖੇਤਰਾਂ ਨਾਲ ਸਬੰਧਤ ਵੱਖ-ਵੱਖ ਲੋਕ ਹਿੱਤ ਮੁੱਦਿਆਂ ਨੂੰ ਕੈਬਨਿਟ ਮੰਤਰੀ ਅੱਗੇ ਪੇਸ਼ ਕੀਤਾ। ਮੰਤਰੀ ਸੌਂਦ ਨੇ ਹਰੇਕ ਵਿਅਕਤੀ ਦੀ ਗੱਲ ਧਿਆਨ ਨਾਲ ਸੁਣੀ ਅਤੇ ਭਰੋਸਾ ਦਿਵਾਇਆ ਕਿ ਸਬੰਧਤ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤਾਂ ਦਿੱਤੀਆਂ ਕਿ ਲੋਕਾਂ ਵੱਲੋਂ ਦਿੱਤੀਆਂ ਜਾ ਰਹੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਉਨ੍ਹਾਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਿਕਾਇਤ ਵਿੱਚ ਬੇਲੋੜੀ ਦੇਰੀ ਨਹੀਂ ਹੋਣੀ ਚਾਹੀਦੀ ਅਤੇ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ।

ਇਸ ਮੌਕੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਲੋਕ ਮਿਲਨੀ ਵਰਗੇ ਪ੍ਰੋਗਰਾਮਾਂ ਰਾਹੀਂ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਸਿੱਧੇ ਸਰਕਾਰੀ ਨੁਮਾਇੰਦਿਆਂ ਕੋਲ ਦੱਸਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਅਤੇ ਪ੍ਰਸ਼ਾਸਨ ਦਰਮਿਆਨ ਬਿਹਤਰ ਤਾਲਮੇਲ ਨਾਲ ਸਮੱਸਿਆਵਾਂ ਦਾ ਹੱਲ ਆਸਾਨ ਅਤੇ ਪ੍ਰਭਾਵਸ਼ਾਲੀ ਹੋ ਜਾਂਦਾ ਹੈ। ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਯਤਨਸ਼ੀਲ ਹੈ।

ਆਪ ਨੇ ਖਿੱਚੀ 2027 ਦੀਆਂ ਚੋਣਾਂ ਦੀ ਤਿਆਰੀ, ਕੱਲ੍ਹ ਜਾਰੀ ਹੋਵੇਗੀ ਆਪ ਉਮੀਦਵਾਰਾਂ ਦੀ ਪਹਿਲੀ ਲਿਸਟ..!

ਖੇਤੀ

ਪੀਐਮ ਮੋਦੀ ਅੱਜ ਜਾਰੀ ਕਰਨਗੇ 24ਵੀਂ ਕਿਸ਼ਤ, ਖਾਤੇ 'ਚ ਪੈਸੇ ਆਏ ਜਾਂ ਨਹੀਂ? ਇਦਾਂ ਕਰੋ ਚੈੱਕ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ, ਸ਼ੁੱਕਰਵਾਰ, 30 ਅਕਤੂਬਰ ਨੂੰ ਪੀਐਮ ਕਿਸਾਨ ਦੀ 24ਵੀਂ ਕਿਸ਼ਤ ਜਾਰੀ ਕਰ ਰਹੇ ਹਨ। ਤਾਂ, ਆਓ ਜਾਣਦੇ ਹਾਂ ਕਿ ਕਿਸ਼ਤ ਆਉਣ 'ਤੇ ਸਟੇਟਸ ਕਿਵੇਂ ਚੈੱਕ ਕਰ ਸਕਦੇ।

ਅੱਜ ਪ੍ਰਧਾਨ ਮੰਤਰੀ ਕਿਸਾਨ ਯੋਜਨਾ ਦੀ 24ਵੀਂ ਕਿਸ਼ਤ ਦੀ ਉਡੀਕ ਕਰ ਰਹੇ ਕਿਸਾਨਾਂ ਲਈ ਬਹੁਤ ਖਾਸ ਦਿਨ ਹੈ। ਅੱਜ, 30 ਅਕਤੂਬਰ, 2026 ਨੂੰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਗੁਜਰਾਤ ਦੇ ਬਨਾਸਕਾਂਠਾ ਤੋਂ ਇਸ ਯੋਜਨਾ ਦੀ ਅਗਲੀ ਕਿਸ਼ਤ ਜਾਰੀ ਕਰਨਗੇ।